ਸੂਚਨਾ

ਸਮੂਹ ਪਾਠਕਾਂ, ਏਜੰਟ ਸਾਹਿਬਾਨ ਅਤੇ ਇਸ਼ਤਿਹਾਰੀ ਏਜੰਸੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੋਜ਼ਾਨਾ 'ਆਜ਼ਾਦ ਸੋਚ' ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਲੋਂ ਕੋਰਟ ਨੋਟਿਸਾਂ ਨੂੰ ਪ੍ਰਕਾਸ਼ਿਤ ਕਰਨ ਲਈ ਪੰਜਾਬ ਦੇ ਨਾਲ ਨਾਲ ਹੁਣ ਹਰਿਆਣਾ ਸੂਬੇ ਦੀਆਂ ਅਦਾਲਤਾਂ ਲਈ ਵੀ ਮਾਨਤਾ ਪ੍ਰਾਪਤ ਹੋ ਚੁੱਕਿਆ ਹੈ। ਹਰਿਆਣਾ ਸੂਬੇ ਦੀਆਂ ਅਦਾਲਤਾਂ ਵਿਚੋਂ ਜਾਰੀ ਕੋਰਟ ਨੋਟਿਸ ਪ੍ਰਕਾਸ਼ਿਤ ਕਰਵਾਉਣ ਲਈ ਸਾਡੇ ਹੇਠ ਲਿਖੇ ਪ੍ਰਤੀਨਿੱਧ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

ਰਾਕੇਸ਼ ਰੋਇਲ (ਇਸ਼ਤਿਹਾਰ ਮੈਨੇਜਰ)
ਮੋ: 86995-69067

ਹਰ ਖ਼ਬਰ ਤੱਕ ਪਹੁੰਚ, ਪੜ੍ਹੋ ਰੋਜ਼ਾਨਾ ਆਜ਼ਾਦ ਸੋਚ

ਆਜ਼ਾਦ ਸੋਚ ™

www.facebook.com/Azadsoch
www.youtube.com/AzadSoch

Postal No. PB/PTA/ (055) 2023-25
R.N.I N O. 61549/92
Website : www.azadsoch.in
Mail Us at : azadsoach92@gmail.com
(ਕੇਵਲ ਖ਼ਬਰਾਂ ਲਈ)
azadsochadvt@gmail.com
(ਕੇਵਲ ਇਸ਼ਤਿਹਾਰਾਂ ਲਈ)

ਸਾਲ (Year) 33 | ਅੰਕ (Vol.) 269 | ਮੁੱਲ (Rate) 2.00 ਰੁਪਏ | ਸੰਗਰੂਰ ਤੋਂ ਪ੍ਰਕਾਸ਼ਿਤ Friday 4 October, 2024 | ਸ਼ੁੱਕਰਵਾਰ 4 ਅਕਤੂਬਰ , 2024

ਮੁੱਖ ਸੰਪਾਦਕ : ਸੁਰਿੰਦਰ ਕੁਮਾਰ 93566-05100, ਅਨਿਲ ਕੁਮਾਰ ਗਰਗ : 9317755000 ਡਾਕ ਪਤਾ : ਸਾਹਮਣੇ ਸਰਕਾਰੀ ਹਾਈ ਸਕੂਲ ਪਟਿਆਲਾ ਕੈਂਟ, ਨੇੜੇ 24 ਨੰ: ਫਾਟਕ ,ਧਾਮੋ ਮਾਜਰਾ ਰੋਡ ਪਟਿਆਲਾ

ਮੁੱਖ ਮੰਤਰੀ ਵੱਲੋਂ ਪਿੰਡ ਵਾਸੀਆਂ ਨੂੰ ਵਿਕਾਸ ਲਈ ਪੰਚਾਇਤਾਂ ਦੀ ਚੋਣ ਸਰਬਸੰਮਤੀ ਨਾਲ ਕਰਨ ਦੀ ਅਪੀਲ

• ਸਰਕਾਰ ਵੱਲੋਂ ਸਰਬਸੰਮਤੀ ਵਾਲੇ ਪਿੰਡਾਂ ਨੂੰ ਵੱਧ ਫੰਡ ਦੇਣ ਦੀ ਗੱਲ ਦੁਹਰਾਈ • ਪੰਚਾਇਤੀ ਚੋਣਾਂ ਵਿੱਚ ਪੈਸੇ ਅਤੇ ਤਾਕਤ ਦੀ ਵਰਤੋਂ ਕਰਨ ਵਾਲਿਆਂ ਨੂੰ ਨਕਾਰਨ ਲੋਕ ਮੁੱਖ ਮੰਤਰੀ • ਆਪਣੇ ਜੱਦੀ ਪਿੰਡ ਵਿੱਚ ਲੋਕਾਂ ਨਾਲ ਕੀਤੀ ਗੱਲਬਾਤ • ਪੰਜਾਬ ਦੇ ਹਿੱਤਾਂ ਵਿਰੁੱਧ ਕੋਈ ਵੀ ਕੇਂਦਰੀ ਕਾਨੂੰਨ ਸੂਬੇ ਵਿੱਚ ਲਾਗੂ ਨਹੀਂ ਕੀਤਾ ਜਾਵੇਗਾ

ਆਜ਼ਾਦ ਸੋਚ ਬਿਊਰੋ
ਸਤੋਜ (ਸੰਗਰੂਰ), 3 ਅਕਤੂਬਰ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਲੋਕਾਂ ਨੂੰ ਆਗਾਮੀ ਪੰਚਾਇਤੀ ਚੋਣਾਂ ਦੌਰਾਨ ਪੈਸੇ ਅਤੇ ਤਾਕਤ ਦੀ ਵਰਤੋਂ ਕਰਨ ਵਾਲਿਆਂ ਨੂੰ ਪੂਰੀ ਤਰ੍ਹਾਂ ਨਕਾਰਨ ਦਾ ਸੱਦਾ ਦਿੱਤਾ ਹੈ।

ਆਪਣੇ ਪਿੰਡ ਦੇ ਦੌਰੇ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਚਾਇਤੀ ਚੋਣਾਂ ਦੇਸ ਵਿੱਚ ਜਮਹੂਰੀ ਪ੍ਰਣਾਲੀ ਦਾ ਆਧਾਰ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਚੋਣਾਂ ਦਾ ਮਕਸਦ ਲੋਕਾਂ ਨੂੰ ਜਮੀਨੀ ਪੱਧਰ 'ਤੇ ਲੋਕਤੰਤਰ ਦਾ ਹਿੱਸਾ ਬਣਾਉਣਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇਨ੍ਹਾਂ ਚੋਣਾਂ ਨੂੰ ਆਜਾਦ, ਨਿਰਪੱਖ ਅਤੇ ਸਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਵਚਨਬੱਧ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਲੋਕ ਪੰਚਾਇਤਾਂ ਵਿੱਚ ਚੁਣੇ ਜਾਣ ਵਾਲੇ ਉਮੀਦਵਾਰਾਂ ਬਾਰੇ ਸਰਬਸੰਮਤੀ ਬਣਾਉਣ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਨ੍ਹਾਂ ਚੋਣਾਂ ਵਿੱਚ ਪੈਸੇ ਅਤੇ ਤਾਕਤ ਦੀ ਵਰਤੋਂ ਤੋਂ ਗੁਰੇਜ ਕਰਨਾ ਚਾਹੀਦਾ ਹੈ ਤਾਂ ਜੋ ਉਹ ਜਮਹੂਰੀ ਪ੍ਰਕਿਰਿਆ ਦਾ ਅਨਿੱਖੜਵਾਂ ਅੰਗ ਬਣਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸੂਬੇ ਭਰ ਦੇ ਪਿੰਡਾਂ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਉਨ੍ਹਾਂ ਵਿੱਚ ਭਾਈਚਾਰਕ ਸਾਂਝ ਅਤੇ ਫਿਰਕੂ ਸਦਭਾਵਨਾ ਮਜਬੂਤ ਕਰਨ ਵਿੱਚ ਸਹਾਈ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਪੰਚਾਇਤੀ ਚੋਣਾਂ ਬਿਨਾਂ ਪਾਰਟੀ ਚੋਣ ਨਿਸਾਨਾਂ ਤੋਂ ਲੜੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਪਿੰਡਾਂ ਵਿੱਚੋਂ ਧੜੇਬੰਦੀ ਖਤਮ ਹੋਵੇਗੀ ਅਤੇ ਪੇਂਡੂ ਖੇਤਰ ਦਾ ਸਰਵਪੱਖੀ ਵਿਕਾਸ ਯਕੀਨੀ ਬਣੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਵਡੇਰੇ ਲੋਕ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਉਮੀਦਵਾਰਾਂ ਨੂੰ ਪਾਰਟੀ ਦੇ ਚੋਣ ਨਿਸਾਨਾਂ 'ਤੇ ਚੋਣ ਲੜਨ ਤੋਂ ਰੋਕਣ ਦਾ ਵੱਡਾ ਫੈਸਲਾ ਲਿਆ ਹੈ।

ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਜਿਹੜਾ ਵੀ ਪਿੰਡ ਸਰਬਸੰਮਤੀ ਨਾਲ ਪੰਚਾਇਤਾਂ ਦੀ ਚੋਣ ਕਰੇਗਾ, ਉਸ ਪਿੰਡ ਨੂੰ ਸਟੇਡੀਅਮ, ਸਕੂਲ ਜਾਂ ਹਸਪਤਾਲ ਸਮੇਤ ਪੰਜ ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇਗੀ। ਉਨ੍ਹਾਂ ਪਿੰਡ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਪੰਚਾਇਤ ਸਰਬਸੰਮਤੀ ਨਾਲ ਚੁਣ ਕੇ ਸੂਬੇ ਵਿੱਚ ਮਿਸਾਲ ਕਾਇਮ ਕਰਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਆਪਣੇ ਜੱਦੀ ਪਿੰਡ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਗੇ ਵੀ ਪਿੰਡ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੋਵੇਗੀ ਅਤੇ ਇਹ ਸੂਬੇ ਦਾ ਮਾਡਲ ਪਿੰਡ ਬਣ ਕੇ ਉਭਰੇਗਾ।ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਚਾਇਤੀ ਰਾਜ ਪ੍ਰਣਾਲੀ ਨੂੰ ਮਜਬੂਤ ਕਰਨਾ ਚਾਹੁੰਦੀ ਹੈ, ਜਿਸ ਲਈ ਸੂਝਵਾਨ ਅਤੇ ਇਮਾਨਦਾਰ ਲੋਕਾਂ ਦੀ ਚੋਣ ਕੀਤੀ ਜਾਣੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਉਮੀਦ ਜਾਹਰ ਕੀਤੀ ਕਿ ਸੂਬਾ ਸਰਕਾਰ ਦੇ ਇਨ੍ਹਾਂ ਯਤਨਾਂ ਦੇ ਵਧੀਆ ਨਤੀਜੇ ਸਾਹਮਣੇ ਆਉਣਗੇ ਅਤੇ ਲੋਕਾਂ ਨੂੰ ਇਸ ਦਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਸੂਬੇ ਭਰ ਦੇ ਪਿੰਡਾਂ ਨੂੰ ਵਿਕਾਸ ਲਈ ਵੱਧ ਤੋਂ ਵੱਧ ਫੰਡ ਦੇ ਕੇ ਨਵਾਂ ਰੂਪ ਦਿੱਤਾ ਜਾਵੇਗਾ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਗਰੀਬੀ ਸਿਰਫ ਲੀਡਰਾਂ ਦੇ ਬੋਲਾਂ ਨਾਲ ਖਤਮ ਨਹੀਂ ਹੋਵੇਗੀ, ਸਗੋਂ ਆਮ ਆਦਮੀ ਦੇ ਸਕਤੀਕਰਨ ਨਾਲ ਹੀ ਇਸ ਨੂੰ ਖਤਮ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਹੀ ਉਹ ਕੁੰਜੀ ਹੈ, ਜੋ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕ ਕੇ ਗਰੀਬੀ ਤੋਂ ਬਾਹਰ ਕੱਢ ਸਕਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਰੋਜਗਾਰ ਦੇ ਕੇ ਉਨ੍ਹਾਂ ਦੇ ਸਕਤੀਕਰਨ ਲਈ ਅਣਥੱਕ ਯਤਨ ਕਰ ਰਹੀ ਹੈ ਅਤੇ ਹੁਣ ਤੱਕ 44000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਚਾਇਤਾਂ ਜਮਹੂਰੀ ਪ੍ਰਣਾਲੀ ਦੀ ਨੀਂਹ ਹਨ ਅਤੇ ਇਸ ਨੂੰ ਹਰ ਤਰ੍ਹਾਂ ਨਾਲ ਮਜਬੂਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਰਪੰਚਾਂ ਦੀ ਚੋਣ ਪਿੰਡਾਂ ਲਈ ਹੋਣੀ ਚਾਹੀਦੀ ਹੈ, ਨਾ ਕਿ ਕਿਸੇ ਸਿਆਸੀ ਪਾਰਟੀ ਜਾਂ ਧੜੇ ਲਈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇਹ ਯਕੀਨੀ ਬਣਾਉਣਾ ਚਾਹੁੰਦੀ ਹੈ ਕਿ ਪੰਚਾਇਤਾਂ ਪਿੰਡਾਂ ਦੇ ਵਿਕਾਸ ਅਤੇ ਲੋਕਾਂ ਦੀ ਖੁਸਹਾਲੀ ਲਈ ਪ੍ਰੇਰਕ ਵਜੋਂ ਕੰਮ ਕਰਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਕਈ ਪਿੰਡਾਂ ਵਿੱਚ ਪਹਿਲਾਂ ਹੀ ਸਰਬਸੰਮਤੀ ਨਾਲ ਪੰਚਾਇਤਾਂ ਚੁਣੀਆਂ ਗਈਆਂ ਹਨ ਅਤੇ ਹੋਰ ਪਿੰਡਾਂ ਵਿੱਚ ਵੀ ਇਸ ਅਮਲ ਨੂੰ ਦੁਹਰਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਚਾਇਤਾਂ ਸਿਹਤਮੰਦ ਲੋਕਤੰਤਰ ਦੀ ਨੀਂਹ ਹਨ ਅਤੇ ਸੂਬਾ ਸਰਕਾਰ ਸਾਂਤੀਪੂਰਵਕ ਚੋਣਾਂ ਕਰਵਾਉਣ ਲਈ ਹਰ ਹੀਲਾ ਵਰਤੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੀ ਮੁਕੰਮਲ ਕਾਇਆ-ਕਲਪ ਕਰਨ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਕੰਮ ਤੋਂ ਵਾਂਝੇ ਕਰਨ ਵਾਲਾ ਕੋਈ ਵੀ ਕੇਂਦਰੀ ਕਾਨੂੰਨ ਸੂਬੇ ਵਿੱਚ ਲਾਗੂ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਲੋਕਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਇਸ ਲਈ ਹਰ ਚਾਰਾਜੋਈ ਕੀਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਕਿਸੇ ਨੂੰ ਵੀ ਸੂਬੇ ਅਤੇ ਇੱਥੋਂ ਦੇ ਲੋਕਾਂ ਦੇ ਹਿੱਤਾਂ ਨਾਲ ਖਿਲਵਾੜ ਨਹੀਂ ਕਰਨ ਦੇਵੇਗੀ।

ਕਿਸਾਨਾਂ ਦੀ ਆਮਦਨ ਵਧਾਉਣ ਲਈ ਕੇਂਦਰ ਨੇ ਖੋਲ੍ਹਿਆ ਖਜ਼ਾਨਾ, ਮੰਤਰੀ ਮੰਡਲ ਨੇ ਦੋ ਵੱਡੀਆਂ ਯੋਜਨਾਵਾਂ ਨੂੰ ਦਿੱਤੀ ਮਨਜ਼ੂਰੀ

ਨਵੀਂ ਦਿੱਲੀ, 3 ਅਕਤੂਬਰ (ਆਜ਼ਾਦ ਸੋਚ ਬਿਊਰੋ): ਹਰਿਆਣਾ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕੇਂਦਰ ਸਰਕਾਰ ਨੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਵੱਡਾ ਫੈਸਲਾ ਲਿਆ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਹੋਈ ਕੈਬਨਿਟ ਮੀਟਿੰਗ ਵਿੱਚ ਦੋ ਨਵੀਆਂ ਯੋਜਨਾਵਾਂ ਨੂੰ ਪ੍ਰਵਾਨਗੀ ਦਿੱਤੀ ਗਈ। ਪਹਿਲੀ ਹੈ ਪ੍ਰਧਾਨ ਮੰਤਰੀ ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ ਅਤੇ ਦੂਜੀ ਹੈ ਕ੍ਰਿਸ਼ੀ ਉਨਤੀ ਯੋਜਨਾ। ਸਰਕਾਰ ਇਸ 'ਤੇ 1 ਲੱਖ 1321 ਕਰੋੜ ਰੁਪਏ ਖਰਚ ਕਰੇਗੀ।

ਇਸ ਤੋਂ ਇਲਾਵਾ ਹੋਰ ਵੀ ਕਈ ਵੱਡੇ ਫੈਸਲੇ ਲਏ ਗਏ ਹਨ, ਜਿਨ੍ਹਾਂ ਦਾ ਕਿਸਾਨਾਂ ਨੂੰ ਫਾਇਦਾ ਹੋਣ ਵਾਲਾ ਹੈ। ਖਾਣ ਵਾਲੇ ਤੇਲ 'ਤੇ ਰਾਸ਼ਟਰੀ ਮਿਸ਼ਨ ਨੂੰ ਵੀ ਮਨਜ਼ੂਰੀ ਦਿੱਤੀ ਗਈ ਹੈ। ਇਸ 'ਤੇ 10 ਹਜ਼ਾਰ 103 ਕਰੋੜ ਰੁਪਏ ਖਰਚ ਕੀਤੇ ਜਾਣਗੇ। ਸਰਕਾਰ ਨੇ ਖਾਣ ਵਾਲੇ ਤੇਲ ਲਈ ਰਾਸ਼ਟਰੀ ਮਿਸ਼ਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਨਾਲ ਖਾਣ ਵਾਲੇ ਤੇਲਾਂ ਦੀ ਉਤਪਾਦਕਤਾ ਵਧਾਉਣ 'ਤੇ ਜ਼ੋਰ ਦਿੱਤਾ ਜਾਵੇਗਾ। ਸਰਕਾਰ ਦਾ ਟੀਚਾ 2031 ਤੱਕ ਖਾਣ ਵਾਲੇ ਤੇਲ ਦੇ ਉਤਪਾਦਨ ਨੂੰ 20.2 ਮਿਲੀਅਨ ਟਨ ਤੱਕ ਵਧਾਉਣ ਦਾ ਹੈ।ਸ਼ਹਿਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਲੈ ਕੇ ਵੀ ਅਹਿਮ ਫੈਸਲਾ ਲਿਆ ਗਿਆ ਹੈ। ਸਰਕਾਰ ਨੇ ਚੇਨਈ ਮੈਟਰੋ ਦੇ ਦੂਜੇ ਪੜਾਅ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ 'ਤੇ 63,246 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਸ ਦੀ ਕੁੱਲ ਲੰਬਾਈ 119 ਕਿਲੋਮੀਟਰ ਹੋਵੇਗੀ ਅਤੇ 120 ਸਟੇਸ਼ਨ ਹੋਣਗੇ। ਇਸ ਤੋਂ ਇਲਾਵਾ ਤਿੰਨ ਨਵੇਂ ਗਲਿਆਰਿਆਂ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਹ ਵੀ ਫੈਸਲਾ ਕੀਤਾ ਗਿਆ ਕਿ ਭਾਰਤ ਊਰਜਾ ਕੁਸ਼ਲਤਾ ਹੱਬ ਦਾ ਮੈਂਬਰ ਬਣੇਗਾ। ਕਲਾਸੀਕਲ ਭਾਸ਼ਾ ਵਿੱਚ ਪੰਜ ਹੋਰ ਭਾਸ਼ਾਵਾਂ ਸ਼ਾਮਲ ਕੀਤੀਆਂ ਗਈਆਂ ਹਨ।

ਵੋਟਿੰਗ ਤੋਂ 2 ਦਿਨ ਪਹਿਲਾਂ ਹਰਿਆਣਾ 'ਚ ਵੱਡਾ ਉਲਟਫੇਰ, ਭਾਜਪਾ ਛੱਡ ਕੇ ਕਾਂਗਰਸ 'ਚ ਸ਼ਾਮਲ ਹੋਏ ਅਸ਼ੋਕ ਤੰਵਰ

ਆਜ਼ਾਦ ਸੋਚ ਬਿਊਰੋ
ਚੰਡੀਗੜ੍ਹ , 3 ਅਕਤੂਬਰ

ਹਰਿਆਣਾ ਵਿਧਾਨ ਸਭਾ ਚੋਣਾਂ 2024 ਦੌਰਾਨ ਭਾਜਪਾ ਨੂੰ ਵੱਡਾ ਝਟਕਾ ਲੱਗਾ ਹੈ। ਅਸ਼ੋਕ ਤੰਵਰ ਪਾਰਟੀ ਛੱਡ ਕੇ ਮੁੜ ਕਾਂਗਰਸ ਵਿੱਚ ਸ਼ਾਮਲ ਹੋ ਗਏ ਹਨ।

ਅਸ਼ੋਕ ਤੰਵਰ ਹਰਿਆਣਾ ਕਾਂਗਰਸ ਦੇ ਪਹਿਲੇ ਪ੍ਰਧਾਨ ਸਨ। ਇਸ ਤੋਂ ਬਾਅਦ ਰਾਹੁਲ ਗਾਂਧੀ ਅਤੇ ਭੂਪੇਂਦਰ ਸਿੰਘ ਹੁੱਡਾ 'ਤੇ ਦੋਸ਼ ਲਾਉਂਦੇ ਹੋਏ ਤ੍ਰਿਣਮੂਲ ਕਾਂਗਰਸ 'ਚ ਸ਼ਾਮਲ ਹੋ ਗਏ। ਫਿਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਸਨ।

ਉਸ ਤੋਂ ਬਾਅਦ ਇਹ ਭਾਜਪਾ ਦਾ ਪੱਲਾ ਫੜਿਆ ਸੀ। ਲੋਕ ਸਭਾ ਚੋਣਾਂ 2024 'ਚ ਉਨ੍ਹਾਂ ਨੇ ਸਿਰਸਾ ਤੋਂ ਭਾਜਪਾ ਦੀ ਟਿਕਟ 'ਤੇ ਕੁਮਾਰੀ ਸ਼ੈਲਜਾ ਖਿਲਾਫ਼ ਚੋਣ ਲੜੀ। ਹਾਲਾਂਕਿ ਉਸ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ ਸੀ।

5 ਅਕਤੂਬਰ ਨੂੰ ਹਰਿਆਣਾ ਦੀਆਂ ਸਾਰੀਆਂ 90 ਸੀਟਾਂ 'ਤੇ ਇੱਕੋ ਸਮੇਂ ਵੋਟਿੰਗ ਹੋਵੇਗੀ। ਵੋਟਿੰਗ ਤੋਂ ਦੋ ਦਿਨ ਪਹਿਲਾਂ ਅਸ਼ੋਕ ਤੰਵਰ ਦੇ ਕਾਂਗਰਸ 'ਚ ਸ਼ਾਮਲ ਹੋਣ ਨਾਲ ਭਾਜਪਾ ਨੂੰ ਵੱਡਾ ਝਟਕਾ ਲੱਗਾ ਹੈ।

ਤੁਹਾਨੂੰ ਦੱਸ ਦੇਈਏ ਕਿ ਅੱਜ ਸੂਬੇ ਵਿੱਚ ਪ੍ਰਚਾਰ ਦਾ ਆਖਰੀ ਮੌਕਾ ਹੈ। ਅੱਜ ਸ਼ਾਮ 6 ਵਜੇ ਤੋਂ ਬਾਅਦ ਇਹ ਮੁਹਿਮ ਬੰਦ ਹੋ ਜਾਵੇਗੀ। ਸੂਬੇ 'ਚ 5 ਅਕਤੂਬਰ ਨੂੰ ਵੋਟਾਂ ਪੈਣਗੀਆਂ ਅਤੇ 8 ਅਕਤੂਬਰ ਨੂੰ ਵੋਟਾਂ ਦੀ ਗਿਣਤੀ ਹੋਵੇਗੀ।

ਬਿਜ਼ਨਸ ਬਲਾਸਟਰ ਪ੍ਰੋਗਰਾਮ ਲਈ ਸਰਕਾਰੀ ਸਕੂਲਾਂ ਦੇ 1.38 ਲੱਖ ਤੋਂ ਵੱਧ ਵਿਦਿਆਰਥੀ ਰਜਿਸਟਰਡ: ਬੈਂਸ

ਚੰਡੀਗੜ੍ਹ, 3 ਅਕਤੂਬਰ (ਪ.ਪ.): ਪੰਜਾਬ ਸਰਕਾਰ ਦੇ ਬਿਜ਼ਨਸ ਬਲਾਸਟਰਜ਼ ਪ੍ਰੋਗਰਾਮ ਨੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵਿਚ ਬਹੁਤ ਮਕਬੂਲ ਹੋਈ ਹੈ। ਇਸ ਗੱਲ ਦਾ ਪ੍ਰਗਟਾਵਾ ਕਰਦਿਆਂ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਵੀਰਵਾਰ ਨੂੰ ਦੱਸਿਆ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨਵੰਬਰ 2022 ਵਿੱਚ ਯੰਗ ਐਂਟਰਪ੍ਰੀਨਿਓਰ ਪ੍ਰੋਗਰਾਮ ਸਕੀਮ ਤਹਿਤ ਸਕੂਲ ਸਿੱਖਿਆ ਵਿਭਾਗ, ਪੰਜਾਬ ਰਾਹੀਂ ਬਿਜ਼ਨਸ ਬਲਾਸਟਰ ਪ੍ਰੋਗਰਾਮ ਸ਼ੁਰੂ ਕੀਤਾ ਸੀ।ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਵਲੋਂ ਪੇਸ਼ ਕੀਤੇ ਗਏ ਬਿਜ਼ਨਸ ਆਈਡੀਜ਼ ਦਾ ਵਿਸ਼ਲੇਸ਼ਣ ਕੀਤਾ ਗਿਆ ਜਿਨ੍ਹਾਂ ਵਿਚੋਂ 52,050 ਵਿਦਿਆਰਥੀਆਂ (ਜੋ ਕਿ ਹੁਣ 12 ਵੀਂ ਜਮਾਤ ਵਿੱਚ ਹਨ), ਵੱਖ-ਵੱਖ ਵਪਾਰਕ ਵਿਚਾਰਾਂ 'ਤੇ ਕੰਮ ਕਰ ਰਹੇ ਹਨ, ਨੂੰ ਸੀਡ ਮਨੀ ਦੀ ਵੰਡ ਲਈ ਸ਼ਾਰਟਲਿਸਟ ਕੀਤਾ ਗਿਆ ਹੈ।

ਸਿੱਖਿਆ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਇਹ ਯਕੀਨੀ ਬਣਾਉਣ ਲਈ ਕਿ ਹਰ ਇੱਕ ਯੋਗ ਵਿਦਿਆਰਥੀਆਂ ਆਪਣੇ ਵਪਾਰਕ ਵਿਚਾਰ 'ਤੇ ਕੰਮ ਕਰ ਸਕੇ ਅਤੇ ਉਨ੍ਹਾਂ ਦੇ ਉੱਦਮੀ ਸਫ਼ਰ ਦੀ ਸ਼ੁਰੂਆਤ ਕਰਨ ਲਈ ਹਰ ਤਰ੍ਹਾਂ ਦੀ ਲੋੜੀਂਦੀ ਸਹਾਇਤਾ ਮਿਲ ਸਕੇ ਲਈ ਲੋੜੀਂਦੀ ਸੀਡ ਮਨੀ ਦੀ ਰਾਸ਼ੀ 10, ਕਰੋੜ 41,ਲੱਖ ਰੁਪਏ ਦੀ ਜਾਰੀ ਕੀਤੀ ਗਈ ਹੈ। 1 ਅਕਤੂਬਰ 2024 ਤੱਕ, 9,38,20,000 ਦੀ ਸੀਡ ਮਨੀ 46,910 ਵਿਦਿਆਰਥੀਆਂ ਦੇ ਬੈਂਕ ਖਾਤਿਆਂ ਵਿੱਚ ਜਮ ?ਹਾਂ ਕੀਤੀ ਜਾ ਚੁੱਕੀ ਹੈ ਅ

ਹਰਿਆਣਾ : ਸੂਬੇ 'ਚ ਝੋਨੇ ਦੀ ਖਰੀਦ ਸੁਚਾਰੂ ਰੂਪ ਨਾਲ ਜਾਰੀ

• ਕਿਸਾਨਾਂ ਦੀ ਸਹੂਲੀਅਤ ਲਈ ਵਿਭਾਗ ਮੁਸਤੈਦ • 15 ਨਵੰਬਰ ਤਕ ਹੋਵੇਗੀ ਖਰੀਫ ਫਸਲਾਂ ਦੀ ਖਰੀਦ • 4.82 ਕਰੋੜ ਰੁਪਏ ਸਿੱਧੇ ਕਿਸਾਨਾਂ ਦੇ ਬੈਂਕ ਖਾਤਿਆਂ ਵਿਚ ਪਹੁੰਚੇ

ਆਜ਼ਾਦ ਸੋਚ ਬਿਊਰੋ
ਚੰਡੀਗੜ੍ਹ, 3 ਅਕਤੂਬਰ

ਹਰਿਆਣਾ ਦੇ ਖੁਰਾਕ ਅਤੇ ਸਪਲਾਈ ਵਿਭਾਗ ਨੇ ਸੂਬੇ ਵਿਚ ਖਰੀਫ ਫਸਲਾਂ ਦੀ ਖਰੀਦ ਪ੍ਰਕ੍ਰਿਆ ਸੁਚਾਰੂ ਰੂਪ ਨਾਲ ਚਲਾਉਣ ਲਈ ਵਿਆਪਕ ਪ੍ਰਬੰਧ ਯਕੀਨੀ ਕੀਤੇ ਹਨ। ਝੋਨੇ ਦੀ ਸਰਕਾਰੀ ਖਰੀਦ ਅਤੇ ਉਠਾਨ ਸਮੇਂ 'ਤੇ ਕੀਤਾ ਜਾ ਰਿਹਾ ਹੈ ਕਿਉਂਕਿ ਵਿਕਰੀ ਲਈ ਮੰਡੀ ਵਿਚ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਨਾ ਹੋਵੇ।

ਵਿਭਾਗ ਦੇ ਬੁਲਾਰੇ ਨੇ ਇਸ ਬਾਰੇ ਵਿਚ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਖਰੀਫ ਫਸਲਾਂ ਦੀ ਖਰੀਦ 15 ਨਵੰਬਰ, 2024 ਤਕ ਜਾਰੀ ਰਹੇਗੀ।

ਵਿਭਾਗ ਦੇ ਯਤਨਾਂ ਨਾਲ ਘੱਟੋ ਘੱਟ ਸਹਾਇਕ ਮੂੱਲ (ਐਮਐਸਪੀ) 'ਤੇ ਹੁਣ ਤਕ 95855 ਮੀਟ੍ਰਿਕ ਟਨ ਤੋਂ ਵੱਧ ਝੋਨੇ ਦੀ ਖਰੀਦ ਸਰਕਾਰੀ ਏਜੰਸੀਆਂ ਵੱਲੋਂ ਕੀਤੀ ਜਾ ਚੁੱਕੀ ਹੈ। ਵਿਭਾਗ ਨੇ ਰਾਈਸ ਮਿਲਰਸ ਦੀ ਹੜਤਾਲ ਦੇ ਚਲਦੇ ਵਿਸ਼ੇਸ਼ ਪ੍ਰਬੰਧ ਕੀਤੇ ਹਨ ਤਾਂ ਜੋ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਵੇਚਣ ਵਿਚ ਕਿਸੇ ਤਰ੍ਹਾਂ ਦੀ ਕੋਈ ਮੁਸ਼ਕਲ ਨਾ ਆਵੇ।

ਬੁਲਾਰੇ ਅੁਨਸਾਰ 3 ਅਕਤੂਬਰ ਤਕਰਾਜ ਦੀ ਵੱਖ-ਵੱਖ ਮੰਡੀਆਂ ਵਿਚ ਕੁੱਲ 375876 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ। ਵਿਭਾਗ ਵੱਲੋਂ 17% ਤਕ ਦੀ ਨਮੀ ਵਾਲੀ ਝੋਨੇ ਨੂੰ ਹੀ ਖਰੀਦਣ ਦੇ ਨਿਰਦੇਸ਼ ਦਿੱਤੇ ਹੋਏ ਹਨ। ਆਮਦ ਝੋਨੇ ਵਿੱਚੋਂ 95855 ਮੀਟ੍ਰਿਕ ਟਨ ਝੋਨੇ ਦੀ ਸਰਕਾਰੀ ਏਜੰਸੀਆਂ ਨੇ ਖਰੀਦ ਕਰ ਲਈ ਹੈ ਅਤੇ 10934 ਮੀਟ੍ਰਿਕ ਟਨ ਝੋਨੇ ਦਾ ਉਠਾਨ ਵੀ ਕੀਤਾ ਜਾ ਚੁੱਕਾ ਹੈ। ਉਨ੍ਹਾਂ ਨੇ ਦਸਿਆ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਖਰੀਦੀ ਗਈ ਫਸਲ ਦਾ ਸਮੇਂ 'ਤੇ ਭੁਗਤਾਨ ਵੀ ਯਕੀਨੀ ਕੀਤਾ ਜਾ ਰਿਹਾ ਹੈ ਅਤੇ ਹੁਣ ਤਕ ਕਰੀਬ 9874 ਕਿਸਾਨਾਂ ਦੇ ਬੈਂਕ ਖਾਤੇ ਵਿਚ 4.82 ਕਰੋੜ ਰੁਪਏ ਸਿੱਧੇ ਭੇਜ ਦਿੱਤੇ ਗਏ ਹਨ।

ਫਿਲਹਾਲ ਉਠਾਨ ਕੀਤੇ ਗਏ ਝੋਨੇ ਨੂੰ ਏਜੰਸੀ ਦੇ ਗੋਦਾਮਾਂ, ਪਲਿੰਥਾਂ ਅਤੇ ਹੋਰ ਚੁਨਿੰਦਾ ਸਥਾਨਾਂ ਵਿਚ ਸਟੋਰ ਕੀਤਾ ਗਿਆ ਹੈ।

ਕੁਰੂਕਸ਼ੇਤਰ ਜਿਲ੍ਹਾ ਵਿਚ ਹੋਈ ਝੋਨੇ ਦੀ ਸੱਭ ਤੋਂ ਵੱਧ ਖਰੀਦ : ਵਿਭਾਗ ਦੇ ਬੁਲਾਰੇ ਨੇ ਅੱਗੇ ਦਸਿਆ ਕਿ ਹੁਣ ਤਕ ਖਰੀਦੀ ਗਈ ਕੁੱਲ 95855 ਮੀਟ੍ਰਿਕ ਟਨ ਝੋਨੇ ਵਿੱਚੋਂ ਸੱਭ ਤੋਂ ਵੱਧ ਕੁਰੂਕਸ਼ੇਤਰ ਜਿਲ੍ਹਾ ਵਿਚ 36438 ਮੀਟ੍ਰਿਕ ਟਨ ਤੋਂ ਵੱਧ ਝੋਨੇ ਦੀ ਖਰੀਦ ਹੋਈ ਹੈ। ਇਸ ਤੋਂ ਇਲਾਵਾ, ਯਮੁਨਾਨਗਰ ਜਿਲ੍ਹਾ ਵਿਚ 21628 ਮੀਟ੍ਰਿਕ ਟਨ, ਅੰਬਾਲਾ ਜਿਲ੍ਹਾ ਵਿਚ 24103 ਮੀਟ੍ਰਿਕ ਟਨ, ਕਰਨਾਲ ਜਿਲ੍ਹਾ ਵਿਚ 6923 ਮੀਟ੍ਰਿਕ ਟਨ, ਕੈਥਲ ਜਿਲ੍ਹਾ ਵਿਚ 2123 ਮੀਟ੍ਰਿਕ ਟਨ ਅਤੇ ਪੰਚਕੂਲਾ ਜਿਲ੍ਹਾ ਵਿਚ 4123 ਮੀਟ੍ਰਿਕ ਟਨ ਝੋਨੇ ਦੀ ਖਰੀਦ ਹੋਈ ਹੈ। ਇਸੀ ਤਰ੍ਹਾਂ ਹੋਰ ਜਿਲ੍ਹਿਆਂ ਦੀ ਮੰਡੀਆਂ ਵਿਚ ਵੀ ਆਵੂਣਾ ਵਾਲੇ ਝੋਨੇ ਨੂੰ ਖਰੀਦਿਆ ਜਾ ਰਿਹਾ ਹੈ।

ਬੁਲਾਰੇ ਨੇ ਦਸਿਆ ਕਿ ਸੂਬੇ ਵਿਚ ਖਰੀਫ ਫਸਲਾਂ ਦੀ ਖਰੀਦ ਪ੍ਰਕ੍ਰਿਆ ਸੁਚਾਰੂ ਰੂਪ ਨਾਲ ਚੱਲ ਰਹੀ ਹੈ ਅਤੇ ਇਹ ਪ੍ਰਕ੍ਰਿਆ 15 ਨਵੰਬਰ, 2024 ਤਕ ਜਾਰੀ ਰਹੇਗੀ। ਖਰੀਦ ਦੌਰਾਨ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮਸਿਆ ਨਹੀਂ ਆਉਣ ਦਿੱਤੀ ਜਾਵੇਗੀ।

ਕਿਸਾਨਾਂ ਦੇ ਵੱਧ ਹਿੱਤਾਂ ਦੀ ਰੱਖਿਆ ਲਈ ਵਿਭਾਗ ਪੂਰੀ ਤਰ੍ਹਾ ਪ੍ਰਤੀਬੱਧ ਹੈ ਅਤੇ ਪੂਰੇ ਸੀਜਨ ਵਿਚ ਬਿਨ੍ਹਾਂ ਰੁਕਾਵਟ ਅਤੇ ਕੁਸ਼ਲ ਖਰੀਦ ਪ੍ਰਕ੍ਰਿਆ ਯਕੀਨੀ ਕਰੇਗਾ।

ਗਰੇਵਾਲ ਵਲੋਂ ਲੋਕ ਸਭਾ ਮੈਂਬਰ ਕੰਗਨਾ ਰਨੌਤ ਦੀਆਂ ਬੇਹੂਦਾ ਟਿੱਪਣੀਆਂ ਦੀ ਸਖ਼ਤ ਨਿਖੇਧੀ

ਖੰਨਾ, 3 ਅਕਤੂਬਰ (ਜੇ ਐਸ ਖੰਨਾ):ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਸੁੱਖਮਿੰਦਰਪਾਲ ਸਿੰਘ ਗਰੇਵਾਲ ਨੇ ਮੰਡੀ ਤੋਂ ਭਾਜਪਾ ਦੀ ਲੋਕ ਸਭਾ ਮੈਂਬਰ ਕੰਗਨਾ ਰਨੌਤ ਵੱਲੋਂ ਕੀਤੀਆਂ ਜਾ ਰਹੀਆਂ ਬੇਹੂਦਾ ਟਿੱਪਣੀਆਂ ਦਾ ਸਖਤ ਨੋਟਿਸ ਲੈਂਦੇ ਹੋਏ ਕਿਹਾ ਕਿ "ਮੁਰਦਾ ਬੋਲੇ ਕਫਣ ਪਾੜੇ। ਇਹਨਾਂ

ਸ਼ਬਦਾਂ ਦਾ ਪ੍ਰਗਟਾਵਾ ਕਰਦਿਆ ਭਾਜਪਾ ਦੇ ਸੀਨੀਅਰ ਆਗੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਨਾਲ ਜੋੜ ਕੇ ਉਨ੍ਹਾਂ ਬਾਰੇ ਕੰਗਨਾ ਰਨੌਤ ਨੇ ਜੋ ਗੱਲਤ ਟਿੱਪਣੀਆਂ ਕੀਤੀਆਂ ਹਨ ਉਹ ਬੇਹੱਦ ਮੰਦਭਾਗੀਆਂ ਹਨ। ਭਾਜਪਾ ਦੇ ਕੌਮੀ ਆਗੂ ਗਰੇਵਾਲ ਨੇ ਸਵਾਲ ਕੀਤਾ ਕਿ ਕੰਗਨਾ ਰਨੌਤ ਨੇ ਪੰਜਾਬ ਦੇ ਨੌਜਵਾਨਾਂ ਨੂੰ ਵੀ ਆਪਣੇ ਵਰਗਾ ਹੀ ਸਮਝ ਰੱਖਿਆ ਹੈ। ਗਰੇਵਾਲ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਹਾਈ ਕਮਾਂਡ ਤੋਂ ਇਹ ਵੱਡੀ ਗਲਤੀ ਹੋਈ ਹੈ ਜੇਕਰ ਇਹ ਲੋਕ ਸਭਾ ਟਿਕਟ ਕਿਸੇ ਜਮੀਨੀ ਭਾਜਪਾ ਵਰਕਰ ਨੂੰ ਦਿੱਤੀ ਜਾਂਦੀ ਤਾਂ ਸਾਨੂੰ ਆਹ ਦਿਨ ਦੇਖਣੇ ਨਹੀਂ ਪੈਣੇ ਸਨ। ਭਾਜਪਾ ਆਗੂ ਗਰੇਵਾਲ ਨੇ ਕਿਹਾ ਕਿ ਕੰਗਨਾ ਰਨੌਤ ਨੂੰ ਇਲਾਜ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਇਹ ਆਪਣਾ ਦਿਮਾਗੀ ਤਵਾਜ਼ਨ ਗੁਆ ਚੁੱਕੀ ਹੈ, ਕਿਸੇ ਨੂੰ ਕੰਗਨਾ ਰਨੌਤ ਦੇ ਬਿਆਨਾਂ ਵੱਲ ਖਾਸ ਧਿਆਨ ਦੇਣ ਦੀ ਜਰੂਰਤ ਨਹੀਂ। ਉਹਨਾਂ ਆਖਿਆ ਕਿ ਕੰਗਣਾ ਰਨੌਤ ਹਰ ਵਾਰ ਵਿਵਾਦਤ ਬਿਆਨ ਦੇ ਕੇ ਖਬਰਾਂ ਵਿੱਚ ਰਹਿਣਾ ਚਾਹੁੰਦੀ ਹੈ। ਉਸ ਨੇ ਪਿਛਲੇ ਦਿਨੀਂ ਸਾਬਕਾ ਪ੍ਰਧਾਨ ਮੰਤਰੀ ਲਾਲ ਬਹਾਦੁਰ ਸਾਸ਼ਤਰੀ ਤੇ ਮਹਾਤਮਾ ਗਾਂਧੀ ਬਾਰੇ ਘਟੀਆ ਸ਼ਬਦਾਵਲੀ ਵਰਤੀ ਹੈ। ਉਹਨੂੰ ਪਤਾ ਨਹੀਂ ਲੱਗਦਾ ਕਿ ਉਹ ਕੀ ਬੋਲਦੀ ਹੈ ਜਦਕਿ ਭਾਜਪਾ ਅਨੁਸ਼ਾਸਨ ਵਾਲੀ ਪਾਰਟੀ ਹੈ। ਇਸ ਦਾ ਹਾਈ ਕਮਾਂਡ ਨੂੰ ਨੋਟਿਸ ਲੈਣਾ ਚਾਹੀਦਾ ਹੈ। ਪਹਿਲਾਂ ਉਸਦੇ ਵਿਵਾਦਿਤ ਬਿਆਨ ਤੋਂ ਭਾਜਪਾ ਨੇ ਆਪਣੇ ਆਪ ਨੂੰ ਵੱਖ ਕੀਤਾ ਸੀ। ਹੁਣ ਉਸਨੇ ਪੰਜਾਬ ਦੇ ਨੌਜਵਾਨਾਂ ਬਾਰੇ ਘਟੀਆ ਟਿੱਪਣੀਆਂ ਕੀਤੀਆਂ ਹਨ।

ਦੁਸਾਹਿਰਾ ਗਰਾਊਂਡ ਵਿਖੇ ਕਰਵਾਈ ਜਾ ਰਹੀ ਰਾਮਲੀਲਾ ਦਾ ਬੀਬੀ ਲੌਂਗੀਆ ਵੱਲੋਂ ਉਦਘਾਟਨ

ਖਰੜ, 3 ਅਕਤੂਬਰ (ਜਗਵਿੰਦਰ ਸਿੰਘ): ਸ਼੍ਰੀ ਰਾਮ ਲੀਲ੍ਹਾ ਕਲੱਬ (ਰਜਿ) ਖਰੜ ਦੁਸਾਹਿਰਾ ਗਰਾਊਂਡ ਵੱਲੋਂ ਕਰਵਾਈ ਜਾ ਰਹੀ ਸ਼੍ਰੀ ਰਾਮ ਲੀਲ੍ਹਾ ਦੇ ਦੂਜੇ ਦਿਨ ਦੇ ਮੰਚਨ ਦਾ ਉਦਘਾਟਨ ਕੌਂਸਲ ਪ੍ਰਧਾਨ ਬੀਬੀ ਜਸਪ੍ਰੀਤ ਕੌਰ ਲੌਂਗੀਆ ਵੱਲੋਂ ਕੀਤਾ ਗਿਆ। ਇਸ ਮੌਕੇ ਬੋਲਦਿਆਂ ਉਨਾਂ ਕਿਹਾ ਕਿ ਸਾਨੂੰ ਸ਼੍ਰੀ ਰਾਮ ਚੰਦਰ ਜੀ ਦੇ ਆਦਰਸ਼ਵਾਦੀ ਜੀਵਨ ਅਤੇ ਸਿੱਖਿਆ ਤੋਂ ਆਪਣਾ ਜੀਵਨ ਸਫਲ ਬਣਾਉਣਾ ਚਾਹੀਦਾ ਹੈ। ਸਾਨੂੰ ਆਪਣੇ ਮਾਤਾ ਪਿਤਾ ਦੀ ਆਗਿਆ ਦਾ ਪਾਲਣ ਕਰਦਿਆਂ ਉਨ੍ਹਾਂ ਦੀ ਸੇਵਾ ਕਰਨੀ ਚਾਹੀਦੀ ਹੈ। ਉਨ੍ਹਾਂ ਕਲੱਬ ਦੇ ਉਪਰਾਲੇ ਦੀ ਸਲਾਘਾ ਕਰਦਿਆਂ ਕਲੱਬ ਨੂੰ 31000 ਹਜਾਰ ਰੁਪਏ ਦੀ ਸਹਾਇਤਾ ਵੀ ਭੇਂਟ ਕੀਤੀ । ਕਲੱਬ ਵਲੋਂ ਮੁੱਖ ਮਹਿਨਮਾਨ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸਮਾਜ ਸੇਵੀ ਪਰਮਿੰਦਰ ਸਿੰਘ ਲੌਂਗੀਆ, ਜੀਤ ਸਿੰਘ ਲੌਂਗੀਆ ਅਤੇ ਕਲੱਬ ਦੇ ਅਹੁੱਦੇਦਾਰ ਤੇ ਮੈਂਬਰ ਹਾਜਰ ਸਨ।

ਪੰਚਾਇਤੀ ਚੋਣਾਂ ਲੜਣ ਦੇ ਚਾਹਵਾਨਾਂ ਦੀਆਂ ਨੂੰ ਦਰਪੇਸ਼ ਸਮੱਸਿਆਵਾਂ ਸੁਣਨ ਬੀਡੀਪੀਓ ਦਫਤਰ ਪਹੁੰਚੇ ਕੰਗ

ਆਜ਼ਾਦ ਸੋਚ
ਜਗਵਿੰਦਰ ਸਿੰਘ
ਖਰੜ , 3 ਅਕਤੂਬਰ

ਪੰਚਾਇਤੀ ਚੋਣਾਂ ਦੀਆਂ ਨਾਮਜਾਦਗੀਆਂ ਦਾਖਲ਼ ਕਰਨ ਮੌਕੇ ਉਮੀਦਵਾਰਾਂ ਨੂੰ ਆ ਰਹੀਆਂ ਮੁਸ਼ਕਿਲਾਂ ਜਾਣਨ ਲਈ ਪਹੁੰਚੇ ਸਾਬਕਾ ਮੰਤਰੀ ਜਗਮੋਹਨ ਸਿੰਘ ਕੰਗ ਵੱਲੋਂ ਬੀ.ਡੀ.ਪੀ.ਓ. ਖਰੜ ਬਲਾਕ ਅਤੇ ਹੋਰ ਸੰਬਧਤ ਕਰਮਚਾਰੀਆਂ ਨੂੰ ਮਿਲ ਕੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਹੱਲ ਕਰਨ ਦੀ ਮੰਗ ਕੀਤੀ । ਇਸ ਮੌਕੇ ਕੰਗ ਨੇ ਮੀਡੀਆ ਨੂੰ ਦੱਸਿਆ ਕਿ ਸੂਬੇ ਅੰਦਰ ਪੰਚਾਇਤੀ ਚੋਣਾਂ ਲਈ ਜਿਥੇ ਲੋਕਾਂ ਚ ਉਤਸ਼ਾਹ ਦਾ ਮਹੌਲ ਹੈ ਉਥੇ ਲੋਕਾਂ ਨੂੰ ਕਾਗਜ ਦਾਖਲ਼ ਕਰਨ ਦੀ ਪ੍ਰਕ੍ਰਿਆ ਦੌਰਾਨ ਸਮੱਸਿਆਵਾਂ ਦਾ ਵੀ ਸਾਹਮਣਾ ਕਰਨਾ ਪੈ ਰਿਹਾ ਹੈ। ਉਨਾਂ ਨੂੰ ਅੱਜ ਲੋਕਾਂ ਨੇ ਆਪਣੀਆਂ ਮੁਸ਼ਕਿਲਾਂ ਦੱਸੀਆਂ ਹਨ ਜਿਸ ਸਬੰਧੀ ਉਨਾਂ ਅਧਿਕਾਰੀਆਂ ਨਾਲ ਵੀ ਗੱਲਬਾਤ ਕੀਤੀ ਹੈ ਅਤੇ ਲੰਘੇ ਦਿਨੀ ਮੁੱਖ ਚੋਣ ਕਮਿਸ਼ਨ ਤੇ ਜਿਲਾ ਪ੍ਰਸ਼ਾਸ਼ਨ ਨੂੰ ਵੀ ਪੱਤਰ ਲਿਖਿਆ ਹੈ। ਉਨਾਂ ਅਧਿਕਾਰੀਆਂ ਨੂੰ ਆਖਿਆ ਹੈ ਕਿ ਪਿੰਡਾਂ ਤੋਂ ਜਿਹੜੇ ਭੈਣ ਭਰਾਂ ਪੰਚੀ/ਸਰਪੰਚੀ ਦੀਆਂ ਚੋਣਾਂ ਲੜਨ ਲਈ ਨਾਮਜ਼ਦਗੀਆਂ ਭਰ ਰਹੇ ਹਨ ਉਨ੍ਹਾਂ ਨੂੰ ਕੋਈ ਵੀ ਤਕਲੀਫ਼ ਨਹੀਂ ਆਉਣੀ ਚਾਹੁੰਦੀ ਬਲਿਕ ਉਨ੍ਹਾਂ ਨੂੰ ਢੁੱਕਵਾਂ ਸਹਿਯੋਗ ਦੇ ਕੇ ਕਾਗਜ਼ ਭਰਨ ਵਿੱਚ ਉਨ੍ਹਾਂ ਦੀ ਮੱਦਦ ਕਰਨੀ ਚਾਹੀਦੀ ਹੈ। ਉਨਾਂ ਮੰਗ ਕੀਤੀ ਕਿ ਨਾਮਜਾਦਗੀਆਂ ਦੇ ਆਖਰੀ ਦਿਨ 4 ਅਕਤੂਬਰ ਨੂੰ ਕਾਗਜ ਦਾਖਲ ਕਾਰਨ ਦਾ ਸਮਾਂ ਵਧਾਇਆ ਜਾਵੇ ਤਾਂ ਜੋ ਲੋਕ ਮਾਯੂਸ ਨਾ ਹੋਣ।

1984 ਸਿੱਖ ਕਤਲੇਆਮ ਦੇ 40 ਵਰ੍ਹਿਆਂ ਬਾਅਦ ਜਗਦੀਸ਼ ਟਾਈਟਲਰ ਖ਼ਿਲਾਫ਼ ਮੁੱਖ ਗਵਾਹ ਨੇ ਕਰਵਾਏ ਬਿਆਨ ਕਲਮਬੱਧ

ਕੇਸ ਦੀ ਰੈਗੂਲਰ ਸੁਣਵਾਈ ਸ਼ੁਰੂ ਹੋਈ ਤੇ ਹੁਣ ਟਾਈਟਲਰ ਨੂੰ ਸਜ਼ਾ ਮਿਲਣੀ ਤੈਅ: ਜਗਦੀਪ ਸਿੰਘ ਕਾਹਲੋਂ

ਆਜ਼ਾਦ ਸੋਚ
ਸੁਖਰਾਜ ਸਿੰਘ
ਨਵੀਂ ਦਿੱਲੀ, 3 ਅਕਤੂਬਰ

ਸਿੱਖ ਕਤਲੇਆਮ ਦੌਰਾਨ 1 ਨਵੰਬਰ 1984 ਨੂੰ ਗੁਰਦੁਆਰਾ ਪੁੱਲ ਬੰਗਸ਼ ਦੇ ਬਾਹਰ ਤਿੰਨ ਸਿੱਖਾਂ ਦੇ ਕਤਲ ਦੇ ਮਾਮਲੇ ਦੇ ਮੁੱਖ ਦੋਸ਼ੀ ਤੇ ਕਾਂਗਰਸੀ ਆਗੂ ਜਗਦੀਸ਼ ਟਾਈਟਲਰ ਖ਼ਿਲਾਫ਼ ਆਖਰਕਾਰ 40 ਸਾਲਾਂ ਮੁਕੱਦਮੇ ਦੀ ਸੁਣਵਾਈ ਅੱਜ ਉਸ ਵੇਲੇ ਰੈਗੂਲਰ ਤੌਰ 'ਤੇ ਸ਼ੁਰੂ ਹੋ ਗਈ ਜਦੋਂ ਘਟਨਾ ਵਿੱਚ ਮਾਰੇ ਗਏ ਤਿੰਨ ਸਿੰਘਾਂ ਵਿੱਚੋਂ ਇਕ ਸ. ਬਾਦਲ ਸਿੰਘ ਦੀ ਪਤਨੀ ਸਰਦਾਰਨੀ ਲਖਵਿੰਦਰ ਕੌਰ ਨੇ ਅੱਜ ਇਥੇ ਅਦਾਲਤ ਵਿਚ ਆਪਣੇ ਦਰਜ ਕਰਵਾਏ।ਇਸ ਬਾਰੇ ਜਾਣਕਾਰੀ ਦਿੰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਸਕੱਤਰ ਸ. ਜਗਦੀਪ ਸਿੰਘ ਕਾਹਲੋਂ ਅੱਜ ਬੀਬੀ ਲਖਵਿੰਦਰ ਕੌਰ ਤੇ ਹੋਰ ਅਹਿਮ ਸ਼ਖਸੀਅਤਾਂ ਨੂੰ ਲੈ ਕੇ ਅਦਾਲਤ ਪਹੁੰਚੇ ਸਨ ਜਿਥੇ ਬੀਬੀ ਲਖਵਿੰਦਰ ਕੌਰ ਨੇ ਆਪਣੇ ਬਿਆਨ ਦਰਜ ਕਰਵਾਏ।ਬਿਆਨ ਦਰਜ ਕਰਵਾਉਣ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਸ. ਕਾਹਲੋਂ ਨੇ ਦੱਸਿਆ ਕਿ 1 ਨਵੰਬਰ 1984 ਨੂੰ

ਗੁਰਦੁਆਰਾ ਪੁੱਲ ਬੰਗਸ਼ ਦਿੱਲੀ ਦੀ ਘਟਨਾ ਵਿਚ ਤਿੰਨ ਸਿੰਘਾਂ ਦਾ ਕਤਲ ਕਰ ਦਿੱਤਾ ਗਿਆ ਸੀ। ਇਹਨਾਂ ਵਿਚੋਂ ਇਕ ਸ. ਬਾਦਲ ਸਿੰਘ ਸਨ ਜਿਹਨਾਂ ਦੀ ਪਤਨੀ ਸਰਦਾਰਨੀ ਲਖਵਿੰਦਰ ਕੌਰ ਦੀ ਮੁੜ ਪਟੀਸ਼ਨ 'ਤੇ ਕੇਸ ਸੁਣਵਾਈ ਮੁੜ ਸ਼ੁਰੂ ਹੋਈ ਹੈ ਉਹਨਾਂ ਦੱਸਿਆ ਕਿ ਪਹਿਲੇ ਜੱਜ ਬੀਤੇ ਕੱਲ੍ਹ ਸੇਵਾ ਮੁਕਤ ਹੋ ਗਏ ਸਨ ਤੇ ਅੱਜ ਡਿਊਟੀ 'ਤੇ ਹਾਜ਼ਰ ਜੱਜ ਨੇ ਸਰਦਾਰਨੀ ਲਖਵਿੰਦਰ ਕੌਰ ਦੇ ਬਿਆਨ ਦਰਜ ਕੀਤੇ ਹਨ ਅਤੇ ਹੁਣ ਰੈਗੂਲਰ ਜੱਜ ਦੀ ਨਿਯੁਕਤੀ ਹੋ ਜਾਵੇਗੀ ਤਾਂ ਕੇਸ ਦੀ ਰੈਗੂਲਰ ਸੁਣਵਾਈ ਜਾਰੀ ਰਹੇਗੀ।ਉਹਨਾਂ ਦੱਸਿਆ ਕਿ ਕੇਸ ਦੀ ਅਗਲੀ ਤਾਰੀਕ 15 ਅਕਤੂਬਰ ਹੈ ਜਦੋਂ ਸਰਦਾਰਨੀ ਲਖਵਿੰਦਰ ਕੌਰ ਦਾ ਕਰਾਸ ਐਗਜ਼ਾਮਿਨੇਸ਼ਨ ਹੋਵੇਗਾ।ਉਹਨਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ 1984 ਦੇ ਸਿੱਖ ਕਤਲੇਆਮ ਦੇ ਸਾਰੇ ਕੇਸਾਂ ਵਿਚ ਜਗਦੀਸ਼ ਟਾਈਟਲਰ ਸਮੇਤ ਸਾਰੇ ਦੋਸ਼ੀਆਂ ਨੂੰ ਸਲਾਖਾਂ ਪਿੱਛੇ ਪਹੁੰਚਾਉਣ ਲਈ ਦ੍ਰਿੜ ਸੰਕਲਪ ਹੈ ਤੇ ਪੀੜਤਾਂ ਨੂੰ ਇਨਸਾਫ ਦੇ ਕੇ ਲੈਣ ਵਾਸਤੇ ਜੋ ਵੀ ਲੋੜੀਂਦਾ ਹੋਇਆ, ਹਰ ਕਦਮ ਚੁੱਕਿਆ ਜਾਵੇਗਾ।

ਐਡਵੋਕੇਟ ਧਾਮੀ ਵਲੋਂ ਸਤਪਾਲ ਸਿੰਘ ਦਾਨਿਸ਼ ਦੀ ਸੁਪਤਨੀ ਮਧੂ ਬਾਲਾ ਦੇ ਚਲਾਣੇ 'ਤੇ ਦੁੱਖ ਪ੍ਰਗਟ

ਨਵੀਂ ਦਿੱਲੀ, 3 ਅਕਤੂਬਰ (ਸੁਖਰਾਜ ਸਿੰਘ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ. ਸਤਪਾਲ ਸਿੰਘ ਦਾਨਿਸ਼ ਦੀ ਸੁਪਤਨੀ ਸ੍ਰੀਮਤੀ ਮਧੂ ਬਾਲਾ ਦੇ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ।ਐਡਵੋਕੇਟ ਧਾਮੀ ਨੇ ਕਿਹਾ ਕਿ ਦਾਨਿਸ਼ ਪਰਿਵਾਰ

ਦੇ ਵਡੇਰਿਆਂ ਦਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਨਿਕਾਸੀ ਸੇਵਾ ਵਿਚ ਅਹਿਮ ਯੋਗਦਾਨ ਰਿਹਾ ਹੈ।ਇਹ ਪਰਿਵਾਰ ਸਿੱਖ ਵਿਰਾਸਤ ਦੀ ਸਾਂਭ-ਸੰਭਾਲ ਨਾਲ ਜੁੜਿਆ ਰਿਹਾ ਹੈ। ਐਡਵੋਕੇਟ ਧਾਮੀ ਨੇ ਸ. ਸਤਪਾਲ ਸਿੰਘ ਦਾਨਿਸ਼ ਅਤੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਣਾਂ ਵਿਚ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਪ੍ਰਦਾਨ ਕਰਨ।ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਹਰਭਜਨ ਸਿੰਘ ਮਸਾਣਾ, ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ, ਜਰਨਲ ਸਕੱਤਰ ਭਾਈ ਰਾਜਿੰਦਰ

ਪੰਜਾਬ ਸਰਕਾਰ ਕੱਚੇ ਕਾਮਿਆਂ ਨੂੰ ਪੱਕਾ ਕਰੇ ਅਤੇ ਪ੍ਰਾਈਵੇਟ ਕੰਪਨੀਆਂ ਨੂੰ ਬਾਹਰ ਕਰਕੇ ਨਿਜੀਕਰਨ ਦੀ ਨੀਤੀ ਬੰਦ ਕਰੇ : ਏਕਮ ਸਿੱਧੂ ਮੋਹਾਲੀ

ਆਜ਼ਾਦ ਸੋਚ
ਅਵਤਾਰ ਸੈਣੀ
ਜੀਰਕਪੁਰ , 3 ਅਕਤੂਬਰ

ਪਾਵਰ ਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਪੰਜਾਬ ਸਰਕਾਰ ਅਤੇ ਪਾਵਰ ਕੌਮ ਦੀ ਮੈਨੇਜਮੈਂਟ ਵਿਰੁੱਧ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ! ਪ੍ਰੈਸ ਨਾਲ ਗੱਲਬਾਤ ਕਰਦਿਆ ਮੋਹਾਲੀ ਸਰਕਲ ਦੇ ਆਗੂ ਏਕਮ ਸਿੱਧੂ ਨੇ ਦੱਸਿਆ ਕਿ ਪੰਜਾਬ ਸਰਕਾਰ 25 ਮੀਟਿੰਗਾ ਦੇ ਕੇ ਮੁੱਕਰ ਗਈ ਹੈ! ਇਹ ਓਹੀ ਪੰਜਾਬ ਸਰਕਾਰ ਹੈ ਜੋਂ ਕੱਚੇ ਕਾਮਿਆ ਨੂੰ ਪਹਿਲ ਦੇ ਅਧਾਰ ਤੇ ਪੱਕਾ ਕਰਨ ਦੇ ਲਈ ਹਰਾ ਪੈੱਨ ਚਲਾਉਣ ਦੀ ਗੱਲ ਕਰਕੇ ਸੱਤਾ ਵਿੱਚ ਆਈ ਸੀ ਅਤੇ ਪੰਜਾਬ ਦੇ ਲੋਕਾਂ ਨੇ ਭਰੋਸਾ ਕਰਕੇ ਵੋਟਾਂ ਪਾਈਆ ਸਨ ਕਿ ਪੰਜਾਬ ਦੇ ਵਿੱਚ ਕੱਚੇ ਕਾਮਿਆ ਦੀ ਪੱਕੀ ਭਰਤੀ ਮੁੜ ਸੁਰਜੀਤ ਹੋਵੇਗੀ ਪ੍ਰੰਤੂ ਅੱਜ ਢਾਈ ਸਾਲ ਤੋ ਵੱਧ ਦਾ ਸਮਾਂ ਬੀਤਣ ਦੇ ਬਾਦ ਵੀ ਕੱਚੇ ਕਾਮੇ ਸੜਕਾਂ ਤੇ ਆਪਣੇ ਹੱਕਾ ਲਈ ਧਰਨੇ ਲਾਉਣ ਲਈ ਮਜਬੂਰ ਹਨ ਪਰ ਕਦੇ ਆਮ ਆਦਮੀਂ ਪਾਰਟੀ ਦਾ ਕਹਿਣਾ ਸੀ ਕਿ ਉਹ ਪੰਜਾਬ ਨੂੰ ਧਰਨਾ ਮੁਕਤ ਕਰਨਗੇ ਅਤੇ ਪੰਜਾਬ ਦੇ ਸਿਆਸੀ ਲੀਡਰਾਂ ਨੂੰ ਘੇਰ ਕੇ ਸਵਾਲ ਪੁੱਛੋ ਵਰਗੀ ਗੱਲ ਕਹਿਣ ਵਾਲੇ ਅੱਜ ਆਪਣੀ ਸਰਕਾਰ ਚ ਸਵਾਲ ਨਹੀਂ ਕਰਨ ਦਿੰਦੇ ਪ੍ਰਸ਼ਾਸਨ ਤੈਨਾਤ ਕਰ ਗਿਰਫ਼ਤਾਰੀਆਂ ਕਰਵਾ ਦਿੰਦੇ ਹਨ! ਇਸ ਵਾਰ ਦੀਆ ਗਰਮੀਆਂ ਦੌਰਾਨ 20 ਕੱਚੇ ਕਾਮੇ ਮਾੜੇ ਸਿਸਟਮ ਦੀ ਭੇਟ ਚੜ੍ਹ ਚੁੱਕੇ ਹਨ ਅਤੇ ਅਨੇਕਾਂ ਅਪੰਗ ਹੋ ਚੁੱਕੇ ਹਨ ਪਰ ਕਿਸੇ ਨੇ ਕੋਈ ਸਾਰ ਨਹੀਂ ਲਈ ਅਤੇ ਨੇ ਹੀ ਪਰਿਵਾਰਾਂ ਨੂੰ ਕੋਈ ਪੱਕੀ ਨੌਕਰੀ ਦਿੱਤੀ ਗਈ ਹੈ! ਮਿਤੀ 16-09-2024 ਨੂੰ ਖਰੜ ਚ ਧਰਨਾ

ਦਿੱਤਾ ਗਿਆ ਸੀ ਜਿਸ ਦੌਰਾਨ ਪੰਜਾਬ ਸਰਕਾਰ ਨੇ ਕੱਚੇ ਕਾਮਿਆ ਨੂੰ ਭਰੋਸਾ ਦਿੰਦੇ 27-09-2024 ਨੂੰ ਮੀਟਿੰਗ ਕਰਕੇ ਸਾਰੇ ਮਸਲੇ ਹੱਲ ਕਰਨ ਦੀ ਗੱਲ ਆਖੀ ਸੀ ਪ੍ਰੰਤੂ ਮੀਟਿੰਗ ਤੋਂ ਇੱਕ ਦਿਨ ਪਹਿਲਾਂ ਪੰਜਾਬ ਸਰਕਾਰ ਪੰਜਾਬ ਚ ਸਰਪੰਚੀ ਵੋਟਾਂ ਦਾ ਬਹਾਨਾ ਬਣਾ ਕੇ ਮੀਟਿੰਗ ਕਰਨ ਤੋਂ ਮੁੜ ਤੋਂ ਭੱਜ ਗਈ ਅਤੇ ਨਵੀਂ ਮਿਤੀ 21-10-2024 ਦਾ ਪੱਤਰ ਮੀਟਿੰਗ ਕਰਨ ਲਈ ਜਾਰੀ ਕਰ ਦਿੱਤਾ! ਇਸਨੂੰ ਵੇਖਦੇ ਹੋਏ ਕਾਮਿਆ ਵਿੱਚ ਭਾਰੀ ਰੋਸ ਅਤੇ ਗੁੱਸਾ ਹੈ ਜਿਸਦੇ ਤਹਿਤ 28-09-2024 ਨੂੰ ਪਟਿਆਲਾ ਵਿੱਖੇ ਪੂਰੇ ਪੰਜਾਬ ਦੀ ਮੀਟਿੰਗ ਕੀਤੀ ਗਈ ਜਿਸ ਚ ਸੂਬਾ ਪ੍ਰਧਾਨ ਸਮੇਤ ਪੂਰੀ ਸੂਬਾ ਕਮੇਟੀ ਨੇ ਸ਼ਮੂਲੀਅਤ ਕੀਤੀ ਅਤੇ ਸਾਰੇ ਪੰਜਾਬ ਦੇ ਆਗੂਆਂ ਨੇ ਮਿਲਕੇ ਇਹ ਫੈਂਸਲਾ ਕੀਤਾ ਕਿ ਪੰਜਾਬ ਸਰਕਾਰ ਦੀ ਦਿੱਤੀ ਮੀਟਿੰਗ ਤੋਂ ਪਹਿਲਾਂ ਪੂਰੇ ਪੰਜਾਬ ਚ ਵੋਟਾਂ ਨੂੰ ਵੇਖਦੇ ਹੋਏ ਪੰਜਾਬ ਸਰਕਾਰ ਦੇ ਲੀਡਰਾਂ ਦਾ ਵਿਰੋਧ ਕੀਤਾ ਜਾਵੇਗਾ ਅਤੇ ਜਿੱਥੇ ਜਿੱਥੇ ਉਹ ਜਾਣਗੇ ਉਹਨਾਂ ਨੂੰ ਕੱਚੇ ਕਾਮੇ ਕਾਲੀਆ ਝੰਡੀਆਂ ਦਿਖਾ ਕੇ ਆਪਣੇ ਹੱਕਾ ਲਈ ਅਤੇ ਬਿਜਲੀ ਅਦਾਰੇ ਚੋ ਨਿੱਜੀਕਰਨ ਬੰਦ ਕਰਕੇ ਕੱਚੇ ਕਾਮੇ ਪੱਕੇ ਕਰਨ ਦੀ ਗੱਲ ਕੰਨੀ ਪਾਉਣ ਦਾ ਯਤਨ ਕਰਨਗੇ!

ਇਸ ਸਬੰਧੀ ਆਗੂਆਂ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਬਿਜਲੀ ਅਦਾਰਾ ਪ੍ਰਾਈਵੇਟ ਕੰਪਨੀਆਂ/ ਕਾਰਪੋਰੇਟ ਘਰਾਣਿਆ ਨੂੰ ਵੇਚਣ ਜਾ ਰਹੀ ਹੈ ਜਿਸਦਾ ਅਸਰ ਕੱਚੇ ਕਾਮਿਆ ਤੋਂ ਇਲਾਵਾ ਆਮ ਲੋਕਾਂ ਉੱਪਰ ਵੀ ਪਵੇਗਾ ਇਸ ਲਈ ਇਹ ਲੜਾਈ ਰੁਜਗਾਰ ਤੋਂ ਲੈਕੇ ਆਮ ਲੋਕਾਂ ਦੀ ਰੋਜ਼ਮਰਾ ਦੀ ਜਿੰਦਗੀ ਨਾਲ ਵੀ ਸੰਬੰਧਿਤ ਹੈ! ਇਸ ਲਈ ਪੰਜਾਬ ਸਰਕਾਰ ਜਦੋਂ ਤੱਕ ਕੱਚੇ ਕਾਮੇ ਪੱਕੇ ਨਹੀਂ ਕਰ ਦਿੰਦੀ ਅਤੇ ਨਿੱਜੀਕਰਨ ਰੋਕ ਕੇ ਪ੍ਰਾਈਵੇਟ ਕੰਪਨੀਆਂ ਨੂੰ ਬਾਹਰ ਨਹੀਂ ਕਰ ਦਿੰਦੀ ਓਦੋਂ ਤੱਕ ਇਹ ਲੜਾਈ ਜਾਰੀ ਰਹੇਗੀ ਅਤੇ ਆਉਣ ਵਾਲੇ ਦਿਨਾਂ ਵਿੱਚ ਇਹ ਸੰਘਰਸ਼ ਪਰਿਵਾਰਾਂ ਸਮੇਤ ਪੂਰੇ ਪੰਜਾਬ ਅਧੀਨ ਲੜਿਆ ਜਾਵੇਗਾ!

ਪਰਾਲੀ ਮਾਮਲਾ: ਸੁਪਰੀਮ ਕੋਰਟ ਵੱਲੋਂ ਹਵਾ ਦਾ ਮਿਆਰ ਜਾਂਚਣ ਵਾਲੇ ਵਿਭਾਗ ਦੀ ਝਾੜਝੰਬ

ਨਵੀਂ ਦਿੱਲੀ * ਸੁਪਰੀਮ ਕੋਰਟ ਨੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਕਾਬੂ ਕਰਨ ਵਿੱਚ ਅਸਫਲ ਰਹਿਣ 'ਤੇ ਕਮਿਸ਼ਨ ਫਾਰ ਏਅਰ ਕੁਆਲਿਟੀ ਮੈਨੇਜਮੈਂਟ (ਸੀਏਕਿਊਐਮ) ਦੀ ਝਾੜਝੰਬ ਕੀਤੀ। ਸਰਵਉਚ ਅਦਾਲਤ ਨੇ ਕਿਹਾ ਕਿ ਉਸ ਨੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਆਪਣੇ ਨਿਰਦੇਸ਼ਾਂ ਨੂੰ ਲਾਗੂ ਕਰਨ ਲਈ ਕੋਈ ਉਪਰਾਲਾ ਨਹੀਂ ਕੀਤਾ। ਜਸਟਿਸ ਅਭੈ ਐਸ ਓਕਾ ਅਤੇ ਜਸਟਿਸ ਆਗਸਟੀਨ ਜਾਰਜ ਮਸੀਹ ਦੇ ਬੈਂਚ ਨੇ ਕਿਹਾ ਕਿ ਸੀਏਕਿਊਐਮ ਨੇ ਰਾਜਧਾਨੀ ਅਤੇ ਆਸ-ਪਾਸ ਦੇ ਖੇਤਰਾਂ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਖ਼ ?ਲਾਫ਼ ਇੱਕ ਵੀ ਕੇਸ ਦਰਜ ਨਹੀਂ ਕੀਤਾ ਜਦਕਿ ਵਿਭਾਗ ਨੇ ਕਿਹਾ ਕਿ ਇਸ ਮਾਮਲੇ 'ਤੇ 29 ਅਗਸਤ ਨੂੰ ਹੀ ਮੀਟਿੰਗ ਹੋਈ ਸੀ। ਸਿਖਰਲੀ ਅਦਾਲਤ ਨੇ ਨੋਟ ਕੀਤਾ ਕਿ ਮੀਟਿੰਗ ਵਿੱਚ 11 ਵਿੱਚੋਂ ਸਿਰਫ਼ ਪੰਜ ਮੈਂਬਰ ਹਾਜ਼ਰ ਸਨ ਜਿੱਥੇ ਇਸ ਦੇ ਨਿਰਦੇਸ਼ਾਂ ਨੂੰ ਲਾਗੂ ਕਰਨ ਬਾਰੇ ਵੀ ਚਰਚਾ ਨਹੀਂ ਕੀਤੀ ਗਈ। ਸੁਪਰੀਮ ਕੋਰਟ ਨੇ ਪੰਜਾਬ ਅਤੇ ਹਰਿਆਣਾ ਸਰਕਾਰਾਂ ਨੂੰ ਵੀ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਦੋਵਾਂ ਰਾਜਾਂ ਨੇ ਪਰਾਲੀ ਸਾੜਨ ਵਾਲੇ ਕਿਸਾਨਾਂ ਤੋਂ ਮਾਮਲੀ ਮੁਆਵਜ਼ਾ ਹੀ ਵਸੂਲਿਆ ਹੈ।

ਇਸਲਾਮੀਆ ਸੀਨੀਅਰ ਸੈਕੰਡਰੀ ਸਕੂਲ ਦੇ 100 ਸਾਲਾ ਜਸ਼ਨਾਂ ਨਾਲ ਸੰਬੰਧਿਤ ਇੰਟਰ ਬਰਾਂਚ ਸਟੋਰੀ ਟੈਲਿੰਗ ਮੁਕਾਬਲੇ ਕਰਵਾਏ

ਆਜ਼ਾਦ ਸੋਚ
ਸ਼ਾਹਿਦ ਜ਼ੁਬੈਰੀ
ਮਲੇਰਕੋਟਲਾ , 3 ਅਕਤੂਬਰ

ਪੰਜਾਬ ਵਕਫ ਬੋਰਡ ਦੇ ਪ੍ਰਬੰਧ ਅਧੀਨ ਚਲ ਰਹੇ ਪੰਜਾਬ ਦੇ ਸਭ ਤੋਂ ਵੱਡੇ ਮੁਸਲਿਮ ਵਿਦਿਅਕ ਅਦਾਰੇ ਇਸਲਾਮੀਆ ਸੀਨੀਅਰ ਸੈਕੰਡਰੀ ਸਕੂਲ ਦੀ ਬਰਾਂਚ ਨੰਬਰ ਇੱਕ ਵਿੱਚ ਇੰਟਰ ਬਰਾਂਚ ਸਟੋਰੀ ਟੈਲਿੰਗ ਮੁਕਾਬਲੇ ਕਰਵਾਏ ਗਏ। ਸਕੂਲ ਦੇ 100 ਸਾਲਾ ਜਸ਼ਨਾ ਦੀ ਲੜੀ ਅਧੀਨ ਕਰਵਾਏ ਇਹਨਾਂ ਮੁਕਾਬਲਿਆਂ ਦੇ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਪ੍ਰਿੰਸੀਪਲ ਮੁਹੰਮਦ ਜਮੀਲ ਅੰਸਾਰੀ ਨੇ ਦੱਸਿਆ ਕਿ ਇਸ ਪ੍ਰਤੀਯੋਗਤਾ ਵਿੱਚ ਸਕੂਲ ਦੀਆਂ ਵੱਖ ਵੱਖ ਬਰਾਂਚਾਂ ਦੇ 40 ਵਿਦਿਆਰਥੀਆਂ ਨੇ ਭਾਗ ਲਿਆ।



ਜੱਜ ਦੀ ਜਿੰਮੇਵਾਰੀ ਮੈਡਮ ਰੂਬੀਆ ਚੌਹਾਨ ਅਤੇ ਮੈਡਮ ਗਜਾਲਾ ਨੇ ਨਿਭਾਈ। ਮੰਚ ਦਾ ਸੰਚਾਲਨ ਅੰਗਰੇਜ਼ੀ ਵਿਭਾਗ ਦੀ ਮੁਖੀ ਮੈਡਮ ਨਾਦੀਆ ਨੇ ਬੜੇ ਸੁਚੱਜੇ ਢੰਗ ਨਾਲ ਕੀਤਾ। ਪ੍ਰਿੰਸੀਪਲ ਮੁਹੰਮਦ ਜਮੀਲ ਅੰਸਾਰੀ ਨੇ ਕਿਹਾ ਕਿ ਅੰਗਰੇਜ਼ੀ ਇਕ ਅੰਤਰਰਾਸ਼ਟਰੀ ਭਾਸ਼ਾ ਹੋਣ ਦੇ ਕਾਰਨ ਖਾਸ ਮਹੱਤਤਾ ਰੱਖਦੀ ਹੈ। ਅੱਜ ਜਦੋਂ ਦੁਨੀਆ ਸੁੰਗੜ ਕੇ ਇੱਕ ਪਿੰਡ ਦਾ ਰੂਪ ਧਾਰਨ ਕਰ ਗਈ ਹੈ ਤਾਂ ਅੰਤਰਰਾਸ਼ਟਰੀ ਪੱਧਰ ਤੇ ਅਸੀਂ ਅੰਗਰੇਜ਼ੀ ਭਾਸ਼ਾ ਤੋਂ ਬਿਨਾਂ ਗੁਜ਼ਾਰਾ ਨਹੀਂ ਕਰ ਸਕਦੇ। ਸਾਡੇ ਵਿਦਿਆਰਥੀ ਆਪਣੀ ਜ਼ਿੰਦਗੀ ਵਿੱਚ ਤਾਂ ਹੀ ਸਫਲ ਹੋਣਗੇ ਜੇਕਰ ਉਹ ਮਾਤ ਭਾਸ਼ਾ ਦੇ ਨਾਲ ਨਾਲ ਅੰਗਰੇਜ਼ੀ ਭਾਸ਼ਾ ਦੀ ਮਹੱਤਤਾ ਨੂੰ ਵੀ ਸਮਝਣਗੇ। ਅੱਜ ਦਾ ਸਟੋਰੀ ਟੈਲਿੰਗ ਮੁਕਾਬਲਾ ਵਿਦਿਆਰਥੀਆਂ ਦੇ ਵਿੱਚ ਅੰਗਰੇਜੀ ਭਾਸ਼ਾ ਪ੍ਰਤੀ ਰੁਚੀ ਪੈਦਾ ਕਰਨ ਦੇ ਲਈ ਹੀ ਕਰਵਾਇਆ ਗਿਆ ਹੈ। ਇਸ ਮੁਕਾਬਲੇ ਵਿੱਚ ਬਰਾਂਚ ਨੰਬਰ ਚਾਰ ਦੇ ਵਿਦਿਆਰਥੀ ਸੁਪਰੀਆ ਖਾਨ ਨੇ ਪਹਿਲਾਂ ਸਥਾਨ ਪ੍ਰਾਪਤ ਕੀਤਾ। ਬਰਾਂਚ ਨੰਬਰ ਤਿੰਨ ਦੀ ਵਿਦਿਆਰਥਣ ਸੂਫੀਆਨਾ ਅਤੇ ਬਰਾਂਚ ਨੰਬਰ ਚਾਰ ਦੀ ਵਿਦਿਆਰਥਣ ਆਲੀਮਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਤੀਸਰਾ ਸਥਾਨ ਮੇਨ ਸਕੂਲ ਦੇ ਵਿਦਿਆਰਥੀ ਮੁਹੰਮਦ ਜੁਨੇਦ ਨੇ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਮੁਹੰਮਦ ਇਰਫਾਨ ਅਤੇ ਸਾਨੀਆ ਨੂੰ ਵੀ ਵਿਸ਼ੇਸ਼ ਤੌਰ ਤੇ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।

ਸ਼੍ਰੀ ਰਾਮਲੀਲਾ ਗੋਪਾਲ ਸੰਕੀਰਤਨ ਮੰਡਲ ਵੱਲੋਂ ਰਾਵਨ ਵੇਦਵਤੀ ਸੰਵਾਦ ਲੀਲਾ ਆਯੋਜਿਤ

ਆਜ਼ਾਦ ਸੋਚ
ਕੁਲਵੰਤ ਸਿੰਘ ਮੁਹਾਲੀ
ਮਲੇਰਕੋਟਲਾ , 3 ਅਕਤੂਬਰ

ਸ਼੍ਰੀ ਰਾਮਲੀਲਾ ਗੋਪਾਲ ਸੰਕੀਰਤਨ ਮੰਡਲ ਵੱਲੋਂ ਮੁਹੱਲਾ ਤਪਾ ਵਿਖੇ ਚੇਅਰਮੈਨ ਸੁਰੇਸ਼ ਜੈਨ ਦੀ ਰਹਿਨੁਮਾਈ ਅਤੇ ਸ਼੍ਰੀ ਕੁਲਦੀਪ ਧੀਮਾਨ ਦੀ

ਪ੍ਰਧਾਨਗੀ ਹੇਠ ਸ਼੍ਰੀ ਰਾਮਲੀਲਾ ਬੜੀ ਸ਼ਰਧਾ ਭਾਵਨਾ ਨਾਲ ਕਰਵਾਈ ਜਾ ਰਹੀ ਹੈ ਜਿਸ ਵਿੱਚ ਦੂਜੇ ਦਿਨ ਦੀ ਲੀਲਾ ਵਿੱਚ ਰਾਵਣ ਵੇਦਵਤੀ ਸੰਵਾਦ ਅਤੇ ਸੀਤਾ ਦੀ ਜਨਮ ਲੀਲਾ ਵਿੱਚ ਰਾਵਣ ਦੀ ਉਦਾਰਤਾ ਤੋਂ ਖੁਸ਼ ਹੋ ਕੇ ਭੋਲੇਨਾਥ ਜੀ ਨੇ ਰਾਵਣ ਨੂੰ ਚੰਦਰਹਾਸ ਤਲਵਾਰ ਭੇਂਟ ਕੀਤੀ ਅਤੇ ਕਿਹਾ ਕਿ ਜਦੋਂ ਤੱਕ ਤੁਸੀਂ ਇਸ ਤਲਵਾਰ ਦੀ ਰੋਜ਼ਾਨਾ ਪੂਜਾ ਕਰੋਗੇ, ਇਹ ਤੁਹਾਡੇ ਕੋਲ ਰਹੇਗੀ ਅਤੇ ਦਿਨ ਜੇਕਰ ਇਸ ਦੀ ਪੂਜਾ ਨਾ ਕੀਤੀ ਜਾਵੇ ਤਾਂ ਉਹ ਦਿਨ ਤੁਹਾਡੇ ਜੀਵਨ ਦਾ ਆਖਰੀ ਦਿਨ ਹੋਵੇਗਾ, ਉਸ ਤੋਂ ਬਾਅਦ ਰਾਵਣ ਦੀ ਹਉਮੈ ਵਧ ਜਾਂਦੀ ਹੈ ਅਤੇ ਉਹ ਰਿਸ਼ੀ-ਮੁਨੀਆਂ ਨੂੰ ਤਸੀਹੇ ਦੇਣ ਲੱਗ ਪੈਂਦਾ ਹੈ। ਇਸ ਮੌਕੇ ਰਾਵਣ ਦਾ ਕਿਰਦਾਰ ਵਰੁਣ ਸ਼ਰਮਾ, ਮਾਰੀਚ ਆਦਿਤਿਆ ਸ਼ਰਮਾ, ਭੋਲੇਨਾਥ ਵਿਸ਼ਾਲ ਸ਼ਰਮਾ, ਮਾਂ ਪਾਰਵਤੀ ਸਿਧਾਰਥ, ਨੰਦੀ ਅਮਿਤ ਕੁਮਾਰ ਅਤੇ ਵੇਦਾਵਤੀ ਸਚਿਨ ਸ਼ਰਮਾ ਨੇ ਨਿਭਾਇਆ। ਇਸ ਮੌਕੇ ਜਨਰਲ ਸਕੱਤਰ ਸੰਜੇ ਜੈਨ, ਕੈਸ਼ੀਅਰ ਚਰਨਦਾਸ ਸੌਂਦ ਕੈਸ਼ੀਅਰ, ਹਨੀ ਜੈਨ, ਮੀਤ ਪ੍ਰਧਾਨ ਕਮਲ ਜੈਨ ਮਧੁਕਰ ਜੈਨ ਰਾਕੇਸ਼ ਜੈਨ, ਡਾਇਰੈਕਟਰ ਵਿਜੇ ਖੁੱਲਰ, ਹਨੀ ਜੈਨ ਅਤੇ ਇੰਦਰਜੀਤ ਪਰਿਹਾਰ, ਸਟੋਰ ਇੰਚਾਰਜ ਅਮੀਸ਼ ਜੈਨ ਅਤੇ ਰਾਜੀਵ ਮੋਦੀ, ਆਫਿਸ ਸਕੱਤਰ ਅਜੈ ਜੈਨ ਅਤੇ ਸਟੇਜ ਸੰਚਾਲਕ ਅਮਿਤ ਜੈਨ, ਲਲਿਤ ਧੀਮਾਨ ਸਟੇਜ ਇੰਚਾਰਜ ਆਦਿ ਹਾਜ਼ਰ ਸਨ। ਇਸ ਮੌਕੇ ਸ੍ਰੀ ਗਣੇਸ਼ ਸੇਵਾ ਸੰਮਤੀ ਵੱਲੋਂ ਜਲ ਸੇਵਾ ਨਿਭਾਈ ਗਈ।

ਜੀਨੀਅਸ ਇੰਟਰਨੈਸ਼ਨਲ ਪਬਲਿਕ ਸਕੂਲ ਵਿਖੇ 'ਸਵੱਛਤਾ ਮੁਹਿੰਮ' ਚਲਾਈ

ਆਜ਼ਾਦ ਸੋਚ
ਰਾਜਿੰਦਰ/ਰੂਪਨਗਰ , 3 ਅਕਤੂਬਰ

ਜੀਨੀਅਸ ਇੰਟਰਨੈਸ਼ਨਲ ਪਬਲਿਕ ਸਕੂਲ ਵਿਖੇ 'ਸਵੱਛਤਾ ਕੀ ਸੇਵਾ' ਦੇ ਬੈਨਰ ਹੇਠ ਸਵੱਛਤਾ ਮੁਹਿੰਮ ਚਲਾਈ ਗਈ। ਇਹ ਕਿਹਾ ਜਾਂਦਾ ਹੈ ਕਿ 'ਰੱਬ ਸਫ਼ਾਈ ਅਤੇ ਨਿੱਜੀ ਸਫਾਈ ਦੀ ਪਰਵਾਹ ਕਰਦਾ ਹੈ', ਅਤੇ ਇਹ ਸਫ਼ਾਈ, ਸ਼ੁੱਧਤਾ ਅਤੇ ਸਵੈ-ਅਨੁਸ਼ਾਸਨ ਦੀ ਜ਼ਿੰਦਗੀ ਜਿਊਣ ਦਾ ਇੱਕ ਤਰੀਕਾ ਹੈ। ਇਸ ਲਈ ਇਸ ਵਿਚਾਰ ਨੂੰ ਮੁੱਖ ਰੱਖਦਿਆਂ ਸਾਡੇ ਸਾਰਿਆਂ ਦੇ ਮਨਾਂ ਵਿੱਚ ਨਿਰਸਵਾਰਥ ਸੇਵਾ ਦੀ ਭਾਵਨਾ ਨੂੰ ਜਗਾਉਣ ਲਈ ਸਕੂਲ ਵਿੱਚ ਇਹ ਮੁਹਿੰਮ ਚਲਾਈ ਗਈ। ਸਫ਼ਾਈ ਮੁਹਿੰਮ ਤਹਿਤ 9 ਵੀਂ ਅਤੇ 11ਵੀਂ ਜਮਾਤ ਦੇ ਵਿਦਿਆਰਥੀਆਂ ਨੇ ਨੇੜਲੇ ਟੋਲ ਪਲਾਜ਼ਾ 'ਤੇ ਜਾ ਕੇ ਉੱਥੇ ਆਲੇ-ਦੁਆਲੇ ਦੀ ਸਫ਼ਾਈ ਕੀਤੀ। ਇਸ ਮੁਹਿੰਮ ਵਿੱਚ ਸਕੂਲ ਦੇ ਐਨਐਸਐਸ ਦੇ ਵਿਦਿਆਰਥੀਆਂ ਨੇ ਵੀ ਸਰਗਰਮੀ ਨਾਲ ਭਾਗ ਲਿਆ। ਇਹ ਮੁਹਿੰਮ ਐਨ.ਐਸ.ਐਸ. ਦੇ ਮੁਖੀ ਸ੍ਰੀ ਚਰਨਜੀਤ ਸਿੰਘ, ਸ੍ਰੀਮਤੀ ਸੋਨੀਆ ਅਤੇ ਸ੍ਰੀਮਤੀ ਸੋਨੂੰ ਦੀ ਪ੍ਰਧਾਨਗੀ ਹੇਠ ਹੋਈ। ਇਸ ਦੇ ਨਾਲ ਹੀ 7 ਵੀਂ ਅਤੇ 8ਵੀਂ ਜਮਾਤ ਦੇ ਵਿਦਿਆਰਥੀਆਂ ਨੇ ਬੇਕਾਰ ਕਾਗਜ਼, ਸੁੱਕੇ ਪੱਤੇ ਅਤੇ ਹੋਰ ਮੁੜ ਵਰਤੋਂ ਯੋਗ ਸਮੱਗਰੀ ਚੁੱਕ ਕੇ ਸਕੂਲ ਦੇ ਮੈਦਾਨ ਦੀ ਸਫ਼ਾਈ ਕੀਤੀ। ਪਹਿਲੀ ਤੋਂ ਛੇਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਕਲਾਸਰੂਮ ਅਤੇ ਬੈਗ ਸਾਫ਼ ਕੀਤੇ। ਇਸ ਮੁਹਿੰਮ ਦਾ ਉਦੇਸ਼ ਸੀ ਕਿ ਜੇਕਰ ਸਾਡਾ ਆਲਾ-ਦੁਆਲਾ ਸਾਫ ਸੁਥਰਾ ਹੋਵੇਗਾ ਤਾਂ ਸਾਡਾ ਤਨ ਅਤੇ ਮਨ ਵੀ ਸਾਫ ਸੁਥਰਾ ਹੋਵੇਗਾ।

ਸਕੂਲ ਮੈਨੇਜਮੈਂਟ ਸੂਬਾ ਭੁਪਿੰਦਰ ਸਿੰਘ ਅਤੇ ਸ੍ਰੀਮਤੀ ਗੁਣਵੰਤ ਕੌਰ ਨੇ ਵਿਦਿਆਰਥੀਆਂ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਸਕੂਲ ਦੀ ਡਾਇਰੈਕਟਰ ਸ਼੍ਰੀਮਤੀ ਗੁਰਪ੍ਰੀਤ ਮਾਥੁਰ ਨੇ ਕਿਹਾ ਕਿ ਸਾਨੂੰ ਸਵੱਛਤਾ ਦੇ ਮਾਧਿਅਮ ਨਾਲ ਆਪਣੇ ਆਪ ਨੂੰ ਸਾਫ ਸੁਥਰਾ ਬਣਾਉਣਾ ਹੈ ਅਤੇ ਸਫਾਈ ਦੇ ਮਾਧਿਅਮ ਨਾਲ ਪੂਰੀ ਦੁਨੀਆ ਵਿੱਚ ਆਪਣੀ ਪਹਿਚਾਣ ਬਣਾਉਣੀ ਹੈ। ਵਾਈਸ ਪਿ?ਂਸੀਪਲ ਸ੍ਰੀਮਤੀ ਭੁਪਿੰਦਰ ਕੌਰ ਨੇ ਦੱਸਿਆ ਕਿ ਇਸ ਮੁਹਿੰਮ ਦਾ ਉਦੇਸ਼ ਵਿਦਿਆਰਥੀਆਂ ਵਿਚ ਸਮਾਜ ਪ੍ਰਤੀ ਜ਼ਿੰਮੇਵਾਰੀ ਪੈਦਾ ਕਰਨਾ ਹੈ ।

ਇੰਫਲੂਐਂਸਰ ਸ਼ੌਂਕੀ ਸਰਦਾਰ ਵੱਲੋਂ ਰਾਜ ਵਹੀਕਲਜ਼, ਸੰਗਰੂਰ ਵਿਖੇ ਲਾਂਚ ਕੀਤੀ ਗਈ 'ਮਹਿੰਦਰਾ ਵੀਰੋ'

ਆਜ਼ਾਦ ਸੋਚ
ਹਰਜਿੰਦਰ ਸਿੰਘ/ਸੰਗਰੂਰ, 3 ਅਕਤੂਬਰ

ਮਹਿੰਦਰਾ ਥਾਰ ਰੌਕਸ ਦੀ ਸ਼ਾਨਦਾਰ ਸਫਲਤਾ ਤੋਂ ਬਾਅਦ, ਰਾਜ ਵਹੀਕਲਜ਼ ਨੇ ਲਾਈਟ ਕਮਰਸ਼ੀਅਲ ਵਹੀਕਲ ਖੰਡ ਵਿੱਚ ਇੱਕ ਨਵਾਂ ਸਟੈਂਡਰਡ ਸਥਾਪਤ ਕਰਦੇ ਹੋਏ, ਸ਼ਾਨਦਾਰ ਮਹਿੰਦਰਾ ਵੀਰੋ ਨੂੰ ਲਾਂਚ ਕੀਤਾ ਹੈ। ਰਾਜ ਵਹੀਕਲਜ਼, ਸੰਗਰੂਰ ਵਿਖੇ ਹੋਏ ਇਸ ਸਮਾਗਮ ਦੀ ਅਗਵਾਈ ਸੀਈਓ ਵਿਕਰਮਜੀਤ ਸਿੰਘ, ਮੈਨੇਜਿੰਗ ਡਾਇਰੈਕਟਰ ਰਾਜਵਿੰਦਰ ਸਿੰਘ ਅਤੇ ਜਸਕਰਨ ਸਿੰਘ ਨੇ ਕੀਤੀ, ਜਿਸ ਵਿੱਚ ਇੰਫਲੂਐਂਸਰ ਸ਼ੌਂਕੀ ਸਰਦਾਰ ਮੁੱਖ ਮਹਿਮਾਨ ਵਜੋਂ ਆਏ।

RAJ

ਸੰਪਾਦਕੀ

ਆਜ਼ਾਦ ਸੋਚ

ਸੇਬੀ ਦੀ ਸਖ਼ਤੀ

ਸ਼ੇਅਰ ਬਾਜ਼ਾਰ ਉਪਰ ਨਿਗਰਾਨੀ ਰੱਖਣ ਵਾਲੀ ਸੰਸਥਾ ਸਕਿਓਰਿਟੀਜ਼ ਐਂਡ ਐਕਸਚੇਂਜ ਬੋਰਡ ਆਫ ਇੰਡੀਆ (ਸੇਬੀ) ਵਲੋਂ ਨਿਵੇਸ਼ਕਾਂ ਲਈ ਨੇਮ ਸਖ਼ਤ ਕਰਨ ਦੀ ਪਹਿਲਕਦਮੀ ਸੱਟਾ ਬਾਜ਼ਾਰ ਵਿਚ ਝਟਪਟ ਪੈਸਾ ਬਣਾਉਣ ਦੀ ਲਲਕ ਉਪਰ ਕਾਬੂ ਪਾਉਣ ਦਾ ਵਿਹਾਰਕ ਕਦਮ ਹੈ। ਰਿਪੋਰਟਾਂ ਵਿਚ ਕਿਹਾ ਗਿਆ ਹੈ ਕਿ ਲੱਖਾਂ ਦੀ ਤਾਦਾਦ ਵਿਚ ਸਿਖਾਂਦਰੂ ਕਾਰੋਬਾਰੀ ਵਾਅਦਾ ਅਤੇ ਸੱਟਾ ਬਾਜ਼ਾਰ ਵਿਚ ਕੁੱਦ ਕੇ ਆਪਣੀ ਵਿੱਤੀ ਸੁਰੱਖਿਆ ਨੂੰ ਖ਼ਤਰੇ ਵਿਚ ਪਾ ਲੈਂਦੇ ਹਨ ਤੇ ਅਕਸਰ ਉਹ ਇਸ ਨੂੰ ਆਨਲਾਈਨ ਕੈਸੀਨੋਆਂ ਵਾਂਗ ਹੀ ਸਮਝਣ ਲੱਗ ਪੈਂਦੇ ਹਨ। ਭਾਰਤ ਇਸ ਸਮੇਂ ਦੁਨੀਆ ਦਾ ਸਭ ਤੋਂ ਵੱਡਾ ਸੱਟਾ ਬਾਜ਼ਾਰ ਬਣ ਗਿਆ ਹੈ। ਸੇਬੀ ਦੇ ਹਾਲੀਆ ਅਧਿਐਨ ਵਿਚ ਇਸ ਦੇ ਨਾਂਹ ਮੁਖੀ ਸਿੱਟਿਆਂ ਵੱਲ ਇਸ਼ਾਰਾ ਕੀਤਾ ਗਿਆ ਸੀ। ਪਿਛਲੇ ਤਿੰਨ ਵਿੱਤੀ ਸਾਲਾਂ ਦੌਰਾਨ ਵਿਅਕਤੀਗਤ ਬਦਲਾਂ ਵਿਚਲੇ ਕਰੀਬ 93 ਫੀਸਦ ਨਿਵੇਸ਼ਕਾਂ ਨੂੰ ਬਹੁਤ ਜਿ?ਆਦਾ ਜੋਖ਼ਮ ਪਰ ਮੁਨਾਫ਼ੇ ਵਾਲੇ ਬਾ?ਜ਼ਾਰ ਵਿਚ ਔਸਤਨ ਪ੍ਰਤੀ ਨਿਵੇਸ਼ਕ ਦੋ ਲੱਖ ਰੁਪਏ ਤੱਕ ਦਾ ਨੁਕਸਾਨ ਉਠਾਉਣਾ ਪਿਆ ਹੈ। ਨਿਗਰਾਨ ਸੰਸਥਾ ਨੇ ਹੁਣ ਐਂਟਰੀ ਰੋਕਾਂ ਵਧਾ ਦਿੱਤੀਆਂ ਹਨ ਅਤੇ ਪ੍ਰਚੂਨ ਨਿਵੇਸ਼ਕਾਂ ਨੂੰ ਸੱਟਾ ਬਾਜ਼ਾਰ ਦੇ ਜਿ?ਆਦਾ ਜੋਖ਼ਮ ਭਰਪੂਰ ਸੌਦਿਆਂ ਤੋਂ ਲਾਂਭੇ ਰੱਖਣ ਲਈ ਕਾਰੋਬਾਰ ਹੁਣ ਵਧੇਰਾ ਮਹਿੰਗਾ ਬਣਾ ਦਿੱਤਾ ਹੈ। ਸੇਬੀ ਦਾ ਕਹਿਣਾ ਹੈ ਕਿ ਇਨ੍ਹਾਂ ਕਦਮਾਂ ਨਾਲ ਛੋਟੇ ਕਾਰੋਬਾਰੀਆਂ ਦੀ ਸੁਰੱਖਿਆ ਵਧੇਗੀ ਅਤੇ ਇਸ ਦੇ ਨਾਲ ਹੀ ਬਾਜ਼ਾਰ ਦੀ ਸਥਿਰਤਾ ਵੀ ਵਧੇਗੀ।

ਚਿੰਤਾ ਦੀ ਗੱਲ ਇਹ ਹੈ ਕਿ ਨੁਕਸਾਨ ਉਠਾ ਚੁੱਕੇ ਤਿੰਨ ਚੌਥਾਈ ਕਾਰੋਬਾਰੀ ਅਜੇ ਵੀ ਇਨ੍ਹਾਂ ਬਾਜ਼ਾਰਾਂ ਵਿਚ ਸਰਗਰਮ ਹਨ। ਸੱਟੇਬਾਜ਼ੀ ਲਈ ਘਰੇਲੂ ਬੱਚਤਾਂ ਨੂੰ ਦਾਅ ਉਪਰ ਲਾਏ ਜਾਣ ਬਾਬਤ, ਭਾਰਤੀ ਰਿਜ਼ਰਵ ਬੈਂਕ ਸਮੇਤ ਵੱਖ-ਵੱਖ ਧਿਰਾਂ ਵਲੋਂ ਖਦਸ਼ੇ ਜ਼ਾਹਿਰ ਕੀਤੇ ਜਾਣ ਤੋਂ ਬਾਅਦ ਹੀ ਸੇਬੀ ਨੇ ਇਹ ਕਦਮ ਪੁੱਟਿਆ ਸੀ। ਮਾਹਿਰਾਨਾ ਕਮੇਟੀ ਦੇ ਸੁਝਾਏ ਗਏ ਕਦਮਾਂ ਉਪਰ ਅਮਲ ਹੋਣ ਨਾਲ ਤਵੱਕੋ ਕੀਤੀ ਜਾਂਦੀ ਹੈ ਕਿ ਬੇਤਹਾਸ਼ਾ ਸੱਟੇਬਾਜ਼ੀ ਨੂੰ ਲਗਾਮ ਲੱਗੇਗੀ, ਖਾਸਕਰ ਅਜਿਹੀ ਸੱਟੇਬਾਜ਼ੀ ਨੂੰ ਜਿਸ ਵਿਚ ਵਡੇਰੇ ਘਾਟਿਆਂ ਨੂੰ ਸਮੋਣ ਦੀ ਕਾਬਲੀਅਤ ਉੱਕਾ ਹੀ ਨਹੀਂ ਹੁੰਦੀ। ਕੁਝ ਕੁ ਤਬਦੀਲੀਆਂ ਦਾ ਅਮਲ 20 ਨਵੰਬਰ ਤੋਂ ਸ਼ੁਰੂ ਹੋ ਜਾਵੇਗਾ।

Published, Printed and Owned by Anil Kumar Garg, Published at Street No-11, Manshahia Colony, Near Grewal Filling Station, Sangrur, Punjab State, Pin-148001, Printed at- Tejas Printers, Opposite Government High School, Patiala Cant., Dhamomajra Road, Patiala, Punjab State, Pin-147001. Editor-Anil Kumar Garg

ਮੋਦੀ ਸਾਹਮਣੇ ਭੂ-ਰਾਜਨੀਤਕ ਚੁਣੌਤੀਆਂ

ਜੀ ਪਾਰਥਾਸਾਰਥੀ

ਭਾਰਤ ਦੀਆਂ ਆਰਥਿਕ ਨੀਤੀਆਂ ਦੇ ਭਾਵੇਂ ਕਈ ਆਲੋਚਕ ਹਨ ਪਰ ਹੁਣ ਇਸ ਚੀਜ਼ ਨੂੰ ਕੌਮਾਂਤਰੀ ਪੱਧਰ 'ਤੇ ਮਾਨਤਾ ਹੈ ਕਿ ਭਾਰਤ ਦੀ ਵਿਕਾਸ ਦਰ ਆਰਥਿਕ ਉਦਾਰਵਾਦ ਦੇ ਆਗਮਨ ਨਾਲ ਤੇਜ਼ੀ ਨਾਲ ਅੱਗੇ ਵਧ ਰਹੀ ਹੈ। ਇਸ ਵਿੱਚ 'ਲਾਇਸੈਂਸ, ਪਰਮਿਟ ਤੇ ਕੋਟਾ ਰਾਜ' ਦੇ ਖਾਤਮੇ ਦਾ ਵੱਡਾ ਰੋਲ ਹੈ। ਭਾਰਤ ਅਤੇ ਪੂਰਾ ਸੰਸਾਰ ਮੰਨਦਾ ਹੈ ਕਿ ਇਸ ਤਬਦੀਲੀ ਦੇ ਮੁੱਖ ਨਿਰਮਾਤਾ ਡਾ. ਮਨਮੋਹਨ ਸਿੰਘ ਸਨ ਜਿਨ੍ਹਾਂ ਦੇ ਯੋਗਦਾਨ ਨੂੰ ਉਸ ਵੇਲੇ ਹੋਰ ਵੀ ਜਿ?ਆਦਾ ਸਲਾਹਿਆ ਗਿਆ ਜਦੋਂ ਉਹ ਦੇਸ਼ ਦੇ ਪ੍ਰਧਾਨ ਮੰਤਰੀ ਬਣੇ। ਇਹ ਵੀ ਜਿ?ਕਰਯੋਗ ਹੈ ਕਿ ਖੁੱਲ੍ਹੇ ਅਰਥਚਾਰੇ ਲਈ ਉਨ੍ਹਾਂ ਦੇ ਕਦਮਾਂ ਦਾ ਕਈ ਦਿਸ਼ਾਵਾਂ ਵਿੱਚ ਵਿਸਤਾਰ ਹੋ ਚੁੱਕਾ ਹੈ। ਭਾਰਤ ਨੂੰ ਹੁਣ ਦੁਨੀਆ ਵਿੱਚ ਸਭ ਤੋਂ ਤੇਜ਼ੀ ਨਾਲ ਵਧ ਰਹੇ ਅਰਥਚਾਰੇ ਦੇ ਰੂਪ ਵਿੱਚ ਮਾਨਤਾ ਪ੍ਰਾਪਤ ਹੈ। ਕੌਮਾਂਤਰੀ ਮੁਦਰਾ ਫੰਡ ਦਾ ਕਹਿਣਾ ਹੈ ਕਿ ਭਾਰਤ ਦਾ ਅਰਥਚਾਰਾ ਇਸ ਸਾਲ 6.6 ਪ੍ਰਤੀਸ਼ਤ ਦੀ ਦਰ ਨਾਲ ਵਧੇਗਾ।

ਭਾਰਤ ਭਾਵੇਂ ਵਿਕਾਸ ਦੀ ਉੱਚੀ ਦਰ ਹਾਸਿਲ ਕਰਨ ਵੱਲ ਵਧ ਰਿਹਾ ਹੈ ਪਰ ਇਹ ਵੀ ਦਿਮਾਗ ਵਿੱਚ ਰੱਖਣਾ ਪਏਗਾ ਕਿ ਸੰਸਾਰ ਵਿੱਚ ਇਸ ਦਾ ਰੁਤਬਾ ਤੇ ਰਸੂਖ਼ ਜਿ?ਆਦਾਤਰ ਇਸ ਦੀ ਆਰਥਿਕ ਤੇ ਤਕਨੀਕੀ ਤਰੱਕੀ ਦੇ ਪੱਖ ਤੋਂ ਤੈਅ ਹੋਵੇਗਾ। ਇਨ੍ਹਾਂ ਜ਼ਰੂਰਤਾਂ ਦੇ ਮੱਦੇਨਜ਼ਰ ਭਾਰਤ ਕੋਲ ਆਪਣੇ ਬਿਲਕੁਲ ਗੁਆਂਢ 'ਚ ਪੈਂਦੇ ਮੁਲਕਾਂ ਨਾਲ ਰਿਸ਼ਤੇ ਮਜ਼ਬੂਤ ਕਰਨ ਤੋਂ ਇਲਾਵਾ ਕੋਈ ਜਿ?ਆਦਾ ਬਦਲ ਨਹੀਂ ਬਚਦੇ। ਇਸ ਨਾਲ ਭਾਰਤ ਦੇ ਪੱਛਮ ਵਿੱਚ ਲਾਲ ਸਾਗਰ ਤੇ ਫਾਰਸ ਦੀ ਖਾੜੀ ਦੇ ਇਲਾਕੇ ਤੋਂ ਲੈ ਕੇ ਇਸ ਦੇ ਪੂਰਬ ਵਿੱਚ ਮਲੱਕਾ ਜਲ ਮਾਰਗ ਤੱਕ ਦੇ ਇਲਾਕੇ 'ਚ ਸੁਰੱਖਿਆ ਤੇ ਸ਼ਾਂਤੀ ਯਕੀਨੀ ਬਣੇਗੀ। ਇਸ ਤੋਂ ਤਾਂ ਸਾਰੇ ਵਾਕਿਫ਼ ਹਨ ਕਿ ਭਾਰਤ ਅੱਗੇ ਇਸ ਦੀਆਂ ਸਰਹੱਦਾਂ ਤੋਂ ਪਾਰ ਜਿਹੜੀ ਮੁੱਖ ਚੁਣੌਤੀ ਹੈ, ਉਹ ਚੀਨ ਦੀਆਂ ਵਿਸਤਾਰਵਾਦੀ ਨੀਤੀਆਂ ਤੇ ਮਨਸੂਬੇ ਹਨ। ਪਾਕਿਸਤਾਨ ਨੇ ਤਾਂ ਖ਼ੁਦ ਨੂੰ ਦੀਵਾਲੀਏਪਨ ਵਿੱਚ ਉਲਝਾ ਲਿਆ ਹੈ।

ਭਾਰਤ ਚਿਰਾਂ ਤੋਂ ਤੇਲ ਸਰੋਤਾਂ ਨਾਲ ਭਰੇ (ਫਾਰਸ) ਖਾੜੀ ਖੇਤਰ ਜਿਸ ਵਿੱਚ ਇਰਾਨ ਤੇ ਸਾਊਦੀ ਅਰਬ ਆਉਂਦੇ ਹਨ, ਨਾਲ ਕਰੀਬੀ ਸਬੰਧਾਂ ਦਾ ਚਾਹਵਾਨ ਹੈ ਜਿੱਥੇ ਲਗਭਗ 60 ਲੱਖ ਭਾਰਤੀ ਰਹਿੰਦੇ ਹਨ। ਭਾਰਤ ਨੇ ਸਾਊਦੀ ਅਰਬ ਨਾਲ ਵੀ ਨੇੜਲੇ ਰਿਸ਼ਤੇ ਬਣਾਏ ਹਨ ਤੇ ਸੰਯੁਕਤ ਅਰਬ ਅਮੀਰਾਤ (ਯੂਏਈ) ਨਾਲ ਰਿਸ਼ਤਿਆਂ ਨੂੰ ਹੋਰ ਮਜ਼ਬੂਤ ਕੀਤਾ ਹੈ। ਰਾਸ਼ਟਰਪਤੀ ਜੋਅ ਬਾਇਡਨ ਦੀਆਂ ਬੇਲਗਾਮ ਟਿੱਪਣੀਆਂ ਤੋਂ ਬਾਅਦ ਅਮਰੀਕਾ ਅਤੇ ਸਾਊਦੀ ਅਰਬ ਦਰਮਿਆਨ ਸੁਹਿਰਦ ਕੰਮਕਾਜੀ ਸਬੰਧ ਬਹਾਲ ਕਰਾਉਣ 'ਚ ਵੀ ਭਾਰਤ ਨੇ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਬਾਇਡਨ ਨੇ ਸਾਊਦੀ ਰਾਜਤੰਤਰ ਬਾਰੇ ਤਲਖ਼ ਟਿੱਪਣੀਆਂ ਕੀਤੀਆਂ ਸਨ ਜਿਸ ਦਾ ਸਾਊਦੀ ਸ਼ਾਸਨ ਨੇ ਬਹੁਤ ਬੁਰਾ ਮਨਾਇਆ ਸੀ।

ਯੂਏਈ ਦੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਸ਼ੇਖ ਤਹਿਨੂਨ ਬਿਨ ਜ਼ਾਏਦ ਅਲ ਨਾਹਯਾਨ ਨੇ ਅਮਰੀਕਾ ਦੇ ਸੁਰੱਖਿਆ ਸਲਾਹਕਾਰ ਜੇਕ ਸੁਲੀਵਨ ਤੇ ਸਾਊਦੀ ਅਰਬ ਦੇ ਸ਼ਹਿਜ਼ਾਦੇ ਮੁਹੰਮਦ ਬਿਨ ਸਲਮਾਨ ਦਰਮਿਆਨ ਹੋਈ ਵਾਰਤਾ ਵਿੱਚ ਵੀ ਹਿੱਸਾ ਲਿਆ ਹੈ। ਮੰਨਿਆ ਜਾ ਰਿਹਾ ਹੈ ਕਿ ਇਹ ਵਾਰਤਾ ਭਾਰਤ ਦੇ ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਦੇ ਯਤਨਾਂ ਨਾਲ ਸੰਭਵ ਹੋ ਸਕੀ ਹੈ।

ਰਿਪੋਰਟਾਂ ਹਨ ਕਿ ਯੂਏਈ, ਅਮਰੀਕਾ ਤੇ ਭਾਰਤ ਦਰਮਿਆਨ ਸਹਿਯੋਗ ਨੂੰ ਹੁਲਾਰਾ ਦੇਣ ਲਈ ਸਮਝੌਤਾ ਸਹੀਬੱਧ ਕੀਤਾ ਗਿਆ ਹੈ। ਭਾਰਤ ਲਈ ਹੁਣ ਅਰਬ ਦੀ ਖਾੜੀ ਦੇ ਛੇ ਗੁਆਂਢੀ ਮੁਲਕਾਂ ਨਾਲ ਰਲ ਕੇ ਹਿੰਦ ਮਹਾਸਾਗਰ ਦੇ ਆਰ-ਪਾਰ ਪਹਿਲਾਂ ਨਾਲੋਂ ਵੱਧ ਸਕਾਰਾਤਮਕ ਤੇ ਸਹਿਯੋਗੀ ਭੂਮਿਕਾ ਨਿਭਾਉਣ ਦਾ ਮੰਚ ਸਜ ਗਿਆ ਹੈ।

ਭਾਰਤ-ਅਮਰੀਕਾ ਦੇ ਰਿਸ਼ਤੇ ਅਮਰੀਕਾ ਦੇ ਉਸ ਫ਼ੈਸਲੇ ਤੋਂ ਬਾਅਦ ਇਕਦਮ ਵਧੇ ਹਨ ਜਿਸ 'ਚ ਸਵੀਕਾਰਿਆ ਗਿਆ ਹੈ ਕਿ ਭਾਰਤ ਹਿੰਦ ਮਹਾਸਾਗਰ ਦੇ ਆਰ-ਪਾਰ ਚੀਨ ਦੀ ਵਧਦੀ ਸਮਰੱਥਾ ਦਾ ਟਾਕਰਾ ਕਰ ਸਕਦਾ ਹੈ ਅਤੇ ਭਵਿੱਖ ਵਿੱਚ ਸੰਤੁਲਨ ਕਾਇਮ ਰੱਖ ਸਕਦਾ ਹੈ। ਦੋਸਤੀ ਦਾ ਦਿਖਾਵਾ ਕਰਨ ਦੇ ਬਾਵਜੂਦ ਚੀਨ ਦੀਆਂ ਨੀਤੀਆਂ ਭਾਰਤ ਦੇ ਰਸੂਖ਼ ਨੂੰ ਸੀਮਤ ਕਰਨ ਤੇ ਜਕੜਨ ਵਾਲੀਆਂ ਰਹੀਆਂ ਹਨ। ਚੀਨ ਪਾਕਿਸਤਾਨ ਦੀ ਮਿਜ਼ਾਈਲ ਤੇ ਪਰਮਾਣੂ ਹਥਿਆਰਾਂ ਦੀ ਸਮਰੱਥਾ ਨੂੰ ਲਗਾਤਾਰ ਮਜ਼ਬੂਤ ਕਰ ਰਿਹਾ ਹੈ। ਇਹ ਅਫ਼ਗਾਨਿਸਤਾਨ ਨੇੜਲੀ ਭਾਰਤ ਦੀ ਪੱਛਮੀ ਹੱਦ ਦੇ ਨਾਲ-ਨਾਲ ਅਤੇ ਪਾਰ ਵੀ ਪਾਕਿਸਤਾਨ ਨਾਲ ਨੇੜਿਓਂ ਸਹਿਯੋਗ ਕਰ ਰਿਹਾ ਹੈ। ਇਰਾਨ ਨਾਲ ਸਬੰਧ ਮਜ਼ਬੂਤ ਕਰਨ ਬਾਰੇ ਨਵੀਂ ਦਿੱਲੀ ਦਾ ਹਾਲੀਆ ਕਦਮ ਜਿਸ ਵਿੱਚ ਰਣਨੀਤਕ ਚਾਬਹਾਰ ਬੰਦਰਗਾਹ ਦੀ ਉਸਾਰੀ ਸ਼ਾਮਿਲ ਹੈ, ਭਾਰਤ ਨੂੰ ਕੇਂਦਰੀ ਏਸ਼ੀਆ ਤੱਕ ਵਾਧੂ ਆਰਥਿਕ ਤੇ ਸਾਗਰੀ ਪਹੁੰਚ ਦੇਵੇਗਾ ਅਤੇ ਅਫ਼ਗਾਨਿਸਤਾਨ ਤੱਕ ਭਾਰਤ ਦੀ ਪਹੁੰਚ ਨੂੰ ਸੀਮਤ ਕਰਨ ਲਈ ਪਾਕਿਸਤਾਨ ਕੋਲ ਜਿ?ਆਦਾ ਥਾਂ ਨਹੀਂ ਬਚੇਗੀ।

ਅਮਰੀਕਾ ਨੇ ਭਾਵੇਂ ਪਹਿਲਾਂ ਭਾਰਤ ਦੇ ਇਰਾਨ ਨਾਲ ਵਧਦੇ ਸਬੰਧਾਂ ਉੱਤੇ ਇਤਰਾਜ਼ ਕੀਤਾ ਸੀ, ਹੁਣ ਜਾਪਦਾ ਹੈ, ਇਸ ਨੇ ਪ੍ਰਾਜੈਕਟ ਬਾਰੇ ਭਾਰਤ ਨਾਲ ਸੁਲ੍ਹਾ ਕਰ ਲਈ ਹੈ। ਇਹ ਅਜਿਹਾ ਪ੍ਰਾਜੈਕਟ (ਟਰਾਂਸਪੋਰਟ ਲਾਂਘਾ) ਹੈ ਜੋ ਭਾਰਤ ਨੂੰ ਅਫ਼ਗਾਨਿਸਤਾਨ ਤੇ ਇਰਾਨ ਨਾਲ ਜੋੜੇਗਾ। ਪਾਕਿਸਤਾਨ ਇਸ ਲਾਂਘੇ ਤੋਂ ਖੁਸ਼ ਨਹੀਂ ਕਿਉਂਕਿ ਇਹ ਰਾਵਲਪਿੰਡੀ ਨੂੰ ਭਾਰਤ ਦੀ ਅਫ਼ਗਾਨਿਸਤਾਨ, ਇਰਾਨ ਤੇ ਮੱਧ ਏਸ਼ੀਆ ਤੱਕ ਪਹੁੰਚ ਵਿੱਚ ਵਿਘਨ ਨਹੀਂ ਪਾਉਣ ਦਿੰਦਾ। ਇਹ ਕੌਮਾਂਤਰੀ ਉੱਤਰ-ਦੱਖਣ ਟਰਾਂਸਪੋਰਟ ਕੌਰੀਡੋਰ ਤੱਕ ਭਾਰਤ ਦੀ ਪਹੁੰਚ ਲਈ ਪ੍ਰਮੁੱਖ ਪ੍ਰਵੇਸ਼ ਦੁਆਰ ਬਣ ਗਿਆ ਹੈ ਜੋ ਅੰਤ 'ਚ ਭਾਰਤ ਨੂੰ ਕੇਂਦਰੀ ਏਸ਼ੀਆ, ਰੂਸ ਅਤੇ ਆਖਿ?ਰਕਾਰ ਸਮੁੰਦਰੀ, ਰੇਲ ਤੇ ਸੜਕੀ ਮਾਰਗ ਰਾਹੀਂ ਯੂਰੋਪ ਨਾਲ ਜੋੜ ਦੇਵੇਗਾ।

ਖ਼ੈਰ, ਅਮਰੀਕਾ ਨਾਲ ਸਬੰਧਾਂ ਵਿੱਚ ਕਾਫ਼ੀ ਸਥਿਰਤਾ ਆਈ ਤੇ ਸਮੁੰਦਰੀ ਸੰਪਰਕਾਂ ਨੂੰ ਮਜ਼ਬੂਤ ਕਰਨ ਲਈ ਚੋਖਾ ਸਹਿਯੋਗ ਕੀਤਾ ਜਾ ਰਿਹਾ ਹੈ। ਹਿੰਦ ਮਹਾਸਾਗਰ ਖਿੱਤੇ ਦੇ ਆਰ-ਪਾਰ ਤਣਾਅ ਤੇ ਪਾਇਰੇਸੀ ਦੀਆਂ ਘਟਨਾਵਾਂ ਅਤੇ ਇਸ ਦੇ ਨਾਲ ਹੀ ਗਾਜ਼ਾ ਵਿੱਚ ਇਜ਼ਰਾਇਲੀ ਕਬਜ਼ੇ ਦੇ ਮੱਦੇਨਜ਼ਰ ਅਹਿਮ ਘਟਨਾਕ੍ਰਮ ਹੈ। ਹਿੰਦ ਪ੍ਰਸ਼ਾਂਤ ਖੇਤਰ ਵਿੱਚ ਹੋਰਮੂਜ਼ ਜਲ ਡਮਰੂ ਤੋਂ ਲੈ ਕੇ ਫਾਰਸ ਦੀ ਖਾੜੀ ਵਿੱਚ ਮਲੱਕਾ ਜਲ ਡਮਰੂ ਤੱਕ ਚੀਨ ਦੇ ਵਧ ਰਹੇ ਅਸਰ-ਰਸੂਖ ਦੇ ਮੱਦੇਨਜ਼ਰ ਅਮਰੀਕਾ ਭਾਰਤ ਨੂੰ ਆਪਣਾ ਅਹਿਮ ਭਿਆਲ ਸਮਝ ਰਿਹਾ ਹੈ। ਭਾਰਤ ਹਿੰਦ ਮਹਾਸਾਗਰ ਦੇ ਆਪਣੇ ਗੁਆਂਢ ਦੇ ਕੰਢਿਆਂ ਦੀ ਰਾਖੀ ਲਈ ਦੋ ਵਿਮਾਨ ਵਾਹਕ ਜਹਾਜ਼ਾਂ ਅਤੇ ਇੰਨੀਆਂ ਕੁ ਹੀ ਪਰਮਾਣੂ ਪਣਡੁੱਬੀਆਂ ਦਾ ਇਸਤੇਮਾਲ ਕਰ ਸਕਦਾ ਹੈ।

ਭਾਰਤ-ਅਮਰੀਕਾ ਸਬੰਧਾਂ ਉੱਪਰ ਉਲਟ ਅਸਰ ਪਾਉਣ ਵਾਲਾ ਅਹਿਮ ਮੁੱਦਾ ਅਮਰੀਕੀ ਮੀਡੀਆ ਦੀ ਭਾਰਤ ਵਿੱਚ ਮਨੁੱਖੀ ਅਧਿਕਾਰਾਂ ਦੀਆਂ ਕਥਿਤ ਖਿ?ਲਾਫ਼ਵਰਜ਼ੀਆਂ ਦੀ ਕੀਤੀ ਜਾ ਰਹੀ ਲਗਾਤਾਰ ਨੁਕਤਾਚੀਨੀ ਜਿਸ ਨੂੰ ਜ਼ਾਹਿਰਾ ਤੌਰ 'ਤੇ ਵਾਸ਼ਿੰਗਟਨ ਦੀ ਸ਼ਹਿ ਪ੍ਰਾਪਤ ਹੈ। ਭਾਰਤ ਉਨ੍ਹਾਂ ਚੰਦ ਕੁ ਮੁਲਕਾਂ ਵਿੱਚ ਸ਼ਾਮਿਲ ਸੀ ਜਿਨ੍ਹਾਂ ਨੂੰ ਦੌਰੇ 'ਤੇ ਆਏ ਤਤਕਾਲੀ ਰਾਸ਼ਟਰਪਤੀ ਡੋਨਲਡ ਟਰੰਪ ਕਾਫ਼ੀ ਦੋਸਤਾਨਾ ਲੱਗੇ ਸਨ। ਟਰੰਪ ਦੇ ਮਨ ਵਿੱਚ ਚੀਨ ਮੁਤੱਲਕ ਕੋਈ ਭਰਮ ਭੁਲੇਖੇ ਜਾਂ ਆਸਾਂ ਨਹੀਂ ਸਨ ਅਤੇ ਉਹ ਪਾਕਿਸਤਾਨ ਪ੍ਰਤੀ ਵੀ ਉਲਾਰ ਨਹੀਂ ਸਨ। ਭਾਰਤ ਭਰੋਸਾ ਰੱਖ ਸਕਦਾ ਹੈ ਕਿ ਰਾਸ਼ਟਰਪਤੀ ਦੀ ਆਉਣ ਵਾਲੀ ਚੋਣ ਵਿਚ ਕਮਲਾ ਹੈਰਿਸ ਜਾਂ ਟਰੰਪ ਵਿੱਚੋਂ ਭਾਵੇਂ ਕੋਈ ਵੀ ਜਿੱਤੇ ਪਰ ਉਨ੍ਹਾਂ ਦੇ ਰਿਸ਼ਤੇ ਵਧਦੇ ਹੀ ਜਾਣਗੇ।

ਚੀਨ ਅਤੇ ਪਾਕਿਸਤਾਨ ਨਾਲ ਲਗਦੀਆਂ ਸਰਹੱਦਾਂ ਉਪਰ ਭਾਰਤ ਦੀਆਂ ਸਮੱਸਿਆਵਾਂ ਰਹਿਣੀਆਂ ਹੀ ਹਨ। ਪਾਕਿਸਤਾਨ ਦੀ ਆਰਥਿਕ ਹਾਲਤ ਭਾਵੇਂ ਬਹੁਤ ਵਿਗੜ ਚੁੱਕੀ ਹੈ, ਤਾਂ ਵੀ ਉਹ ਭਾਰਤ ਵਿੱਚ ਦਹਿਸ਼ਤਗਰਦੀ ਨੂੰ ਸ਼ਹਿ ਦੇਣੀ ਬੰਦ ਨਹੀਂ ਕਰ ਰਿਹਾ। ਸ਼ਰੀਫ ਭਰਾਵਾਂ ਅਤੇ ਉਨ੍ਹਾਂ ਦੇ ਸਿਵਲੀਅਨ ਨਿਜ਼ਾਮ ਨੇ ਪਾਕਿਸਤਾਨ ਨੂੰ ਆਰਥਿਕ ਸੰਕਟ ਵਿੱਚ ਧੱਕ ਦਿੱਤਾ ਹੈ; ਭਾਰਤ ਨੂੰ ਹੁਣ ਪਾਕਿਸਤਾਨੀ ਥਲ ਸੈਨਾ ਦੇ ਮੁਖੀ ਜਨਰਲ ਸੱਯਦ ਆਸਿਮ ਮੁਨੀਰ ਨਾਲ ਸਿੱਝਣਾ ਪੈ ਰਿਹਾ ਹੈ ਜਿਨ੍ਹਾਂ ਦਾ ਕੌਮੀ ਸੁਰੱਖਿਆ ਨੀਤੀਆਂ ਉੱਪਰ ਚੋਖਾ ਅਸਰ-ਰਸੂਖ ਹੈ। ਉਨ੍ਹਾਂ ਦੇ ਆਕਾ ਅਤੇ ਸਾਬਕਾ ਜਨਰਲ ਕਮਰ ਜਾਵੇਦ ਬਾਜਵਾ ਚੰਗੀ ਤਰ੍ਹਾਂ ਸਮਝਦੇ ਸਨ ਕਿ ਭਾਰਤ ਨਾਲ ਤਣਾਅ ਪੈਦਾ ਕਰਨ ਦੀ ਕਿਹੋ ਜਿਹੀ ਆਰਥਿਕ ਅਤੇ ਕੂਟਨੀਤਕ ਕੀਮਤ ਤਾਰਨੀ ਪਵੇਗੀ ਪਰ ਜਨਰਲ ਮੁਨੀਰ ਭਾਰਤ ਖਾਸਕਰ ਜੰਮੂ ਕਸ਼ਮੀਰ ਵਿੱਚ ਗੜਬੜ ਪੈਦਾ ਕਰਨ 'ਤੇ ਤੁਲੇ ਹੋਏ ਹਨ। ਭਾਰਤ ਨੂੰ ਇਸ ਰਣਨੀਤੀ ਦਾ ਕੂਟਨੀਤਕ ਅਤੇ ਫ਼ੌਜੀ, ਦੋਹਾਂ ਤਰੀਕਿਆਂ ਨਾਲ ਜਵਾਬ ਦੇਣ ਦੀ ਲੋੜ ਹੈ।

ਸ਼ਰੀਫ਼ ਭਰਾਵਾਂ ਦਾ ਪਾਕਿਸਤਾਨ ਦੇ ਸਿਵਲੀਅਨ ਅਤੇ ਸਿਆਸੀ ਨਿਜ਼ਾਮ ਉੱਪਰ ਭਾਵੇਂ ਕੰਟਰੋਲ ਹੈ ਪਰ ਜੰਮੂ ਕਸ਼ਮੀਰ ਅਤੇ ਭਾਰਤ ਵਿੱਚ ਹੋਰਨੀਂ ਥਾਈਂ ਅਤਿਵਾਦ ਨੂੰ ਸ਼ਹਿ ਦੇ ਰਹੀ ਪਾਕਿਸਤਾਨੀ ਫ਼ੌਜ ਉੱਪਰ ਉਨ੍ਹਾਂ ਦਾ ਕੋਈ ਪ੍ਰਭਾਵ ਨਹੀਂ। ਪਾਕਿਸਤਾਨ ਇਸ ਵੇਲੇ ਅਫ਼ਗਾਨਿਸਤਾਨ ਨਾਲ ਲਗਦੀਆਂ ਆਪਣੀਆਂ ਸਰਹੱਦਾਂ ਉੱਪਰ ਚੱਲ ਰਹੀ ਉਥਲ-ਪੁਥਲ ਵਿੱਚ ਉਲਝਿਆ ਹੋਇਆ ਹੈ। ਇਸੇ ਦੌਰਾਨ ਭਾਰਤ ਅਤੇ ਇਰਾਨ ਦੇ ਕਾਬੁਲ ਨਾਲ ਉਸਾਰੂ ਸਬੰਧ ਬਣੇ ਹੋਏ ਹਨ। ਭਾਰਤ ਵਲੋਂ ਮੁੱਖ ਤੌਰ 'ਤੇ ਆਰਥਿਕ ਸਹਿਯੋਗ ਉੱਪਰ ਧਿਆਨ ਕੇਂਦਰਤ ਕੀਤਾ ਜਾ ਰਿਹਾ ਹੈ। ਇਸ ਨੇ ਗੁਆਂਢੀਆਂ ਨਾਲ ਸੰਚਾਰ ਲਈ ਅੰਦਰਖਾਤੇ ਚੈਨਲ ਬਣਾਏ ਹੋਏ ਹਨ ਪਰ ਨਾਲ ਹੀ ਪਾਕਿਸਤਾਨ ਨੂੰ ਅਜਿਹੀਆਂ ਮੀਟਿੰਗਾਂ ਨੂੰ ਪ੍ਰਾਪੇਗੰਡਾ ਕਰਨ ਦੀ ਇਜਾਜ਼ਤ ਵੀ ਨਹੀਂ ਦਿੱਤੀ ਜਾ ਰਹੀ। ਇਸ ਦੇ ਨਾਲ ਹੀ ਜੇ ਪਾਕਿਸਤਾਨ ਭਾਰਤੀ ਧਰਤੀ ਉੱਪਰ ਅਤਿਵਾਦ ਨੂੰ ਭੜਕਾਉਣਾ ਜਾਰੀ ਰੱਖਦਾ ਹੈ ਤਾਂ ਭਾਰਤ ਨੂੰ ਢੁਕਵਾਂ ਜਵਾਬ ਦੇਣ ਦੀ

ਮੁੱਖ ਮੰਤਰੀ ਵੱਲੋਂ ਪਿੰਡ ਵਾਸੀਆਂ ਨੂੰ ਵਿਕਾਸ ਲਈ ਪੰਚਾਇਤਾਂ ਦੀ ਚੋਣ ਸਰਬਸੰਮਤੀ ਨਾਲ ਕਰਨ ਦੀ ਅਪੀਲ

ਆਜ਼ਾਦ ਸੋਚ,
ਗੁਰਪ੍ਰੀਤ ਸਿੰਘ ਖਾਲਸਾ,
ਲੌਂਗੋਵਾਲ,3 ਅਕਤੂਬਰ :

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਲੋਕਾਂ ਨੂੰ ਆਗਾਮੀ ਪੰਚਾਇਤੀ ਚੋਣਾਂ ਦੌਰਾਨ ਪੈਸੇ ਅਤੇ ਤਾਕਤ ਦੀ ਵਰਤੋਂ ਕਰਨ ਵਾਲਿਆਂ ਨੂੰ ਪੂਰੀ ਤਰ੍ਹਾਂ ਨਕਾਰਨ ਦਾ ਸੱਦਾ

ਦਿੱਤਾ ਹੈ। ਆਪਣੇ ਪਿੰਡ ਦੇ ਦੌਰੇ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਚਾਇਤੀ ਚੋਣਾਂ ਦੇਸ਼ ਵਿੱਚ ਜਮਹੂਰੀ ਪ੍ਰਣਾਲੀ ਦਾ ਆਧਾਰ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਚੋਣਾਂ ਦਾ ਮਕਸਦ ਲੋਕਾਂ ਨੂੰ ਜ਼ਮੀਨੀ ਪੱਧਰ 'ਤੇ ਲੋਕਤੰਤਰ ਦਾ ਹਿੱਸਾ ਬਣਾਉਣਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇਨ੍ਹਾਂ ਚੋਣਾਂ ਨੂੰ ਆਜ਼ਾਦ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਵਚਨਬੱਧ ਹੈ। ਮੁੱਖ ਮੰਤਰੀ ਨੇ ਕਿਹਾ ਕਿ ਲੋਕ ਪੰਚਾਇਤਾਂ ਵਿੱਚ ਚੁਣੇ ਜਾਣ ਵਾਲੇ ਉਮੀਦਵਾਰਾਂ ਬਾਰੇ ਸਰਬਸੰਮਤੀ ਬਣਾਉਣ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਇਨ੍ਹਾਂ ਚੋਣਾਂ ਵਿੱਚ ਪੈਸੇ ਅਤੇ ਤਾਕਤ ਦੀ ਵਰਤੋਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਤਾਂ ਜੋ ਉਹ ਜਮਹੂਰੀ ਪ੍ਰਕਿਰਿਆ ਦਾ ਅਨਿੱਖੜਵਾਂ ਅੰਗ ਬਣਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸੂਬੇ ਭਰ ਦੇ ਪਿੰਡਾਂ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਉਨ੍ਹਾਂ ਵਿੱਚ ਭਾਈਚਾਰਕ ਸਾਂਝ ਅਤੇ ਫਿਰਕੂ ਸਦਭਾਵਨਾ ਮਜ਼ਬੂਤ ??ਕਰਨ ਵਿੱਚ ਸਹਾਈ ਹੋਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਪੰਚਾਇਤੀ ਚੋਣਾਂ ਬਿਨਾਂ ਪਾਰਟੀ ਚੋਣ ਨਿਸ਼ਾਨਾਂ ਤੋਂ ਲੜੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਪਿੰਡਾਂ ਵਿੱਚੋਂ ਧੜੇਬੰਦੀ ਖ਼ਤਮ ਹੋਵੇਗੀ ਅਤੇ ਪੇਂਡੂ ਖੇਤਰ ਦਾ ਸਰਵਪੱਖੀ ਵਿਕਾਸ ਯਕੀਨੀ ਬਣੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਵਡੇਰੇ ਲੋਕ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਉਮੀਦਵਾਰਾਂ ਨੂੰ ਪਾਰਟੀ ਦੇ ਚੋਣ ਨਿਸ਼ਾਨਾਂ 'ਤੇ ਚੋਣ ਲੜਨ ਤੋਂ ਰੋਕਣ ਦਾ ਵੱਡਾ ਫੈਸਲਾ ਲਿਆ ਹੈ। ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਜਿਹੜਾ ਵੀ ਪਿੰਡ ਸਰਬਸੰਮਤੀ ਨਾਲ ਪੰਚਾਇਤਾਂ ਦੀ ਚੋਣ ਕਰੇਗਾ, ਉਸ ਪਿੰਡ ਨੂੰ ਸਟੇਡੀਅਮ, ਸਕੂਲ ਜਾਂ ਹਸਪਤਾਲ ਸਮੇਤ ਪੰਜ ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇਗੀ। ਉਨ੍ਹਾਂ ਪਿੰਡ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਪੰਚਾਇਤ ਸਰਬਸੰਮਤੀ ਨਾਲ ਚੁਣ ਕੇ ਸੂਬੇ ਵਿੱਚ ਮਿਸਾਲ ਕਾਇਮ ਕਰਨ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਆਪਣੇ ਜੱਦੀ ਪਿੰਡ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਗੇ ਵੀ ਪਿੰਡ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੋਵੇਗੀ ਅਤੇ ਇਹ ਸੂਬੇ ਦਾ ਮਾਡਲ ਪਿੰਡ ਬਣ ਕੇ ਉਭਰੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਚਾਇਤੀ ਰਾਜ ਪ੍ਰਣਾਲੀ ਨੂੰ ਮਜ਼ਬੂਤ ??ਕਰਨਾ ਚਾਹੁੰਦੀ ਹੈ, ਜਿਸ ਲਈ ਸੁਝਵਾਨ ਅਤੇ ਇਮਾਨਦਾਰ ਲੋਕਾਂ ਦੀ ਚੋਣ ਕੀਤੀ ਜਾਣੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਉਮੀਦ ਜ਼ਾਹਰ ਕੀਤੀ ਕਿ ਸੂਬਾ ਸਰਕਾਰ ਦੇ ਇਨ੍ਹਾਂ ਯਤਨਾਂ ਦੇ ਵਧੀਆ ਨਤੀਜੇ ਸਾਹਮਣੇ ਆਉਣਗੇ ਅਤੇ ਲੋਕਾਂ ਨੂੰ ਇਸ ਦਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਸੂਬੇ ਭਰ ਦੇ ਪਿੰਡਾਂ ਨੂੰ ਵਿਕਾਸ ਲਈ ਵੱਧ ਤੋਂ ਵੱਧ ਫੰਡ ਦੇ ਕੇ ਨਵਾਂ ਰੂਪ ਦਿੱਤਾ ਜਾਵੇਗਾ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਕਈ ਪਿੰਡਾਂ ਵਿੱਚ ਪਹਿਲਾਂ ਹੀ ਸਰਬਸੰਮਤੀ ਨਾਲ ਪੰਚਾਇਤਾਂ ਚੁਣੀਆਂ ਗਈਆਂ ਹਨ ਅਤੇ ਹੋਰ ਪਿੰਡਾਂ ਵਿੱਚ ਵੀ ਇਸ ਅਮਲ ਨੂੰ ਦੁਹਰਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਚਾਇਤਾਂ ਸਿਹਤਮੰਦ ਲੋਕਤੰਤਰ ਦੀ ਨੀਂਹ ਹਨ ਅਤੇ ਸੂਬਾ ਸਰਕਾਰ ਸ਼ਾਂਤੀਪੂਰਵਕ ਚੋਣਾਂ ਕਰਵਾਉਣ ਲਈ ਹਰ ਹੀਲਾ ਵਰਤੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੀ ਮੁਕੰਮਲ ਕਾਇਆ-ਕਲਪ ਕਰਨ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਕੰਮ ਤੋਂ ਵਾਂਝੇ ਕਰਨ ਵਾਲਾ ਕੋਈ ਵੀ ਕੇਂਦਰੀ ਕਾਨੂੰਨ ਸੂਬੇ ਵਿੱਚ ਲਾਗੂ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੇ ਲੋਕਾਂ ਦੇ ਹਿੱਤਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਇਸ ਲਈ ਹਰ ਚਾਰਾਜੋਈ ਕੀਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਕਿਸੇ ਨੂੰ ਵੀ ਸੂਬੇ ਅਤੇ ਇੱਥੋਂ ਦੇ ਲੋਕਾਂ ਦੇ ਹਿੱਤਾਂ ਨਾਲ ਖਿਲਵਾੜ ਨਹੀਂ ਕਰਨ ਦੇਵੇਗੀ।

ਐਕਸਾਈਜ਼ ਵਿਭਾਗ ਵੱਲੋਂ ਧੂਰੀ ਅੰਦਰ ਸ਼ਰਾਬ ਦੇ ਠੇਕਿਆਂ ਦੀ ਕੀਤੀ ਚੈਕਿੰਗ

ਆਜ਼ਾਦ ਸੋਚ,
ਵਰਮਾ,
ਧੂਰੀ, 3 ਅਕਤੂਬਰ :

ਅਰਪਿੰਦਰ ਰੰਧਾਵਾ ਐਕਸਾਈਜ਼ ਅਫਸਰ ਸੰਗਰੂਰ, ਸਤਿਗੁਰੂ ਸਿੰਘ ਐਕਸਾਈਜ਼ ਇੰਸਪੈਕਟਰ, ਦਲਜੀਤ ਸਿੰਘ ਐਕਸਾਈਜ਼ ਇੰਸਪੈਕਟਰ, ਤੇ ਪੁਲਿਸ ਅਮਲਾ ਵੱਲੋਂ 2 ਅਕਤੂਬਰ ਦੇ ਮੱਦੇਨਜ਼ਰ ਧੂਰੀ ਸ਼ਹਿਰ ਅੰਦਰ ਪੈਂਦੇ ਸ਼ਰਾਬ ਦੇ ਠੇਕਿਆਂ ਦੀ ਅਚਨਚੇਤ ਚੈਕਿੰਗ ਕੀਤੀ। ਇਸ ਮੌਕੇ ਅਧਿਕਾਰੀਆਂ ਨੇ ਕਿਹਾ ਧੂਰੀ ਸ਼ਹਿਰ ਅੰਦਰ ਕੁਝ ਵੀ ਗਲਤ ਨਹੀਂ ਪਾਇਆ ਗਿਆ ਸਾਰੀਆਂ ਸ਼ਰਾਬ ਦੀਆਂ ਦੁਕਾਨਾਂ ਸਰਕਾਰੀ ਹੁਕਮਾਂ ਅਨੁਸਾਰ ਬੰਦ ਹਨ ਤੇ ਮਿੱਥੇ ਸਮੇਂ ਤੇ ਹੀ ਖੁਲਣ ਗਿਆ ਅਗਰ ਕਿਸੇ ਵੀ ਸ਼ਰਾਬ ਠੇਕੇਦਾਰ ਨੇ ਕਾਨੂੰਨ ਦੀ ਉਲੰਘਣਾ ਕੀਤੀ ਤਾਂ ਉਸ ਵਿਰੁੱਧ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਸਾਦਿਕ ਵਿਖੇ ਮਹਾਰਾਜਾ ਅਗਰਸੈਨ ਜੀ ਦਾ ਜਨਮ ਦਿਹਾੜਾ ਮਨਾਇਆ

ਆਜ਼ਾਦ ਸੋਚ,
ਗੁਲਜ਼ਾਰ ਮਦੀਨਾ,
ਸਾਦਿਕ, 3 ਅਕਤੂਬਰ :

ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਅਗਰਵਾਲ ਸਭਾ ਸਾਦਿਕ ਵੱਲੋਂ ਮਹਾਰਾਜਾ ਅਗਰਸੈਨ ਜੀ ਦਾ ਜਨਮ ਦਿਹਾੜਾ ਸਾਦਿਕ ਦੇ ਦੁਰਗਾ ਮੰਦਰ ਵਿਖੇ ਧੂਮਧਾਮ ਨਾਲ ਮਨਾਇਆ ਗਿਆ ਜਿਸ ਵਿੱਚ ਸੰਗਤਾਂ ਨੇ ਵੱਡੀ ਗਿਣਤੀ 'ਚ ਸਮੂਲੀਅਤ ਕੀਤੀ। ਸ਼ੁਰੂਆਤ 'ਚ ਆਰਤੀ ਕਰਨ ਉਪਰੰਤ ਭੋਗ ਲਗਾਇਆ ਗਿਆ ਤੇ ਸੰਗਤਾਂ ਲਈ ਚਾਹ ਤੇ ਸਮੋਸਿਆਂ ਦਾ ਲੰਗਰ ਲਗਾਇਆ ਗਿਆ। ਆਈ ਹੋਈ ਸਮੂਹ ਸੰਗਤ ਨੂੰ ਰਾਜ ਕੁਮਾਰ ਮਰਾੜ੍ਹ ਵੱਲੋਂ ਜੀ ਆਇਆਂ ਆਖਿਆ ਅਤੇ ਮਹਾਰਾਜਾ ਅਗਰਸੈਨ ਜੀ ਦੀ ਜੀਵਨੀ ਬਾਰੇ ਵਿਸਥਾਰ ਨਾਲ ਚਾਨਣਾ ਪਾਇਆ ਗਿਆ। ਅੰਤ ਵਿੱਚ ਸਾਦਿਕ ਦੇ ਪਤਵੰਤੇ ਸੱਜਣ ਅਤੇ ਪੱਤਰਕਾਰ ਭਾਈਚਾਰੇ ਨੂੰ ਵਿਸ਼ੇਸ਼ ਤੌਰ ਤੇ ਸਨਮਾਨ ਚਿੰਨ੍ਹ ਦੇ ਕਿ ਸਨਮਾਨ ਕੀਤਾ ਗਿਆ।

ਇਸ ਮੌਕੇ ਸੁਰਿੰਦਰ ਕੁਮਾਰ ਸੇਠੀ ਪ੍ਰਧਾਨ ਵਪਾਰ ਮੰਡਲ ਸਾਦਿਕ, ਸੁਰਿੰਦਰ ਕੁਮਾਰ ਛਿੰਦਾ, ਰਿਸ਼ੂ ਅੱਗਰਵਾਲ, ਲੇਖਰਾਜ ਮਿੱਤਲ, ਗੁਰਸੇਵਕ ਸ਼ਰਮਾ, ਭੋਲੂ ਵੀਰੇਵਾਲਾ, ਗੁਰਪ੍ਰੀਤ ਕੁਮਾਰ ਗੋਰਾ, ਬਿੱਟੂ ਮੌਂਗਾ, ਪਰਵੀਨ ਪਸਰੀਚਾ, ਵਿੱਕੀ ਬਾਂਸਲ, ਡਾ. ਦੀਸਾ ਸਿੰਘ ਸਾਦਿਕ, ਡਾ. ਨਿਰਮਲ ਸਿੰਘ, ਪਰਵੀਨ ਬਾਂਸਲ, ਚਰਨਜੀਤ ਨਰੂਲਾ ਬਰਾਂਚ ਮੁੱਖੀ ਨਿਰੰਕਾਰ ਭਵਨ ਸਾਦਿਕ, ਕਾਲਾ ਕਰਿਆਨਾ ਸਟੋਰ, ਪੰਡਤ ਸ਼ਤੀਸ ਕੁਮਾਰ, ਕਮਲ ਜ਼ਿਊਲਰਜ਼ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

ਕਾਰਜਕਾਰੀ ਮੈਜਿਸਟਰੇਟ ਹਰੀਸ ਕੁਮਾਰ ਵੱਲੋਂ ਕਿਸਾਨਾਂ ਨੂੰ ਪਰਾਲੀ ਦੀ ਨਾੜ ਨੂੰ ਅੱਗ ਨਾ ਲਾਉਣ ਦੀ ਅਪੀਲ

ਆਜ਼ਾਦ ਸੋਚ,
ਡਾਗ ਸਿੰਘ ਅੰਟਾਲ,
ਅਭਿਸ਼ੇਕ ਸੂਦ,
ਘਨੌਰ, 3 ਅਕਤੂਬਰ :

ਪੰਜਾਬ ਸਰਕਾਰ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸਬ ਤਹਿਸੀਲ ਘਨੌਰ ਅਧੀਨ ਪਿੰਡਾਂ ਵਿੱਚ ਪਰਾਲੀ ਦੀ ਨਾੜ ਨੂੰ ਅੱਗ ਲਾਉਣ ਤੋਂ ਰੋਕਣ ਸਬੰਧੀ ਅਤੇ ਪਰਾਲੀ ਦੀ ਨਾੜ ਸਾੜਣ ਤੋਂ ਹੋਣ ਵਾਲੇ ਨੁਕਸਾਨ ਬਾਰੇ ਜਾਗਰੂਕ ਕੀਤਾ। ਕਾਰਜਕਾਰੀ ਮੈਜਿਸਟਰੇਟ ਘਨੌਰ ਹਰੀਸ ਕੁਮਾਰ ਨੇ ਕਿਹਾ ਕਿ ਜੇਕਰ ਕੋਈ ਵੀ ਕਿਸਾਨ ਪਰਾਲੀ ਦੀ ਨਾੜ ਨੂੰ ਅੱਗ ਲਗਾਉਂਦਾ ਪਾਇਆ ਜਾਂਦਾ ਹੈ ਤਾਂ ਉਸਦੇ ਖਿਲਾਫ ਸਰਕਾਰ ਅਤੇ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਕਾਰਜਕਾਰੀ ਮੈਜਿਸਟਰੇਟ ਘਨੌਰ ਵੱਲੋਂ ਅਪੀਲ ਕੀਤੀ ਜਾਂਦੀ ਹੈ ਕਿ ਪਰਾਲੀ ਦੀ ਨਾੜ ਨੂੰ ਅੱਗ ਨਾ ਲਗਾਈ ਜਾਵੇ ਤਾਂ ਜੋ ਵਾਤਾਵਰਣ ਨੂੰ ਸਾਫ ਸੁਥਰਾ ਰੱਖਿਆ ਜਾ ਸਕੇ ਅਤੇ ਆਪਣਾ ਅਤੇ ਆਪਣੇ ਪਰਿਵਾਰ ਲਈ ਚੰਗਾ ਭਵਿੱਖ ਸਿਰਜਿਆ ਜਾ ਸਕੇ। ਇਸ ਮੌਕੇ ਐਸ.ਐਚ.ਓ. ਘਨੌਰ,ਐਸ.ਐਚ.ਓ ਗੰਡਿਆ ਖੇੜੀ ਅਤੇ ਹਲਕਾ ਪਟਵਾਰੀ ਸਾਹਿਬਾਨ ਹਾਜਰ ਸਨ।

ਜੰਡ ਸਾਹਿਬ ਵਿਖੇ ਸਿਹਤ ਸੰਸਥਾਵਾਂ ਨੂੰ ਕਾਲਾ ਪੀਲੀਆ ਸਬੰਧੀ ਜਾਗਰੂਕਤਾ ਸਮੱਗਰੀ ਜਾਰੀ

ਆਜ਼ਾਦ ਸੋਚ,
ਗੁਲਜ਼ਾਰ ਮਦੀਨਾ,
ਸਾਦਿਕ, 3 ਅਕਤੂਬਰ :

ਸਿਵਲ ਸਰਜਨ ਫ਼ਰੀਦਕੋਟ ਡਾ.ਚੰਦਰ ਸ਼ੇਖਰ ਕੱਕੜ ਦੇ ਦਿਸ਼ਾ-ਨਿਰਦੇਸ਼ਾਂ ਅਤੇ ਐੱਸ.ਐੱਮ.ਓ ਡਾ.ਰਾਜੀਵ ਭੰਡਾਰੀ ਦੀ ਯੋਗ ਅਗਵਾਈ ਹੇਠ ਜੰਡ ਸਾਹਿਬ ਦੇ ਮੋਨ ਵੈਕਸੀਨ ਸਟੋਰ ਵਿਖੇ ਮਲਟੀ ਪਰਪਜ਼ ਹੈਲਥ ਸੁਪਰਵਾਈਜ਼ਰਾਂ ਨਾਲ ਮਹੀਨਾਵਾਰ ਮੀਟਿੰਗ ਅਯੋਜਿਤ ਕੀਤੀ ਗਈ। ਇਸ ਮੌਕੇ ਆਈ.ਈ.ਸੀ ਨੋਡਲ ਅਫਸਰ ਬੀ.ਈ.ਈ ਡਾ.ਪ੍ਰਭਦੀਪ ਸਿੰਘ ਚਾਵਲਾ, ਸਟਾਫ਼ ਨਰਸ ਰਾਜਬੀਰ ਕੌਰ ਅਤੇ ਸੀ.ਓ ਵਿਕਾਸ ਗੁਪਤਾ ਨੇ ਬਲਾਕ ਅਧੀਨ ਸਿਹਤ ਸੇਵੇਵਾਂ, ਸਹੂਲਤਾਂ ਅਤੇ ਸਰਗਰਮੀਆਂ ਸਬੰਧੀ ਰਿਪੋਰਟਾਂ ਇਕੱਤਰ ਕੀਤੀਆਂ। ਪਿੰਡਾਂ ਵਿੱਚ ਆਮ ਲੋਕਾਂ ਨੂੰ ਸਿਹਤ ਵਿਭਾਗ ਅਧੀਨ ਕਾਲਾ ਪੀਲੀਆ ਦੇ ਉਪਲੱਬਧ ਮੁਫ਼ਤ ਟੈਸਟ ਅਤੇ ਇਲਾਜ ਬਾਰੇ ਸੁਚੇਤ ਕਰਨ ਦੇ ਮੰਤਵ ਤਹਿਤ ਸਮੂਹ ਸੁਪਰਵਾਈਜ਼ਰਾਂ ਨੂੰ ਜਾਗਰੂਕਤਾ ਸਮੱਗਰੀ ਤਕਸੀਮ ਕੀਤੀ ਗਈ ਤਾਂ ਜੋ ਹਰ ਸਿਹਤ ਸੰਸਥਾ ਰਾਹੀ ਆਮ ਲੋਕਾਂ ਤੱਕ ਸਿਹਤ ਵਿਭਾਗ ਦਾ ਸੁਨੇਹਾ ਪਹੁੰਚਾਇਆ ਜਾ ਸਕੇ। ਇਸ ਮੌਕੇ ਬੀ.ਈ.ਈ ਡਾ.ਪ੍ਰਭਦੀਪ ਨੇ ਜਾਣਕਾਰੀ ਦਿੱਤੀ ਕਿ ਕਾਲਾ ਪੀਲੀਆ ਰੋਗ ਵਿੱਚ ਜਿਗਰ ਦੀ ਸੋਜ਼ ਹੋ ਜਾਂਦੀ ਹੈ ਅਤੇ ਇਸ ਕਾਰਨ ਭੁੱਖ ਦੀ ਕਮੀ, ਬੁਖਾਰ, ਪੇਟ ਦਰਦ ਅਤੇ ਉਲਟੀਆਂ ਆਉਣਾ ਆਦਿ ਲੱਛਣ ਪ੍ਰਗਟ ਹੋ ਸਕਦੇ ਹਨ। ਦੂਸ਼ਿਤ ਖਾਣ ਪੀਣ ਵਾਲੀਆਂ ਚੀਜ਼ਾ ਅਤੇ ਸੰਕਰਮਿਤ ਖੂਨ ਦੇ ਸੰਪਰਕ ਵਿੱਚ ਆਉਣ ਨਾਲ, ਮਾਂ ਦੁਆਰਾ ਬੱਚੇ ਨੂੰ ਜਨਮ ਦੇਣ ਸਮੇਂ ਦੂਸ਼ਿਤ ਸੂਈਆਂ ਸਰਿੰਜ਼ਾਂ ਦੀ ਵਰਤੋਂ ਨਾਲ, ਟੈਟੂ ਬਨਾਉਣ ਕਾਰਨ ਅਤੇ ਅਸੁਰੱਖਿਅਤ ਜਿਨਸੀ ਸਬੰਧਾ ਕਾਰਨ ਫੈਲ ਸਕਦਾ ਹੈ। ਉਨ੍ਹਾਂ ਪੀਲੀਆ ਰੋਗ ਦੀਆਂ ਵੱਖ-ਵੱਖ ਕਿਸਮਾਂ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਰਾਸ਼ਟਰੀ ਟੀਕਾਕਰਨ ਪ੍ਰੋਗਰਾਮ ਤਹਿਤ ਹੈਪੇਟਾਈਟਸ ਬੀ ਤੋਂ ਬਚਾਅ ਲਈ ਸਾਰੇ ਲਾਭਪਾਤਰੀ ਬੱਚਿਆਂ ਦਾ ਮੁਫ਼ਤ ਟੀਕਾਕਰਨ ਕੀਤਾ ਜਾਂਦਾ ਹੈ। ਪੰਜਾਬ ਸਰਕਾਰ ਵੱਲੋਂ ਨੈਸ਼ਨਲ ਵਾਇਰਲ ਕੰਟਰੋਲ ਪ੍ਰੋਗਰਾਮ ਤਹਿਤ ਹੈਪੇਟਾਈਟਸ ਬੀ ਅਤੇ ਸੀ ਦੀ ਜਾਂਚ ਅਤੇ ਇਲਾਜ ਦੀਆਂ ਸਹੂਲਤਾਂ 23 ਜ਼ਿਲ੍ਹਾ ਹਸਪਤਾਲਾਂ, 3 ਸਰਕਾਰੀ ਮੈਡੀਕਲ ਕਾਲਜਾਂ, 2 ਸਬ-ਡਿਵੀਜ਼ਨਲ ਹਸਪਤਾਲਾਂ, 13 ਏ.ਆਰ.ਟੀ ਕੇਂਦਰਾਂ ਅਤੇ 11 ਓ.ਐਸ.ਟੀ ਕੇਂਦਰਾਂ ਤੇ ਮੁਫ਼ਤ ਉਪਲੱਬਧ ਹਨ। ਮੀਟਿੰਗ ਵਿੱਚ ਹੈਲਥ ਸੁਪਰਵਾਈਜ਼ਰ ਮਨਜੀਤ ਕੌਰ, ਮੰਜੂਬਾਲਾ, ਜਸਵੀਰ ਕੌਰ, ਜਗਪਾਲ ਕੌਰ, ਚਰਨਜੀਤ ਕੌਰ, ਸੁਨੀਤਾ ਰਾਣੀ ਅਤੇ ਕੰਵਲਜੀਤ ਕੌਰ ਵੱਲੋਂ ਆਪਣੇ-ਆਪਣੇ ਸੈਕਟਰ ਅਧੀਨ ਪਿੰਡਾਂ ਦਾ ਦੌਰਾ ਕਰਕੇ ਫੀਲਡ ਸਟਾਫ਼ ਵੱਲੋਂ ਕੀਤੇ ਜਾ ਰਹੇ ਕੰਮਾਂ ਸਬੰਧੀ ਵਿਚਾਰ ਪੇਸ਼ ਕੀਤੇ ਗਏ।

ICICI Home Finance

ਕਾਰਪੋਰੇਟ ਅਫਿਸ : ਆਈਸੀਆਈਸੀਆਈ ਹੋਮ ਫਾਈਨਾਂਸ ਕੰਪਨੀ ਲਿਮ. ਆਈਸੀਆਈਸੀਆਈ ਐਚਐਫਸੀ ਟਾਵਰ, ਅੰਧੇਰੀ-ਕੁਰਲਾ ਰੋਡ, ਅੰਧੇਰੀ (ਪੂਰਬ), ਮੁੰਬਈ-400059, ਇੰਡੀਆ

ਬਰਾਂਚ ਆਫਿਸ: ਪਹਿਲੀ ਮੰਜਿਲ, ਜੇਟੀਐਸ ਅਸਟੇਟ, ਸ਼ੋਅਰੂਮ ਨੰ.3, ਭੁਪਿੰਦਰਾ ਰੋਡ, ਪਟਿਆਲਾ-147001

ਨਿੱਜੀ ਸੰਧੀ ਰਾਹੀਂ ਅਚੱਲ ਜਾਇਦਾਦ ਦੀ ਵਿਕਰੀ ਲਈ ਨੋਟਿਸ

ਸਕਿਊਰਿਟਾਈਜੇਸਨ ਐਂਡ ਰਿਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰਸਟ ਐਕਟ 2002 ਨਾਲ ਪੜ੍ਹੇ ਜਾਂਦੇ ਰੂਲ 8(8) ਨਾਲ ਪੜ੍ਹੇ ਜਾਂਦੇ ਸਕਿਊਰਿਟੀ ਇੰਟਰਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9(1) ਅਧੀਨ ਨਿੱਜੀ ਸੰਧੀ ਰਾਹੀਂ ਅਚੱਲ ਸੰਪਤੀਆਂ ਦੀ ਵਿਕਰੀ ਦਾ ਸੇਲ ਨੋਟਿਸ।

ਆਈਸੀਆਈਸੀਆਈ ਹੋਮ ਫਾਈਨਾਂਸ ਕੰਪਨੀ ਲਿਮ. (ਆਈਸੀਆਈਸੀਆਈ ਐਚਐਫਸੀ) ਨੇ ਹੇਠਾਂ ਦਿੱਤੀਆਂ ਗਿਰਵੀ ਰੱਖੀ ਜਾਇਦਾਦਾਂ ਦੀ ਕਈਂ ਵਾਰ ਵਿਕਰੀ ਲਈ ਕਈ ਵਾਰੀ ਨਿਲਾਮੀ ਬੋਲੀ ਰੱਖੀ ਸੀ, ਹਾਲਾਂਕਿ, ਇਹ ਸਾਰੀਆਂ ਬੋਲੀਆਂ ਅਸਫਲ ਰਹੀਆਂ ਸਨ। ਹੁਣ, ਇੱਕ ਇਛੁੱਕ ਖਰੀਦਾਰ ਨੇ ਆਈਸੀਆਈਸੀਆਈ ਐਚਐਫਸੀ ਕੋਲ ਉਕਤ ਜਾਇਦਾਦ ਨੂੰ **ਰੁ. 23,50,000/-**ਦੀ ਰਕਮ ਵਿੱਚ ਖਰੀਦਣ ਦੀ ਪੇਸ਼ਕਸ਼ ਦੇ ਨਾ

ਬਲਾਕ ਘਨੌਰ ਦੇ ਪਿੰਡ ਸੇਖ਼ਪੁਰ ਰਾਜਪੂਤਾਂ ਵਾਸੀਆਂ ਨੇ ਚੁਣਿਆ ਗੁਰਜੀਤ ਕੌਰ ਨੂੰ ਸਰਬਸੰਮਤੀ ਨਾਲ ਸਰਪੰਚ

ਆਜ਼ਾਦ ਸੋਚ, ਅਭਿਸ਼ੇਕ ਸੂਦ, ਭਾਗ ਸਿੰਘ ਅੰਟਾਲ, ਘਨੌਰ, 3 ਅਕਤੂਬਰ :

==========

ਬਲਾਕ ਘਨੌਰ ਜਿਲ੍ਹਾ ਪਟਿਆਲਾ ਦੇ ਪਿੰਡ ਸੇਖ਼ਪੁਰ ਰਾਜਪੂਤਾਂ ਵਿਖੇ ਸਮੁੱਚੇ ਪਿੰਡ ਵਾਸੀਆਂ ਵਲੋਂ ਪਿੰਡ ਸੇਖ਼ਪੁਰ ਰਾਜਪੂਤਾਂ ਦੀ ਨੌਜਵਾਨ ਆਗੂ ਗੁਰਜੀਤ ਕੌਰ ਨੂੰ ਸਰਬਸੰਮਤੀ ਨਾਲ ਸਰਪੰਚ ਚੁਣ ਲਿਆ ਗਿਆ ਜਿਸ ਦੀ ਪ੍ਰਵਾਨਗੀ ਪਿੰਡ ਦੇ ਪਤਵੰਤੇ ਸੱਜਣਾਂ, ਤੇ ਨੌਜਵਾਨਾਂ ਦੀ ਹਾਜਰੀ ਵਿੱਚ ਕਿੱਤੀ ਗਈ ਪਿੰਡ ਵਾਸੀਆਂ ਨੇ ਏਕਤਾ ਦਾ ਸਬੂਤ ਦੇ ਕੇ ਸਰਪੰਚੀ ਤੇ ਮੋਹਰ ਲਾਈ।ਇਸ ਮੌਕੇ ਪਿੰਡ ਸੇਖ਼ਪੁਰ ਰਾਜਪੂਤਾਂ ਦੀ ਪੰਚਾਇਤ ਚ ਗੁਰਜੀਤ ਕੌਰ ਪਤਨੀ ਜਗਸੀਰ ਸਿੰਘ ਔਲਖ ਨੂੰ ਸਰਪੰਚ ਚੁਣਿਆ ਗਿਆ।ਇਸ ਮੌਕੇ ਦਵਿੰਦਰ ਕੌਰ ਪਤਨੀ ਦਿਲਬਾਗ ਸਿੰਘ, ਸੁਖਰਾਮ ਸਿੰਘ ਸਪੁੱਤਰ ਦਰਸ਼ਨ ਸਿੰਘ, ਯਾਦਵਿੰਦਰ ਸਿੰਘ ਸਪੁੱਤਰ ਸਰਨ ਪਾਲ, ਹਰਬੰਸ ਕੌਰ ਪਤਨੀ ਸੁਖਵਿੰਦਰ ਸਿੰਘ, ਗੁਰਭੇਜ ਸਿੰਘ ਸਪੁੱਤਰ ਕਾਲਾ ਸਿੰਘ ਜੀ ਦੀ ਮੈਂਬਰ ਪੰਚਾਇਤ ਵਜੋਂ ਚੋਣ? ਕੀਤੀ ਗਈ। ਪਿੰਡ ਦੇ ਸਾਰੇ ਭਾਈਚਾਰੇ ਵਲੋਂ ਸਹਿਮਤੀ ਦਿੱਤੀ ਗਈ ਹੈ। ਗੁਰਜੀਤ ਕੌਰ ਨੂੰ ਸਰਪੰਚ ਚੁਣੇ ਜਾਣ ਤੇ ਪਿੰਡ ਵਾਸੀਆਂ ਵੱਲੋਂ ਸਮੁੱਚੇ ਪਰਿਵਾਰ ਨੂੰ ਅਤੇ ਹਲਕਾ ਵਿਧਾਇਕ ਗੁਰਲਾਲ ਘਨੌਰ ਵਲੋਂ ਵਧਾਈਆਂ ਦਿੱਤੀਆਂ ਤੇ ਕਿਹਾ ਸਾਰੇ ਪਿੰਡਾਂ ਵਿੱਚ ਵੱਧ ਤੋਂ ਵੱਧ ਪੰਚਾਇਤਾਂ ਸਰਬਸੰਮਤੀ ਨਾਲ ਬਣਾਓ ਤਾਂ ਕੀ ਅਪਸੀ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਿਆ ਜਾਵੇ। ਉਹਨਾਂ ਕਿਹਾ ਸਰਦਾਰ ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਨੇ ਸ਼ਾਂਤਮਈ ਢੰਗ ਨਾਲ ਚੋਣਾਂ ਕਰਵਾਉਣ ਦਾ ਐਲਾਨ ਕੀਤਾ ਹੋਇਆ ਹੈ। ਉਹਨਾਂ ਕਿਹਾ ਕਿ ਇਸ ਤਰ੍ਹਾਂ ਆਪਸੀ ਸਹਿਮਤੀ ਨਾਲ ਪਿੰਡਾਂ ਵਿੱਚ ਗੁੱਟਬੰਦੀ ਤੇ ਲੜਾਈ ਝਗੜੇ ਤੋਂ ਵੀ ਨਿਜਾਤ ਮਿਲੇਗੀ। ਉਹਨਾਂ ਕਿਹਾ ਕਿ ਪਿੰਡਾਂ ਵਿੱਚ ਸਰਬਸੰਮਤੀ ਨਾਲ ਸਰਪੰਚ ਬਣਾਉਣ ਤੇ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਲਈ ਪੰਜ ਲੱਖ ਰੁਪਏ ਦਿੱਤੇ ਜਾਣਗੇ। ਉਹਨਾਂ ਕਿਹਾ ਕਿ ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਦੀ ਯੋਗ ਅਗਵਾਈ ਹੇਠ ਪੰਜਾਬ ਵਿੱਚ ਪੰਚਾਇਤੀ ਚੋਣਾਂ ਦੀ ਪ੍ਰਕਿਰਿਆ ਬਹੁਤ ਹੀ ਸ਼ਾਂਤਮਈ ਸਚਾਰੂ ਢੰਗ ਨਾਲ ਅਪਣਾਈ ਜਾ ਰਹੀ ਹੈ। ਇਸ ਮੌਕੇ ਆਪ ਯੂਥ ਆਗੂ ਇੰਦਰਜੀਤ ਸਿੰਘ ਸਿਆਲੂ, ਆਪ ਆਗੂ ਪਲਵਿੰਦਰ ਸਿੰਘ ਸਰਪੰਚ, ਪੀ ਏ ਕੁਲਵੰਤ ਕੋਚ, ਗੁਰਤਾਜ ਸਿੰਘ ਸੰਧੂ ਪੀ ਏ, ਗੁਰਸੇਵਕ ਢਿੱਲੋਂ, ਅੰਗਰੇਜ ਸਿੰਘ, ਔਲੱਖ, ਤਜਿੰਦਰ ਭੰਗੂ,ਪਿੰਦਰ ਸੇਖੋਂ ਬਘੌਰਾ,ਕੁਲਵਿੰਦਰ ਸਿੰਘ ਲਾਛੜੂ ਖੁਰਦ ਆਦਿ ਹਾਜਰ ਸਨ।

ਸਰਕਾਰ ਕਿਸਾਨਾਂ ਨੂੰ ਡੀਏਪੀ ਦੀ ਤੋਟ ਨਾ ਆਉਣ ਦੇਵੇ : ਕਿਸਾਨ ਆਗੂ

ਆਜ਼ਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 3 ਅਕਤੂਬਰ:

ਕਣਕ ਦੀ ਬਜਾਈ ਇਸ ਮਹੀਨੇ ਦੇ ਅਖੀਰ ਤੋਂ ਸ਼ੁਰੂ ਹੋਣ ਵਾਲੀ ਹੈ। ਜਿਸ ਸਬੰਧੀ ਕਿਸਾਨਾਂ ਨੂੰ ਡੀਏਪੀ ਖਾਦ ਦੀ ਤੋਟ ਨਹੀਂ ਆਉਣੀ ਚਾਹੀਦੀ, ਸਰਕਾਰ ਇਸ ਦਾ ਜਲਦੀ ਪ੍ਰਬੰਧ ਕਰੇ। ਇਹ ਵਿਚਾਰ ਭਾਰਤੀ ਕਿਸਾਨ ਯੂਨੀਅਨ ਏਕਤਾ ਰਾਜੇਵਾਲ ਦੇ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਨੇ ਆਪਣੇ ਸਾਥੀਆਂ ਦੀ ਹਾਜ਼ਰੀ ਵਿੱਚ ਇੱਕ ਕਾਰਵਾਈ ਮਤੇ ਰਾਹੀਂ ਲਿਖਤੀ ਤੌਰ ਤੇ ਪ੍ਰਗਟ ਕੀਤੇ। ਉਹਨਾਂ ਅੱਗੇ ਕਿਹਾ, ਕਿ ਝੋਨੇ ਦੀ ਫਸਲ ਮੰਡਿਆ ਵਿੱਚ ਪਹੁੰਚ ਚੁੱਕੀ ਹੈ ਪ੍ਰੰਤੂ ਕੋਈ ਖਰੀਦ ਇੰਸਪੈਕਟਰ, ਸ਼ੈਲਰ ਮਾਲਕ ਨਹੀਂ ਪਹੁੰਚ ਰਿਹਾ। ਜਿਸ ਕਾਰਨ ਕਿਸਾਨ ਖੱਜਲ ਖੁਆਰ ਹੋ ਰਹੇ ਹਨ। ਇਸ ਲਈ ਪੰਜਾਬ ਸਰਕਾਰ ਇਸ ਦਾ ਫੌਰੀ ਹੱਲ ਕਰੇ। ਉਹਨਾਂ ਅੱਗੇ ਕਿਹਾ ਕਿ ਜੋ ਜੀਰੀ ਦੀ ਪਰਾਲੀ ਹੈ ਉਸਦਾ ਪ੍ਰਬੰਧ ਵੀ ਸਰਕਾਰ ਕਰੇ ਤਾਂ ਕਿ ਕਿਸਾਨ ਪਰਾਲੀ ਦੀ ਰਹਿਣ ਖੂੰਦ ਨੂੰ ਅੱਗ ਨਾ ਲਾਉਣ ਅਤੇ ਹਵਾ ਦੀ ਗੁਣਵੱਤਾ ਵੀ ਬਣੀ ਰਹੇ। ਪ੍ਰਧਾਨ ਬਲਵਿੰਦਰ ਸਿੰਘ ਨੇ ਕਿਹਾ ਕਿ ਭਲਕੇ 5 ਅਕਤੂਬਰ ਨੂੰ ਹਰੇਕ ਹਲਕੇ ਦੇ ਇੰਚਾਰਜ, ਐਮਐਲਏ ਜਾਂ ਮੰਤਰੀ ਨੂੰ ਮਿਲ ਕੇ ਇਸਦੇ ਸਬੰਧ ਵਿੱਚ ਸਾਰਿਆਂ ਤਕਲੀਫਾਂ ਧਿਆਨ ਵਿੱਚ ਪੰਜਾਬ ਪੱਧਰ ਤੇ ਲਿਆਂਦੀਆਂ ਜਾਣਗੀਆਂ। ਇਸ ਸਮੇਂ ਪ੍ਰਧਾਨ ਤੋਂ ਇਲਾਵਾ ਹਰਵਿੰਦਰ ਸਿੰਘ ਸਕੱਤਰ, ਸੈਕਟਰੀ ਗਮਦੂਰ ਸਿੰਘ ਘੋੜੇਨਬ, ਜੰਟਾ ਸਿੰਘ, ਬੰਤ ਸਿੰਘ, ਮਿੱਠੂ ਰਾਮ, ਭੁਪਿੰਦਰ ਸਿੰਘ, ਜਗਦੇਵ ਸਿੰਘ, ਲੀਲਾ ਸਿੰਘ, ਨਾਜਰ ਸਿੰਘ ਰਾਮਗੜ੍ਹ, ਛੱਜੂ ਸਿੰਘ ਸੰਗਤਪੁਰਾ, ਮਹਿੰਦਰ ਸਿੰਘ ਕੋਟੜਾ ਆਦਿ ਕਿਸਾਨ ਮੌਜੂਦ ਸਨ।

ਮਹਾਰਾਜਾ ਅਗਰਸੈਨ ਜੈਯੰਤੀ ਸਬੰਧੀ ਹੋਇਆ ਸਮਾਰੋਹ

ਅਗਰਵਾਲ ਸਮਾਜ ਨੂੰ ਇੱਕਜੁੱਟ ਹੋ ਕੇ ਚੱਲਣ ਦੀ ਲੋੜ : ਗੋਇਲ

ਆਜ਼ਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 3 ਅਕਤੂਬਰ:

ਸਥਾਨਕ ਸ਼ਹਿਰ ਵਿਖੇ ਮਹਾਰਾਜਾ ਅਗਰਸੈਨ ਜੈਯੰਤੀ ਸਬੰਧੀ ਸਮਾਰੋਹ ਬਾਬਾ ਮਸਤ ਰਾਮ ਗੀਤਾ ਭਵਨ ਕਮੇਟੀ ,ਅਗਰਵਾਲ ਸਭਾ, ਮਹਾਰਾਜ ਅਗਰਸੈਨ ਸੇਵਾ ਮਹਾਂਸੰਘ ਲਹਿਰਾਗਾਗਾ ਅਤੇ ਸ੍ਰੀ ਵਿਸ਼ਾਲ ਦੁਰਗਾ ਕੀਰਤਨ ਮੰਡਲ ਵੱਲੋਂ ਬਾਬਾ ਮਸਤ ਰਾਮ ਸਮਾਧੀ ਵਿਖੇ ਉਤਸ਼ਾਹ ਪੂਰਵਕ ਮਨਾਈ ਗਈ। ਕੈਬਨਿਟ ਮੰਤਰੀ ਪੰਜਾਬ ਬਰਿੰਦਰ ਗੋਇਲ ਦੇ ਸਪੁੱਤਰ ਤੇ ਅਗਰਵਾਲ ਸਭਾ ਯੂਥ ਦੇ ਜ਼ਿਲ੍ਹਾ ਪ੍ਰਧਾਨ ਗੌਰਵ ਗੋਇਲ, ਅਗਰਵਾਲ ਸਭਾ ਮਹਿਲਾ ਵਿੰਗ ਦੇ ਸੂਬਾ ਪ੍ਰਧਾਨ ਅਤੇ ਨੈਸ਼ਨਲ ਐਵਾਰਡੀ ਮੈਡਮ ਕਾਂਤਾ ਗੋਇਲ ਨੇ ਮੁੱਖ ਮਹਿਮਾਨ ਵਜੋਂ ਇਸ ਸਮਾਗਮ ਵਿੱਚ ਸ਼ਾਮਿਲ ਹੁੰਦਿਆ ਮਹਾਰਾਜਾ ਅਗਰਸੈਨ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਇਸ ਮੌਕੇ ਬੋਲਦਿਆਂ ਗੌਰਵ ਗੋਇਲ ਅਤੇ ਮੈਡਮ ਕਾਂਤਾ ਗੋਇਲ ਨੇ ਅਗਰਵਾਲ ਸਮਾਜ ਨੂੰ ਅਗਰਸੈਨ ਜੈਯੰਤੀ ਦੀ ਵਧਾਈ ਦਿੰਦਿਆ ਕਿਹਾ, ਕਿ ਅਗਰਸੈਨ ਵਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਾਨੂੰ ਜ਼ਰੂਰਤਮੰਦ ਅਗਰਵਾਲ ਪਰਿਵਾਰਾਂ ਦੀ ਮੱਦਦ ਕਰਨੀ ਚਾਹੀਦੀ ਹੈ ਅਤੇ ਅਗਰਵਾਲ ਸਮਾਜ ਨੂੰ ਇਕ ਝੰਡੇ ਹੇਠ ਇਕੱਠੇ ਹੋ ਕੇ ਅਗਰਵਾਲ ਸਮਾਜ ਵਿਚ ਫੈਲੀਆਂ ਕੁਰੀਤੀਆਂ ਦੂਰ ਕਰਨ ਦੀ ਲੋੜ ਹੈ। ਇਸ ਮੌਕੇ ਉੱਘੇ ਸਮਾਜ ਸੇਵੀ ਜਸ ਪੇਂਟਰ, ਗਰੀਬ ਪਰਿਵਾਰ ਫੰਡ ਦੇ ਪ੍ਰਧਾਨ ਸੰਜੀਵ ਕੁਮਾਰ ਰੋਡਾ, ਪ੍ਰਿੰਸੀਪਲ ਹੰਸ ਰਾਜ, ਭਾਜਪਾ ਦੇ ਸੰਦੀਪ ਦੀਪੂ, ਅਸ਼ਵਨੀ ਸਿੰਗਲਾ, ਬਾਬਾ ਮਸਤ ਰਾਮ ਸਮਾਧ ਦੇ ਪ੍ਰਧਾਨ ਰਜੇਸ਼ ਕੁਮਾਰ ਭੋਲਾ ,ਪਵਨ ਕੁਮਾਰ, ਜੈ ਨਰਾਇਣ ਸਿੰਗਲਾ, ਕ੍ਰਿਸ਼ਨ ਕਾਲਬੰਜਾਰਾ, ਵਿਸ਼ਾਲ ਮੰਦਰ ਦੇ ਪ੍ਰਧਾਨ ਸੁਰਿੰਦਰ ਡਿਸਕੋ, ਅਗਰਵਾਲ ਸਭਾ ਮਹਿਲਾ ਵਿੰਗ ਦੇ ਪ੍ਰਧਾਨ ਡਾਕਟਰ ਮੀਨੂ ਮਿੱਤਲ ,ਮੈਡਮ ਵਿਜੇ ਰਾਣੀ, ਗਊਸ਼ਾਲਾ ਕਮੇਟੀ ਦੇ ਰਾਮਪਾਲ ਭੁਟਾਲ ਵਾਲੇ, ਸ਼ੀਸਪਾਲ ਗਰਗ, ਮਨੋਹਰ ਲਾਲ ਮਨੋਹਰੀ , ਰਾਕੇਸ਼ ਸਿੰਗਲਾ, ਤਰਸੇਮ ਚੰਦ ਖੱਦਰ ਭੰਡਾਰ, ਐਡਵੋਕੇਟ ਅਸ਼ੋਕ ਗਰਗ, ਰਾਜ ਕੁਮਾਰ ਮੈਨੇਜਰ , ਮੌਜੂਦ ਸਨ ਇਸ ਸਮੇਂ ਸੰਸਥਾਂ ਦੇ ਪ੍ਰਧਾਨ ਅਸ਼ੋਕ ਗਰਗ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਤੋਂ ਇਲਾਵਾ ਅਗਰਵਾਲ ਸਭਾ ਲਹਿਰਾਗਾਗਾ ਵੱਲੋਂ ਮੰਡੀ ਧਰਮਸ਼ਾਲਾ ਉੱਪਰ ਸੁਸ਼ੋਭਿਤ ਮਹਾਰਾਜਾ ਅਗਰਸੈਨ ਜੀ ਦੀ ਮੂਰਤੀ ਉਪਰ ਫੁੱਲ ਮਾਲਾ ਪਹਿਨਾਈ ਗਈ।

ਸੰਤੋਸ਼ ਕਟਾਰੀਆ ਵਿਧਾਇਕ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਮਿਲਕੇ ਸੇਹਤਯਾਬੀ ਦੀ ਕੀਤੀ ਕਾਮਨਾ

ਆਜ਼ਾਦ ਸੋਚ, ਤੇਜ ਪ੍ਰਕਾਸ਼ ਖਾਸਾ, ਬਲਾਚੌਰ, 3 ਅਕਤੂਬਰ :

ਜਦੋਂ ਇੱਕ ਖੇਤਰ ਵਿੱਚ ਕੰਮ ਕਰਦੇ ਹੋਇਏ ਤਾਂ ਆਪਸੀ ਭਾਈਚਾਰਕ ਸਾਂਝ ਬਣ ਜਾਂਦੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਬੀਬੀ ਸੰਤੋਸ਼ ਕਟਾਰੀਆ ਵਿਧਾਇਕ ਹਲਕਾ ਬਲਾਚੌਰ ਨੇ ਕਰਦਿਆਂ ਹੋਇਆਂ ਕਿਹਾ ਕਿ ਉਹ ਬੀਤੇ ਦਿਨੀਂ ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਦੀ ਖ਼ਬਰ ਲੈਣ ਲਈ ਚੰਡੀਗੜ੍ਹ ਵਿਖੇ ਉਨ੍ਹਾਂ ਦੀ ਰਿਹਾਇਸ਼ ਤੇ ਪਹੁੰਚੇ ਜੋ ਕਿ ਉਹ ਪਿਛਲੇ ਦਿਨੀਂ ਬਿਮਾਰ ਹੋ ਗਏ ਸਨ ਤੇ ਉਹਨਾਂ ਦੀ ਸੇਹਤਯਾਬੀ ਦੀ ਪ੍ਰਮਾਤਮਾ ਅੱਗੇ ਦੁਆ ਕੀਤੀ। ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਨਾਲ ਕਾਫੀ ਚਰਚਾ ਹੋਈ ਉਹਨਾਂ ਹਲਕਾ ਬਲਾਚੌਰ ਦੇ ਪੰਚਾਇਤੀ ਚੋਣਾਂ ਵਾਰੇ ਵੀ ਵਿਸ਼ੇਸ਼ ਚਰਚਾ ਕੀਤੀ। ਉਹਨਾਂ ਨੂੰ ਮੈਂ ਵਿਸਤਾਰ ਨਾਲ ਬਲਾਚੌਰ ਹਲਕੇ ਦੀ ਜਾਣਕਾਰੀ ਦਿੱਤੀ। ਇਸ ਮੌਕੇ ਉਨ੍ਹਾਂ ਨਾਲ ਕਰਨਵੀਰ ਕਟਾਰੀਆ ਯੂਥ ਆਗੂ ਆਪ ਵੀ ਖ਼ਬਰ ਲੈਣ ਲਈ ਪਹੁੰਚੇ। ਇਸ ਦੀ ਜਾਣਕਾਰੀ ਮੀਡੀਆ ਨੂੰ ਦਿੰਦੇ ਹੋਏ ਚੰਦਰ ਮੋਹਨ ਜੇਡੀ ਮੀਡੀਆ ਇੰਚਾਰਜ ਨੇ ਕਿਹਾ ਕਿ ਪੂਰੇ ਪੰਜਾਬ ਦੇ ਵਸਨੀਕਾਂ ਦੀਆਂ ਦੁਆਵਾਂ ਸਦਕਾ ਭਗਵੰਤ ਮਾਨ ਜੀ ਜਲਦ ਠੀਕ ਹੋ ਪਾਏ ਹਨ।

ਹਲਕਾ ਵਿਧਾਇਕ ਜਸਬੀਰ ਸਿੰਘ ਰਾਜਾ ਨੇ ਰਾਮਾ ਡਰਾਮਾਟਿਕ ਕਲੱਬ ਰਾਮਲੀਲਾ ਦਾ ਉਦਘਾਟਨ ਕੀਤਾ

ਆਜ਼ਾਦ ਸੋਚ, ਤੇਜਿੰਦਰ ਸਿੰਘ, ਟਾਂਡਾ ਉੜਮੁੜ, 3 ਅਕਤੂਬਰ :

ਟਾਂਡਾ ਉੜਮੁੜ ਵਿੱਚ ਜੈ ਸ਼੍ਰੀ ਰਾਮ ਦੇ ਜੈਕਾਰਿਆਂ ਦੀ ਗੂੰਜ ਵਿੱਚ 45 ਵਾ ਰਾਮਲੀਲਾ ਦਾ ਮੰਚਨ ਸ਼ੁਰੂ ਹੋਇਆ। ਸ੍ਰੀ ਰਾਮਾ ਡਰਾਮਾਟਿਕ ਕਲੱਬ ਵੱਲੋਂ ਪ੍ਰਧਾਨ ਮਿੱਟੂ ਬਹਿਲ ਨਵਦੀਪ ਕੁਮਾਰ ਦੀ ਅਗਵਾਈ ਵਿੱਚ ਕਰਵਾਈ ਜਾ ਰਹੀ ਰਾਮਲੀਲਾ ਦਾ ਉਦਘਾਟਨ ਹਲਕੇ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਵੱਲੋਂ ਕੀਤਾ ਗਿਆ। ਜਿਸ ਵਿੱਚ ਹਲਕੇ ਦੇ ਵਿਧਾਇਕ ਨੂੰ ਮੁੱਖ ਮਹਿਮਾਨ ਵਜੋਂ ਕਮੇਟੀ ਦੇ ਮੈਂਬਰਾਂ ਵੱਲੋਂ ਬੁਲਾਇਆ ਗਿਆ ਉਹਨਾਂ ਦੇ ਨਾਲ ਹਰੀ ਕ੍ਰਿਸ਼ਨ ਸੈਣੀ, ਦੀਪਕ ਬਹਿਲ, ਹਰਵਿੰਦਰ ਸਿੰਘ ਕਲੋਟੀ ਲੰਬੜਦਾਰ, ਸੋਨੂ ਖੰਨਾ, ਪ੍ਰੇਮ ਬਡਵਾਲ,ਵਿਕਾਸ, ਪੰਕਜ ਸਚਦੇਵਾ, ਨਵਦੀਪ ਕੁਮਾਰ ਛਤਰੂ ਨਰਿੰਦਰ ਅਰੋੜਾ, ਆਦਿ ਹਾਜ਼ਰ ਸਨ। ਇਸ ਮੌਕੇ ਤੇ ਜਸਵੀਰ ਸਿੰਘ ਰਾਜਾ ਨੇ ਮਰਿਆਦਾ ਪੁਰਸ਼ੋਤਮ ਸ੍ਰੀ ਰਾਮ ਜੀ ਦੀ ਸਮੀਖਿਆ ਤੇ ਚੱਲਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਵਿਧਾਇਕ ਜਸਬੀਰ ਸਿੰਘ ਰਾਜਾ ਅਤੇ ਹੋਰ ਮਹਾਨ ਹਸਤੀਆਂ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸ੍ਰੀ ਰਮਾਇਣ ਦੇ ਵੱਖ ਵੱਖ ਪ੍ਰਸੰਗਾਂ ਦਾ ਮੰਚਨ ਕੀਤਾ ਗਿਆ।

ਸਰਕਾਰ ਕਿਸਾਨਾਂ ਨੂੰ ਡੀਏਪੀ ਦੀ ਤੋਟ ਨਾ ਆਉਣ ਦੇਵੇ : ਕਿਸਾਨ ਆਗੂ

ਆਜ਼ਾਦ ਸੋਚ, ਸ਼ੰਭੂ ਗੋਇਲ, ਲਹਿਰਾਗਾਗਾ, 3 ਅਕਤੂਬਰ:

ਕਣਕ ਦੀ ਬਜਾਈ ਇਸ ਮਹੀਨੇ ਦੇ ਅਖੀਰ ਤੋਂ ਸ਼ੁਰੂ ਹੋਣ ਵਾਲੀ ਹੈ। ਜਿਸ ਸਬੰਧੀ ਕਿਸਾਨਾਂ ਨੂੰ ਡੀਏਪੀ ਖਾਦ ਦੀ ਤੋਟ ਨਹੀਂ ਆਉਣੀ ਚਾਹੀਦੀ, ਸਰਕਾਰ ਇਸ ਦਾ ਜਲਦੀ ਪ੍ਰਬੰਧ ਕਰੇ। ਇਹ ਵਿਚਾਰ ਭਾਰਤੀ ਕਿਸਾਨ ਯੂਨੀਅਨ ਏਕਤਾ ਰਾਜੇਵਾਲ ਦੇ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਨੇ ਆਪਣੇ ਸਾਥੀਆਂ ਦੀ ਹਾਜ਼ਰੀ ਵਿੱਚ ਇੱਕ ਕਾਰਵਾਈ ਮਤੇ ਰਾਹੀਂ ਲਿਖਤੀ ਤੌਰ ਤੇ ਪ੍ਰਗਟ ਕੀਤੇ। ਉਹਨਾਂ ਅੱਗੇ ਕਿਹਾ, ਕਿ ਝੋਨੇ ਦੀ ਫਸਲ ਮੰਡਿਆ ਵਿੱਚ ਪਹੁੰਚ ਚੁੱਕੀ ਹੈ ਪ੍ਰੰਤੂ ਕੋਈ ਖਰੀਦ ਇੰਸਪੈਕਟਰ, ਸ਼ੈਲਰ ਮਾਲਕ ਨਹੀਂ ਪਹੁੰਚ ਰਿਹਾ। ਜਿਸ ਕਾਰਨ ਕਿਸਾਨ ਖੱਜਲ ਖੁਆਰ ਹੋ ਰਹੇ ਹਨ। ਇਸ ਲਈ ਪੰਜਾਬ ਸਰਕਾਰ ਇਸ ਦਾ ਫੌਰੀ ਹੱਲ ਕਰੇ। ਉਹਨਾਂ ਅੱਗੇ ਕਿਹਾ ਕਿ ਜੋ ਜੀਰੀ ਦੀ ਪਰਾਲੀ ਹੈ ਉਸਦਾ ਪ੍ਰਬੰਧ ਵੀ ਸਰਕਾਰ ਕਰੇ ਤਾਂ ਕਿ ਕਿਸਾਨ ਪਰਾਲੀ ਦੀ ਰਹਿਣ ਖੂੰਦ ਨੂੰ ਅੱਗ ਨਾ ਲਾਉਣ ਅਤੇ ਹਵਾ ਦੀ ਗੁਣਵੱਤਾ ਵੀ ਬਣੀ ਰਹੇ। ਪ੍ਰਧਾਨ ਬਲਵਿੰਦਰ ਸਿੰਘ ਨੇ ਕਿਹਾ ਕਿ ਭਲਕੇ 5 ਅਕਤੂਬਰ ਨੂੰ ਹਰੇਕ ਹਲਕੇ ਦੇ ਇੰਚਾਰਜ, ਐਮਐਲਏ ਜਾਂ ਮੰਤਰੀ ਨੂੰ ਮਿਲ ਕੇ ਇਸਦੇ ਸਬੰਧ ਵਿੱਚ ਸਾਰਿਆਂ ਤਕਲੀਫਾਂ ਧਿਆਨ ਵਿੱਚ ਪੰਜਾਬ ਪੱਧਰ ਤੇ ਲਿਆਂਦੀਆਂ ਜਾਣਗੀਆਂ। ਇਸ ਸਮੇਂ ਪ੍ਰਧਾਨ ਤੋਂ ਇਲਾਵਾ ਹਰਵਿੰਦਰ ਸਿੰਘ ਸਕੱਤਰ, ਸੈਕਟਰੀ ਗਮਦੂਰ ਸਿੰਘ ਘੋੜੇਨਬ, ਜੰਟਾ ਸਿੰਘ, ਬੰਤ ਸਿੰਘ, ਮਿੱਠੂ ਰਾਮ, ਭੁਪਿੰਦਰ ਸਿੰਘ, ਜਗਦੇਵ ਸਿੰਘ, ਲੀਲਾ ਸਿੰਘ, ਨਾਜਰ ਸਿੰਘ ਰਾਮਗੜ੍ਹ, ਛੱਜੂ ਸਿੰਘ ਸੰਗਤਪੁਰਾ, ਮਹਿੰਦਰ ਸਿੰਘ ਕੋਟੜਾ ਆਦਿ ਕਿਸਾਨ ਮੌਜੂਦ ਸਨ।

ਦਲਿਤ ਮੁਕਤੀ ਮਾਰਚ ਵੱਲੋਂ ਜਮੀਨ ਦੀ ਕਾਣੀ ਵੰਡ ਖਿਲਾਫ ਸੰਘਰਸ਼ ਦਾ ਸੱਦਾ

ਆਜ਼ਾਦ ਸੋਚ, ਗੁਰਪ੍ਰੀਤ ਸਿੰਘ ਖਾਲਸਾ, ਲੋਂਗੋਵਾਲ,3 ਅਕਤੂਬਰ :

ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਸ਼ੁਰੂ ਕੀਤਾ ਦਲਿਤ ਮੁਕਤੀ ਮਾਰਚ 45ਵੇਂ ਦਿਨ ਵੱਖ ਵੱਖ ਪਿੰਡਾਂ ਵਿਚ ਪੁੱਜਿਆ। ਮਾਰਚ ਦੌਰਾਨ ਪਿੰਡਾਂ ਵਿੱਚ ਲੋਕਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਜਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਅਤੇ ਜੌਨਲ ਆਗੂ ਜਗਤਾਰ ਸਿੰਘ ਤੋਲੇਵਾਲ ਨੇ ਦਸਿਆ ਕਿ ਦਲਿਤ ਮੁਕਤੀ ਮਾਰਚ ਵੱਲੋਂ ਪਿਛਲੇ 45 ਦਿਨਾਂ ਤੋਂ ਬੇਨਤੀ ਕਰਦਾ ਮਜ਼ਦੂਰਾਂ ਨੂੰ ਜਮੀਨ ਦੀ ਕਾਣੀ ਵੰਡ ਅਤੇ ਜਾਤੀ ਦਾਬੇ ਖਿਲਾਫ ਸੰਘਰਸ਼ਾਂ ਲਈ ਲਾਮਬੰਦ ਹੋਣ ਦਾ ਸੱਦਾ ਦਿੱਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਭਾਵੇਂ 1972 ਵਿੱਚ ਜਮੀਨ ਹੱਦਬੰਦੀ ਕਾਨੂੰਨ ਬਣਾ ਕੇ ਇਹ ਪ੍ਰਚਾਰਿਆ ਗਿਆ ਕਿ ਹੁਣ ਸ ਏਕੜ ਤੋਂ ਉੱਪਰ ਕਿਸੇ ਕੋਲ ਵੀ ਕੋਈ ਜਮੀਨ ਨਹੀਂ ਪਰ ਅੱਜ ਵੀ ਇੱਕ ਪਾਸੇ ਪਿੰ

ਜੀ.ਐਸ.ਟੀ ਦੀ ਸਮੱਸਿਆ ਦੇ ਹੱਲ ਲਈ ਬੱਲੂ ਨੇ ਵਿਭਾਗ ਦੇ ਅਧਿਕਾਰੀਆਂ ਅਤੇ ਕਾਰੋਬਾਰੀਆਂ ਵਿਚਾਲੇ ਕਰਵਾਈ ਮੀਟਿੰਗ

ਆਜ਼ਾਦ ਸੋਚ,
ਤੇਜ ਪ੍ਰਕਾਸ਼ ਖਾਸਾ,
ਨਵਾਂ ਸ਼ਹਿਰ, 3 ਅਕਤੂਬਰ :

ਜੀ.ਐਸ.ਟੀ ਵਿਭਾਗ ਵੱਲੋਂ ਵਪਾਰੀਆਂ ਨੂੰ ਜੀ.ਐਸ.ਟੀ ਬਾਰੇ ਜਾਗਰੂਕ ਕਰਨ ਅਤੇ ਬਕਾਇਆ ਟੈਕਸ ਜਮ੍ਹਾ ਕਰਵਾਉਣ ਲਈ ਨਵਾਂਸ਼ਹਿਰ ਦੇ ਵਪਾਰੀਆਂ ਨਾਲ ਮੀਟਿੰਗ ਕੀਤੀ ਗਈ। ਡੀ.ਈ.ਟੀ.ਸੀ ਜਲੰਧਰ ਰੇਂਜ ਦਰਬੀਰ ਰਾਜ, ਸਹਾਇਕ ਕਮਿਸ਼ਨਰ ਸੇਲ ਟੈਕਸ ਜਤਿੰਦਰ ਕੌਰ ਅਤੇ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ (ਬੱਲੂ) ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿਚ ਅਧਿਕਾਰੀਆਂ ਨੇ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਉਨ੍ਹਾਂ ਨੂੰ ਸਰਕਾਰ ਦੀਆਂ ਨੀਤੀਆਂ ਤੋਂ ਜਾਣੂ ਵੀ ਕਰਵਾਇਆ। ਅਧਿਕਾਰੀਆਂ ਨੇ ਕਿਹਾ ਕਿ ਕੁਝ ਲੋਕ ਟੈਕਸ ਜਮ੍ਹਾ ਕਰਵਾਉਣ 'ਚ ਲਾਪਰਵਾਹੀ ਕਰਦੇ ਹਨ ਅਤੇ ਇਸ ਕਾਰਨ ਹਰ ਕਿਸੇ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਸਾਨੂੰ ਅਜਿਹਾ ਨਹੀਂ ਹੋਣ ਦੇਣਾ ਚਾਹੀਦਾ। ਇਸ ਦੌਰਾਨ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ ਨੇ ਵਪਾਰੀਆਂ ਨੂੰ ਸਰਕਾਰ ਨੂੰ ਪੂਰਾ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਕਾਰਜਕਾਲ ਦੌਰਾਨ ਪੰਜਾਬ ਦੇ ਵਪਾਰੀਆਂ ਲਈ ਬਹੁਤ ਵਧੀਆ ਕੰਮ ਕੀਤੇ ਜਾ ਰਹੇ ਹਨ ਅਤੇ ਸਾਨੂੰ ਵੀ ਸਰਕਾਰ ਨੂੰ ਪੂਰਾ ਸਹਿਯੋਗ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਪਾਰੀ ਨੂੰ ਟੈਕਸ ਜਮ੍ਹਾ ਕਰਵਾਉਣ ਤੋਂ ਬਾਅਦ ਵੀ ਕੋਈ ਸਮੱਸਿਆ ਆਉਂਦੀ ਹੈ ਤਾਂ ਉਹ ਉਨ੍ਹਾਂ ਦੇ ਨਾਲ ਖੜ੍ਹੇ ਹਨ। ਇਸ ਦੌਰਾਨ ਵਪਾਰ ਮੰਡਲ ਦੇ ਚੇਅਰਮੈਨ ਡਾ. ਹਰਮੇਸ਼ ਪੁਰੀ ਅਤੇ ਜ਼ਿਲ੍ਹਾ ਪ੍ਰਧਾਨ ਚਿੰਟੂ ਅਰੋੜਾ ਨੇ ਆਪਣੇ ਵਪਾਰਕ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਸਾਮਾਨ ਦੀ ਖਰੀਦੋ-ਫਰੋਖਤ ਕਰਦੇ ਸਮੇਂ ਬਿੱਲਾਂ ਦੀ ਅਦਾਇਗੀ ਵਿਚ ਲਾਪਰਵਾਹੀ ਨਾ ਵਰਤਣ। ਉਨ੍ਹਾਂ ਕਿਹਾ ਕਿ ਵਪਾਰੀਆਂ ਨੂੰ ਆ ਰਹੀਆਂ ਮੁਸ਼ਕਲਾਂ ਨੂੰ ਵੀ ਅਧਿਕਾਰੀਆਂ ਅਤੇ ਹਲਕਾ ਇੰਚਾਰਜ ਦੇ ਧਿਆਨ ਵਿਚ ਲਿਆਂਦਾ ਗਿਆ ਹੈ। ਇਸ ਮੌਕੇ ਈ.ਟੀ.ਓ ਅਮਿਤ, ਇੰਸਪੈਕਟਰ ਰਮਨ ਸ਼ਰਮਾ, ਸਤਿੰਦਰ ਕੌਰ, ਗੁਰਬਖਸ਼ ਕੌਰ, ਰਵੀ ਸੋਬਤੀ, ਗੁਰਚਰਨ ਅਰੋੜਾ, ਅਸ਼ੋਕ ਲਦੌਈਆ, ਰਾਜਨ ਲਦੌਈਆ, ਦਰਸ਼ਨ ਜੁਨੇਜਾ, ਵਿਨੋਦ ਅਰੋੜਾ, ਮੋਂਟੂ ਸਾਹਨੀ, ਨਵੀਨ ਸ਼ਰਮਾ, ਸੁਭਾਸ਼ ਚੰਦਰ, ਪੰਕਜ ਸੋਨੀ, ਰਜਤ ਜੁਨੇਜਾ, ਡਾ. ਨੀਤੀ ਜੈਨ, ਨਿਵਿਸ਼ ਜੈਨ, ਰਾਜੇਸ਼ ਜੁਨੇਜਾ, ਪਵਨ ਕੁਮਾਰ, ਰੋਹਿਤ ਕੁਮਾਰ, ਸੁਨੀਲ ਗਾਬਾ, ਨਿਤੀਸ਼ ਕੁਮਾਰ, ਰਮੇਸ਼ ਕੁਮਾਰ, ਮਨੀਸ਼ ਜੈਨ, ਤਰਸੇਮ ਲਾਲ, ਰਮਨ ਗਾਬਾ, ਅਨਿਲ ਗਾਬਾ ਆਦਿ ਹਾਜ਼ਰ ਸਨ ?

ਬੁੱਢਾ ਸਾਹਿਬ ਜੀ ਦੇ ਸਲਾਨਾ ਜੋੜ ਮੇਲੇ ਜਾਣ ਵਾਲੀਆਂ ਸੰਗਤਾਂ ਲਈ 3 ਰੋਜ਼ਾ ਫਰੀ ਕੈਂਪ ਲਗਾਇਆ

ਆਜ਼ਾਦ ਸੋਚ,
ਗੁਲਜ਼ਾਰ ਮਦੀਨਾ,
ਸਾਦਿਕ, 3 ਅਕਤੂਬਰ :

ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਰਜਿ: 295 ਬਲਾਕ ਸਾਦਿਕ ਦੇ ਸੀਨੀਅਰ ਮੀਤ ਪ੍ਰਧਾਨ ਡਾ. ਭਾਰਤ ਭੂਸ਼ਣ ਦੁੱਖ ਭੰਜਣ ਦੇਸੀ ਦੁਵਾਖਾਨਾ ਪਿੰਡ ਥੇਹ ਗੁੱਜਰ ਵੱਲੋਂ ਬਲਾਕ ਸਾਦਿਕ ਅਤੇ ਨੇੜੇ ਪੈਂਦੇ ਪਿੰਡਾਂ ਦੇ ਸਹਿਯੋਗ ਨਾਲ ਧੰਨ-ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਅਸਥਾਨਾਂ ਤੇ ਦਰਸ਼ਨਾਂ ਨੂੰ ਜਾਣ ਵਾਲੀਆਂ ਸੰਗਤਾਂ ਲਈ ਤਿੰਨ ਰੋਜ਼ਾ ਫਰੀ ਮੈਡੀਕਲ ਕੈਂਪ ਅਤੇ ਚਾਹ, ਦਾਲ-ਫੁਲਕੇ ਦਾ ਲੰਗਰ ਸਾਦਿਕ ਤੋਂ ਫ਼ਿਰੋਜ਼ਪੁਰ ਰੋਡ ਪਿੰਡ ਜਨੇਰੀਆਂ ਵਿਖੇ ਲਗਾਇਆ ਗਿਆ ਜਿਸ ਵਿੱਚ ਸਮੂਹ ਸੰਗਤਾਂ ਨੂੰ ਹਰ ਤਰ੍ਹਾਂ ਦੀ ਫਰੀ ਮੈਡੀਸਨ 24 ਘੰਟੇ ਦਿੱਤੀ ਜਾ ਰਹੀ ਹੈ। ਇਸ ਮੌਕੇ ਡਾ. ਪਰਮਜੀਤ ਸਿੰਘ, ਡਾ. ਤਰਸੇਮ ਸਿੰਘ, ਡਾ. ਹਮੀਰ ਸਿੰਘ ਬੁੱਟਰ, ਡਾ. ਆਸ਼ੂ, ਡਾ. ਗੁਰਤੇਜ ਸਿੰਘ ਮਚਾਕੀ ਜ਼ਿਲ੍ਹਾ ਜਨਰਲ ਸਕੱਤਰ, ਡਾ. ਜਗਰੂਪ ਸਿੰਘ ਸੰਧੂ ਖਜ਼ਾਨਚੀ, ਡਾ. ਹਰਦੇਵ ਸਿੰਘ ਪਿੰਕਾ, ਡਾ. ਗੁਰਸੇਵਕ ਸਿੰਘ, ਡਾ. ਧਰਮਪਾਲ ਸਿੰਘ, ਡਾ. ਲਖਵਿੰਦਰ ਸਿੰਘ, ਡਾ. ਗੁਰਮੀਤ ਸਿੰਘ, ਡਾ. ਦੀਸ਼ਾ ਸਾਦਿਕ ਅਤੇ ਡਾ. ਗੁਰਪ੍ਰੀਤ ਜਨੇਰੀਆਂ ਤੋਂ ਇਲਾਵਾ ਨਿਰਭੈ ਸਿੰਘ, ਆਮਿ੍ਰ ਸਿੰਘ, ਸੋਖਾ ਮਸੀਤਾਂ ਵਾਲਾ, ਹਰਜੀਤ ਸਿੰਘ, ਪਾਲ ਸਿੰਘ ਸਰਬਜੀਤ ਤੋਂ ਇਲਾਵਾ ਵੱਖ-ਵੱਖ ਮੈਂਬਰਾਂ ਨੇ ਸੇਵਾ ਕਰਕੇ ਆਪਣੀ ਹਾਜ਼ਰੀ ਲਗਵਾਈ।

ਭਾਰਤੀਯ ਯੋਗ ਸੰਸਥਾਨ ਧੂਰੀ ਵੱਲੋਂ ਬੜੀ ਧੂਮ-ਧਾਮ ਨਾਲ ਮਣਾਇਆ ਗਿਆ 58ਵਾਂ ਯੋਗ ਦਿਵਸ

ਆਜ਼ਾਦ ਸੋਚ,
ਵਰਮਾ,
ਧੂਰੀ, 3 ਅਕਤੂਬਰ :

ਮਦਨ ਲਾਲ ਬਾਂਸਲ, ਜਿਲ੍ਹਾ ਪ੍ਰਧਾਨ, ਭਾਰਤੀ ਯੋਗ ਸੰਸਥਾਨ ਧੂਰੀ ਯੋਗ ਅਗਵਾਈ ਵਿੱਚ ਮਿਤੀ 2 ਅਕਤੂਬਰ 2024 ਨੂੰ ਸਥਾਨਕ ਧੂਰੀ ਸ਼ਹਿਰ ਵਿਖੇ 58ਵਾਂ ਯੋਗ ਦਿਵਸ ਭਾਰਤੀ ਯੋਗ ਸੰਸਥਾਨ ਰਜਿ ਧੂਰੀ ਵੱਲੋਂ ਬੜੀ ਧੂਮ-ਧਾਮ ਨਾਲ ਮਣਾਇਆ ਗਿਆ । ਇਸ ਯੋਗ ਦਿਵਸ ਮੌਕੇ ਸ਼ਹਿਰ ਦੇ ਮੇਨ ਬਾਜ਼ਾਰਾ ਵਿਖੇ ਸ਼ਾਮ ਨੂੰ ਯੋਗ ਜਾਗਰੂਕ ਯਾਤਰਾ ਵੀ ਕੱਢੀ ਗਈ ਜਿਸ ਵਿੱਚ ਲੋਕਾਂ ਨੂੰ ਯੋਗ ਬਾਰੇ ਜਾਗਰੂਕ ਕੀਤਾ ਅਤੇ ਪੰਫਲੇਟ ਤੇ ਯੋਗ ਮੰਜਰੀ ਦੀਆਂ ਕਿਤਾਬਾ ਵੀ ਵੰਡੀਆਂ ਗਈਆਂ। ਇਸ ਯੋਗ ਯਾਤਰਾ ਦੌਰਾਨ ਜਿੱਥੇ ਲੋਕਾਂ ਨੇ 'ਕਰੋ ਯੋਗ ਰਹੋ ਨਿਰੋਗ' ਦੇ ਨਾਰੇ ਲਗਾਏ ਉੱਥੇ ਭੈਣਾਂ ਨੇ ਯੋਗ ਜਾਗੁਰਕਤਾ ਦੇ ਗੀਤ ਵੀ ਗਾਏ। ਮਦਨ ਲਾਲ ਬਾਂਸਲ ਨੇ ਸਮੂਹ ਸਾਧਕਾ ਨੂੰ ਯੋਗ ਦਿਵਸ ਦੀ ਵਧਾਈ ਦਿੰਦਿਆ ਕਿਹਾ ਕਿ ਯੋਗ ਨਾਲ ਜੁੜ ਕੇ ਅਸੀ ਖਤਰਨਾਕ ਬਿਮਾਰੀਆਂ ਤੋਂ ਬਚ ਸਕਦੇ ਹਾਂ ਅਤੇ ਆਪਣੀ ਜਿੰਦਗੀ ਨੂੰ ਸਫਲ ਬਣਾ ਸਕਦੇ ਹਾਂ। ਉਹਨਾਂ ਵਿਸ਼ੇਸ਼ ਤੌਰ ਤੇ ਦੱਸਿਆ ਕਿ ਮਿਤੀ 05 ਅਕਤੂਬਰ 2024 ਨੂੰ ਦਿਨ ਸ਼ਨੀਵਾਰ ਸਮਾਂ ਸ਼ਾਮ 2:45 ਤੋਂ 5:00 ਵਜੇ ਤੱਕ ਸਥਾਨ ਮਹੇਸ਼ ਬ੍ਰਿਧ ਆਸ਼ਰਮ, ਮਹਾਵੀਰ ਮੰਦਰ ਦੇ ਪਿੱਛੇ, ਮਾਲੇਰਕੋਟਲਾ ਰੋਡ ਧੂਰੀ ਵਿਖੇ ਯੋਗ ਦਿਵਸ ਤੇ ਭਾਰਤੀਯ ਯੋਗ ਸੰਸਥਾਨ ਅਖਿਲ ਭਾਰਤੀਯ ਪ੍ਰਧਾਨ ਸ਼੍ਰੀ ਦੇਸ ਰਾਜ ਗੁਪਤਾ ਜੀ ਪਹੁੰਚ ਰਹੇ ਹਨ ਜੋ ਕਿ ਸਾਡੀ ਆਧੁਨਿਕ ਜੀਵਨ ਸ਼ੈਲੀ ਉਪਰ ਯੋਗ ਦੇ ਮੱਹਤਵ ਬਾਰੇ ਸਾਡਾ ਮਾਰਗ ਦਰਸ਼ਨ ਕਰਨਗੇ। ਇਸ ਮੌਕੇ ਜਿਲ੍ਹਾ ਸੈਕਟਰੀ ਨਰੇਸ਼ ਜਿੰਦਲ ਮਾਲੇਰਕੋਟਲਾ, ਜੋਨ ਪ੍ਰਧਾਨ ਮੈਡਮ ਸਰੋਜ ਗਰਗ, ਮੈਡਮ ਨਿਸ਼ੀ ਗੋਇਲ, ਕੇਂਦਰ ਪ੍ਰਮੁੱਖ ਗੋਪਾਲ ਦਾਸ, ਗੁਰਦਿਆਲ ਨਿਰਮਾਣ, ਮੈਡਮ ਸੀਮਾ, ਸੇਵਾਮੁਕਤ ਡੀ.ਈ.ਓ. ਸ. ਸਰਬਜੀਤ ਸਿੰਘ, ਸੰਦੀਪ ਕੁਮਾਰ ਤਾਇਲ ਸਾਬਕਾ ਪ੍ਰਧਾਨ ਨਗਰ ਕੌਂਸਲ ਧੂਰੀ, ਡਾ: ਰਵੀ ਬਾਂਸਲ, ਸੁਰਿੰਦਰ ਕੁਮਾਰ ਬਾਂਸਲ, ਰਿਟਾ: ਪ੍ਰਿੰਸੀਪਲ ਸੁਰਿੰਦਰ ਕੌਰ, ਗੀਤਾ ਬਾਂਸਲ, ਸਲੋਚਨਾ ਦੇਵੀ, ਨਿਰਮਲਾ ਦੇਵੀ, ਵਿਜੈ ਕੁਮਾਰ ਗੋਇਲ, ਜਨਕ ਰਾਜ ਮੀਮਸਾ, ਦੇਵਰਾਜ, ਨਰੇਸ਼ ਗੋਇਲ, ਮਹਿੰਦਰ ਕੁਮਾਰ ਗਰਗ, ਲੁਕੇਸ਼ ਸਿੰਗਲਾ, ਸੰਜੀਵ ਕੁਮਾਰ, ਮੈਡਮ ਕਿਰਨ ਬਾਲਾ, ਆਸ਼ੂਤੋਸ਼ ਬਾਂਸਲ, ਬਲਜਿੰਦਰ ਸਿੰਘ, ਯਸ਼ਪਾਲ ਬਾਂਸਲ ਸਮੇਤ ਵੱਖ ਵੱਖ ਸਾਧਕ ਮੌਜੂਦ ਸਨ।

ਖਾਲਸਾ ਕਾਲਜ ਵਿਖੇ ਪ੍ਰੋਫੈਸ਼ਨਲ ਐਥਿਕਸ ਵਿਸ਼ੇ 'ਤੇ ਕਰਵਾਇਆ ਗਿਆ ਗੈਸਟ ਲੈਕਚਰ

ਡਾ. ਜਰਨੈਲ ਸਿੰਘ ਅਨੰਦ ਨੇ ਮੁੱਖ ਬੁਲਾਰੇ ਵਜੋਂ ਕੀਤੀ ਸ਼ਿਰਕਤ

ਆਜ਼ਾਦ ਸੋਚ,
ਅੰਕੁਸ਼ ਕੁਮਾਰ,
ਸ੍ਰੀ ਅਨੰਦਪੁਰ ਸਾਹਿਬ, 3 ਅਕਤੂਬਰ :

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਥਾਨਕ ਵਿਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਅੰਗਰੇਜ਼ੀ ਪੀ.ਜੀ. ਵਿਭਾਗ ਅਤੇ ਭਾਰਤੀ ਗਿਆਨ ਪ੍ਰਣਾਲੀ ਸੈੱਲ ਵੱਲੋਂ ਪ੍ਰੋਫੈਸ਼ਨਲ ਐਥਿਕਸ ਵਿਸ਼ੇ 'ਤੇ ਗੈਸਟ ਲੈਕਚਰ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਡਾ. ਜਰਨੈਲ ਸਿੰਘ ਅਨੰਦ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੋਫੈਸ਼ਨਲ ਐਥਿਕਸ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਅਜਿਹੇ ਪ੍ਰੇਰਣਾਦਾਇਕ ਭਾਸ਼ਣ ਦਾ ਆਯੋਜਨ ਕਰਨ ਲਈ ਅੰਗਰੇਜ਼ੀ ਵਿਭਾਗ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਕਿਤਾਬਾਂ ਪੜ੍ਹਨ ਲਈ ਵੀ ਪ੍ਰੇਰਿਤ ਕੀਤਾ। ਇਸ ਦੌਰਾਨ ਅੰਗਰੇਜ਼ੀ ਵਿਭਾਗ ਦੇ ਮੁਖੀ ਡਾ. ਗੁਰਪ੍ਰੀਤ ਕੌਰ ਦੀ ਅਨੁਵਾਦ ਕੀਤੀ ਅਤੇ ਬਲਵਿੰਦਰ ਕੌਰ ਚੱਠਾ ਵੱਲੋਂ ਲਿਖੀ ਕਿਤਾਬ ਦੀ ਘੁੰਢ ਚੁਕਾਈ ਵੀ ਕੀਤੀ ਗਈ। ਇਸ ਮੌਕੇ ਡਾ. ਮਨਪ੍ਰੀਤ ਕੌਰ, ਡਾ. ਪਰਮਪ੍ਰੀਤ ਸਿੰਘ, ਪ੍ਰੋ. ਪਰਵਿੰਦਰ ਕੌਰ,ਸਮੂਹ ਅੰਗਰੇਜ਼ੀ ਵਿਭਾਗ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

ਬਦਲ ਰਹੇ ਮੌਸਮ ਵਿੱਚ ਸਾਨੂੰ ਸਿਹਤ ਦਾ ਵਿਸ਼ੇਸ਼ ਧਿਆਨ ਰੱਖਣਾ ਪਵੇਗਾ: ਡਾ. ਲਵਪ੍ਰੀਤ ਪਾਬਲਾ

ਮੂਨਕਾਂ ਵਿਖੇ ਇੱਕ ਦਿਨਾ ਮੁਫਤ ਸਿਹਤ ਜਾਂਚ ਕੈਂਪ ਲਗਾਇਆ

ਆਜ਼ਾਦ ਸੋਚ,
ਤੇਜਿੰਦਰ ਸਿੰਘ,
ਟਾਂਡਾ ਉੜਮੁੜ, 3 ਅਕਤੂਬਰ:

ਇਤਿਹਾਸਿਕ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਪਾਤਸ਼ਾਹੀ ਛੇਵੀਂ ਮੂਨਕਾ ਵਿਖੇ ਸੀਤਾ ਦੇਵੀ ਮੈਮੋਰੀਅਲ ਵੈਲਫੇਅਰ ਹਸਪਤਾਲ ਟਾਂਡਾ ਵੱਲੋਂ ਇੱਕ ਦਿਨ ਮੁਫਤ ਸਿਹਤ ਜਾਂਚ ਕੈਂਪ ਲਗਾਇਆ ਗਿਆ।ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਬੇਲਾਂ ਵਾਲਿਆਂ ਦੇ ਮੌਜੂਦਾ ਮੁਖੀ ਜਿੰਦਾ ਸ਼ਹੀਦ ਸੰਤ ਬਾਬਾ ਨਿਹਾਲ ਸਿੰਘ ਜੀ ਦੀ ਪ੍ਰੇਰਨਾ ਸਦਕਾ ਸੇਵਾਦਾਰ ਬਾਬਾ ਕੁਲਦੀਪ ਸਿੰਘ ਤੇ ਹਰਪ੍ਰੀਤ ਸਿੰਘ ਸੀਕਰੀ ਦੀ ਦੇਖ ਰੇਖ ਹੇਠ ਲਗਾਏ ਗਏ ਇਸ ਕੈਂਪ ਦੌਰਾਨ ਬੇਵਜ ਹਸਪਤਾਲ ਟਾਂਡਾ ਤੇ ਡਾਇਰੈਕਟਰ ਡਾ. ਲਵਪ੍ਰੀਤ ਸਿੰਘ ਦੀ ਮਾਹਿਰ ਟੀਮ ਵਿੱਚ ਸ਼ਾਮਿਲ ਡਾ. ਜਸਦੀਪ ਕੌਰ, ਗੁਰਪ੍ਰੀਤ ਕੌਰ, ਬਲਰਾਜ ਸੰਧੂ, ਬਲਵੀਰ ਸਿੰਘ ਢਿੱਲੋਂ, ਰਜਿੰਦਰ ਸਿੰਘ ਜੌਹਲ, ਨਵਜੋਤ ਸਿੰਘ ਤੇ ਅੰਮ੍ਰਿਤਪਾਲ ਸਿੰਘ ਜੀ ਟੀਮ ਨੇ 150 ਤੋਂ ਵੱਧ ਮਰੀਜ਼ਾਂ ਦਾ ਚੈੱਕ ਅਪ ਕਰਦੇ ਹੋਏ ਹੋਏ ਜਿੱਥੇ ਮਰੀਜ਼ਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਉੱਥੇ ਹੀ ਬਦਲ ਰਹੇ ਮੌਸਮ ਸਬੰਧੀ ਜਾਣਕਾਰੀ ਦਿੰਦੇ ਹੋਏ ਹੋਣ ਵਾਲੀਆਂ ਵੱਖ ਵੱਖ ਬਿਮਾਰੀਆਂ ਤੋਂ ਜਾਗਰੂਕ ਕਰਦੇ ਹੋਏ ਮਰੀਜ਼ਾਂ ਨੂੰ ਸਿਹਤ ਪ੍ਰਤੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾ. ਲਵਪ੍ਰੀਤ ਸਿੰਘ ਪਾਬਲਾ ਨੇ ਦੱਸਿਆ ਕਿ ਗਰਮੀਆਂ ਦੇ ਮੌਸਮ ਤੋਂ ਬਾਅਦ ਹੁਣ ਦਿਨ ਬ ਦਿਨ ਸਰਦੀਆਂ ਦੇ ਮੌਸਮ ਦੀ ਸ਼ੁਰੂਆਤ ਹੋਣ ਜਾ ਰਹੀ ਹੈ ਤੇ ਇਸ ਬਦਲਣ ਵਾਲੇ ਮੌਸਮ ਵਿੱਚ ਸਾਨੂੰ ਆਪਣੀ ਸਿਹਤ ਦਾ ਖਾਸ ਧਿਆਨ ਰੱਖਣਾ ਪਵੇਗਾ ਇਸ ਲਈ ਸਾਨੂੰ ਆਪਣੀ ਸਿਹਤ ਪ੍ਰਤੀ ਪੂਰੀ ਤਰ੍ਹਾਂ ਸੁਚੇਤ ਰਹਿਣਾ ਚਾਹੀਦਾ ਹੈ। ਇਸ ਮੌਕੇ ਸੇਵਾਦਾਰ ਬਾਬਾ ਕੁਲਦੀਪ ਸਿੰਘ ਤੇ ਭਾਈ ਹਰਪ੍ਰੀਤ ਸਿੰਘ ਨੇ ਕੈਂਪ ਦੀ ਸਮਾਪਤੀ ਤੇ ਸਮੁੱਚੀ ਡਾਕਟਰੀ ਟੀਮ ਦਾ ਧੰਨਵਾਦ ਕਰਦੇ ਹੋਏ ਦਿੱਤੀਆਂ ਗਈਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਗੁਰੂ ਚਰਨਾਂ ਵਿੱਚ ਮਰੀਜ਼ਾਂ ਦੀ ਸਿਹਤਯਾਬੀ ਵਾਸਤੇ ਅਰਦਾਸ ਬੇਨਤੀ ਕੀਤੀ।ਇਸ ਮੌਕੇ ਵੱਡੀ ਗਿਣਤੀ ਵਿੱਚ ਗੁਰਦੁਆਰਾ ਸਾਹਿਬ ਦੇ ਸੇਵਾਦਾਰ ਤੇ ਸੰਗਤਾਂ ਵੀ ਹਾਜ਼ਰ ਸਨ।

ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਕੀਤਾ ਜਾਗਰੂਕ

ਆਜ਼ਾਦ ਸੋਚ,
ਗੁਲਜ਼ਾਰ ਮਦੀਨਾ,
ਸਾਦਿਕ, 3 ਅਕਤੂਬਰ :

ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ ਖੂੰਹਦ ਦੇ ਨਿਪਟਾਰੇ ਲਈ ਨਵੀਨਤਮ ਤਕਨੀਕਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਨ ਦੇ ਮਕਸਦ ਨਾਲ ਅੱਜ ਖੇਤੀਬਾੜੀ ਵਿਭਾਗ, ਪ੍ਰਦੂਸ਼ਨ ਬੋਰਡ ਦੇ ਅਧਿਕਾਰੀਆਂ ਨਾਲ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਓਜਸਵੀ ਆਈ.ਏ.ਐਸ ਵੱਲੋ ਪਿੰਡਾਂ 'ਚ ਜਾ ਕੇ ਕਿਸਾਨਾਂ ਨੂੰ ਮਿਲੇ ਤੇ ਪਰਾਲੀ ਪ੍ਰਬੰਧਨ ਸਬੰਧੀ ਕਿਸਾਨਾਂ ਨੂੰ ਜਾਗਰੂਕ ਕੀਤਾ। ਜ਼ਿਲ੍ਹੇ ਦੇ ਪਿੰਡ ਦੀਪ ਸਿੰਘ ਵਾਲਾ ਸਮੇਤ ਵੱਡੀ ਗਿਣਤੀ ਵਿਚ ਪਿੰਡਾਂ ਦਾ ਦੌਰਾ ਕਰਦਿਆਂ ਉਨ੍ਹਾਂ ਕਿਸਾਨਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਪ੍ਰਬੰਧਨ ਸਬੰਧੀ ਕੀਤੇ ਗਏ ਉਪਰਾਲਿਆਂ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਕਿਸਾਨ ਮਸ਼ੀਨਰੀ ਲਈ ਆਪਣੇ ਪਿੰਡ ਦੇ ਵਿਲੇਜ਼ ਲੈਵਲ ਅਫ਼ਸਰ ਨਾਲ ਸੰਪਰਕ ਕਰ ਸਕਦੇ ਹਨ ਜਾ ਫੇਰ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਸਹੂਲਤ ਲਈ ਬਣਾਈ ਗਈ 'ਉੱਨਤ ਕਿਸਾਨ' ਐਪ ਰਾਹੀਂ ਲੋੜੀਂਦੀ ਮਸ਼ੀਨਰੀ ਦੀ ਬੁਕਿੰਗ ਕਰਵਾ ਸਕਦੇ ਹਨ। ਇਸ ਦੌਰਾਨ ਉਨ੍ਹਾਂ ਕਿਸਾਨਾਂ ਤੇ ਪਿੰਡਾਂ ਦੇ ਹੋਰਨਾਂ ਵਸਨੀਕਾਂ ਨੂੰ ਪਰਾਲੀ ਨੂੰ ਅੱਗ ਲਾਏ ਜਾਣ ਕਾਰਨ ਕਿਸਾਨਾਂ ਦਾ ਖੁਦ ਦਾ ਅਤੇ ਧਰਤੀ ਸਮੇਤ ਪੌਣ-ਪਾਣੀ ਤੇ ਵਾਤਾਵਰਣ ਨੂੰ ਹੋ ਰਹੇ ਨੁਕਸਾਨ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭ

ਕਾਰਪੋਰੇਟ ਘਰਾਣਿਆਂ ਦੀ ਹਮਾਇਤੀ ਮੋਦੀ ਸਰਕਾਰ ਖ਼ਿਲਾਫ਼ ਸੂਬਾ ਪੱਧਰੀ ਮੁਹਿੰਮ ਚਲਾਵਾਂਗੇ : ਕਾਮਰੇਡ ਸੇਖੋਂ

ਆਜ਼ਾਦ ਸੋਚ
ਕੁਲਵੰਤ ਸਿੰਘ ਮੁਹਾਲੀ
ਅਮਰਗੜ੍ਹ, 3 ਅਕਤੂਬਰ

ਸੀ.ਪੀ.ਆਈ (ਐਮ) ਜ਼ਿਲ੍ਹਾ ਕਮੇਟੀ ਮਾਲੇਰਕੋਟਲਾ ਦਾ ਡੈਲੀਗੇਟ ਇਜਲਾਸ ਪਿੰਡ ਬਾਗੜੀਆਂ(ਅਮਰਗੜ੍ਹ) ਵਿਖੇ ਕਾ. ਕਰਤਾਰ ਸਿੰਘ ਮਹੋਲੀ, ਕਾ. ਗੁਰਮੇਲ ਕੌਰ ਬਿੰਜ਼ੋਕੀ, ਕਾ.ਹਰਮੀਤ ਸਿੰਘ ਬਾਗੜੀਆਂ ਅਤੇ ਕਾ. ਹਲੀਮ ਦੀ ਪ੍ਰਧਾਨਗੀ ਹੇਠ ਹੋਇਆ, ਜਿਸ ਵਿੱਚ ਸਰਬਸੰਮਤੀ ਨਾਲ ਕਾ.ਅਬਦੁਲ ਸਤਾਰ ਨੂੰ ਦੂਸਰੀ ਵਾਰ ਜ਼ਿਲ੍ਹਾ ਮਲੇਰਕੋਟਲਾ ਦਾ ਸਕੱਤਰ ਚੁਣਿਆ ਗਿਆ ਇਸ ਤੋਂ ਇਲਾਵਾ 17 ਜ਼ਿਲ੍ਹਾ ਕਮੇਟੀ ਮੈਂਬਰ ਚੁਣੇ ਗਏ।ਇਸ ਮੌਕੇ ਪਾਰਟੀ ਦੇ ਸੂਬਾ ਸਕੱਤਰ ਕਾ. ਸੁਖਵਿੰਦਰ ਸਿੰਘ ਸੇਖੋਂ ਨੇ ਆਪਣੇ ਭਾਸ਼ਣ ਦੌਰਾਨ ਕਿਹਾ ਕਿ ਪਾਰਟੀ ਦੀ ਕੇਂਦਰੀ ਕਮੇਟੀ ਦੇ ਫ਼ੈਸਲੇ ਅਨੁਸਾਰ ਬ੍ਰਾਂਚ ਤੋਂ ਲੈ ਕੇ ਕੇਂਦਰ ਪੱਧਰ ਤੱਕ ਦੇ ਅਹੁਦੇਦਾਰਾਂ ਚੋਣ ਇਸੇ ਤਰਾਂ ਮੀਟਿੰਗਾਂ ਕਰਕੇ ਕੀਤੀ ਜਾ ਰਹੀ ਹੈ। ਇਸੇ ਫੈਸਲੇ ਤਹਿਤ ਹੀ 24ਵੀਂ ਕੇਂਦਰੀ ਪਾਰਟੀ ਕਾਂਗਰਸ 2 ਤੋਂ 6 ਅਪ੍ਰੈਲ 2025 ਨੂੰ ਤਾਮਿਲਨਾਡੂ ਵਿਖੇ ਹੋਵੇਗੀ।ਇਸੇ ਲੜੀ ਤਹਿਤ ਸੂਬਾ ਪੱਧਰੀ ਕਾਨਫਰੰਸ 9 ਤੋਂ 10 ਦਸੰਬਰ ਨੂੰ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਹੋਵੇਗੀ। ਉਨ੍ਹਾਂ ਕਿਹਾ ਕਿ ਕਮਿਊਨਿਸਟ ਪਾਰਟੀ ਦੇ ਵਰਕਰਾਂ ਨੂੰ ਚਾਹੀਦਾ ਕਿ ਉਹ ਸਮਾਜ ਨੰ ਵਧੀਆ ਢੰਗ ਨਾਲ ਸਿਰਜਣ ਲਈ ਆਪਣਾ ਯੋਗਦਾਨ ਜ਼ਰੂਰੀ ਪਾਉਂਣ ਵਾਸਤੇ ਅਪਣੀ ਵਿਚਾਰਧਾਰਾ ਨੂੰ ਪ੍ਰਫੁੱਲਿਤ ਕਰਨਾ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਵੱਧ ਰਹੀ ਮਹਿੰਗਾਈ, ਬੇਰੁਜ਼ਗਾਰੀ, ਭੁਖਮਰੀ,

ਭ੍ਰਿਸ਼ਟਾਚਾਰ ਸਮੇਤ ਮਜ਼ਲੂਮਾਂ ਤੇ ਜ਼ੁਲਮ ਅਤੇ ਘੱਟ ਗਿਣਤੀਆਂ ਉਪਰ ਹੋ ਰਹੇ ਹਮਲਿਆਂ ਖਿਲਾਫ 23 ਤੋਂ 30 ਅਕਤੂਬਰ ਤੱਕ ਕੇਂਦਰ ਦੀ ਕਾਰਪੋਰੇਟ ਘਰਾਣਿਆਂ ਦੀ ਮੋਦੀ ਸਰਕਾਰ ਖ਼ ?ਲਾਫ਼ ਸੂਬਾ ਪੱਧਰੀ ਮੁਹਿੰਮ ਚਲਾਈ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਕਮਿਊਨਿਸਟ ਪਾਰਟੀਆਂ ਦੇ ਉਪਰਾਲੇ ਸਦਕਾ ਇਸ ਵਾਰ ਕੇਂਦਰ ਵਿਚ ਪਰਨ ਤੌਰ ਤੇ ਬੀਜੇਪੀ ਦੀ ਸਰਕਾਰ ਨਹੀਂ ਬਣ ਸਕੀ। ਸਗੋਂ ਇਸ ਵਾਰ ਇੱਕ ਮਜਬੂਤ ਵਿਰੋਧੀ ਧਿਰ ਦਾ ਚੁਣਿਆ ਜਾਣਾ ਵੀ ਸਾਡੀ ਪਾਰਟੀ ਦੀ ਹੀ ਜਿੱਤ ਹੈ। ਉਨ੍ਹਾਂ ਪੰਜਾਬ ਸਰਕਾਰ ਉਪਰ ਵਰ੍ਹਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਆਮ ਆਦਮੀ ਦੀ ਸਰਕਾਰ ਕਹਿੰਦੇ ਸੀ ਪਰ ਹੁਣ ਪੂਰੇ ਪੰਜਾਬ ਦੀ ਸਕਿਰਉਟੀ ਆਪਣੇ ਅਤੇ ਆਪਣੇ ਪਰਿਵਾਰ ਨਾਲ ਰੱਖੀ ਹੋਈ ਹੈ ਜੋਕਿ ਖਾਸ ਆਦਮੀ ਦੀ ਸਰਕਾਰ ਬਣ ਚੁੱਕੀ ਹੈ।ਇਜਲਾਸ ਸ਼ੁਰੂ ਹੋਣ ਤੋਂ ਪਹਿਲਾਂ ਬਜ਼ੁਰਗ ਕਾਮਰੇਡ ਹਾਕਮ ਸਿੰਘ ਨੇ ਪਾਰਟੀ ਦਾ ਝੰਡਾ ਲਹਿਰਾਇਆ। ਇਸ ਬਾਅਦ ਪਾਰਟੀ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਸੀਤਾਰਾਮ ਯੇਚੂਰੀ, ਪੱਛਮੀ ਬੰਗਾਲ ਦੇ ਸਾਬਕਾ ਮੁੱਖ ਮੰਤਰੀ ਬੁਧਾਦੇਵਾ ਭੱਟਾਚਾਰੀਆ ਸਣੇ ਪਾਰਟੀ ਦੇ ਹੋਰ ਵਿਛੜੇ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਕਾ. ਅਬਦੁਲ ਸਤਾਰ ਨੇ ਰਿਪੋਰਟ ਪੇਸ਼ ਕੀਤੀ ਜਿਸ ਨੂੰ ਬਹਿਸ ਤੋਂ ਬਾਅਦ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ। ਇਸ ਮੌਕੇ ਸੂਬਾ ਸਕੱਤਰੇਤ ਮੈਂਬਰ ਭੂਪ ਚੰਦ ਚੰਨੋਂ, ਜਤਿੰਦਰ ਪਾਲ ਸਿੰਘ ਸੂਬਾ ਸਕੱਤਰੇਤ ਮੈਂਬਰਾਂ ਨੇ ਅਪਣੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਚੁਣੇ ਗਏ ਮੈਂਬਰਾਂ ਵਿੱਚ ਕਾਮਰੇਡ ਅਬਦੁਲ ਸਤਾਰ ,ਮੁਹੰਮਦ ਸਤਾਰ, ਮੁਹੰਮਦ ਹਲੀਮ ,ਰਛਪਾਲ ਸਿੰਘ , ਕਾਮਰੇਡ ਹਾਕਮ ਸਿੰਘ ਨਿਆਮਤਪੁਰ,ਕਾਮਰੇਡ ਹਰਮੀਤ ਸਿੰਘ ਚੁਹਾਣੇ, ਕਾਮਰੇਡ ਗੁਰਮੇਲ ਕੌਰ, ਜਗਦੀਪ ਸਿੰਘ, ਬੇਅੰਤ ਸਿੰਘ, ਮੁਹੰਮਦ ਅਖ਼ਤਰ ,ਬਾਲ ਕ੍ਰਿਸ਼ਨ, ਰਵਨੀਤ ਕੌਰ, ਹਰਮੀਤ ਸਿੰਘ ਚੁਹਾਣੇ,ਸਰਬਜੀਤ ਅਮੀਰ ਨਗਰ,ਡਾਕਟਰ ਸਾਕਿਬ , ਸੁਦਾਗਰ ਅਲੀ,ਕਾਮਰੇਡ ਰਾਣੀ, ਹਰਮੀਤ ਸਿੰਘ ਬਾਗੜੀਆਂ 17 ਕਮੇਟੀ ਮੈਂਬਰ ਚੁਣੇ ਗਏ। ਇਸ ਮੌਕੇ ਕਾਮਰੇਡ ਮੁਹੰਮਦ ਸਲੀਮ, ਕਾਮਰੇਡ ਅਮਨਦੀਪ, ਕਾਮਰੇਡ ਮੁਹੰਮਦ ਸਾਂਬਰ, ਕਾਮਰੇਡ ਮੁਖਤਿਆਰ ਸਿੰਘ, ਕਾਮਰੇਡ ਗ਼ਫ਼ੂਰ, ਕਾਮਰੇਡ ਕਮਲ ਗੁਪਤਾ, ਕਾਮਰੇਡ ਬਹਾਦਰ ਸਿੰਘ ਆਦਿ ਵੱਡੀ ਗਿਣਤੀ ਵਿਚ ਪਾਰਟੀ ਵਰਕਰ ਮੌਜਦ ਸਨ।

ਦੇਸ਼ ਭਗਤ ਗਲੋਬਲ ਸਕੂਲ ਦੇ ਬੱਚਿਆਂ ਵੱਲੋਂ ਇਤਿਹਾਸਕ ਸਥਾਨਾਂ ਦੀ ਯਾਤਰਾ

ਆਜ਼ਾਦ ਸੋਚ
ਸੁਨੀਲ ਵਰਮਾ
ਫ਼ਤਹਿਗੜ੍ਹ ਸਾਹਿਬ , 3 ਅਕਤੂਬਰ

ਦੇਸ਼ ਭਗਤ ਗਲੋਬਲ ਸਕੂਲ ਦੇ ਚੇਅਰਮੈਨ ਡਾ: ਜ਼ੋਰਾ ਸਿੰਘ ਅਤੇ ਜਨਰਲ ਸਕੱਤਰ ਡਾ: ਤਜਿੰਦਰ ਕੌਰ ਦੀ ਅਗਵਾਈ ਹੇਠ ਸਕੂਲ ਦੇ ਬੱਚਿਆਂ ਨੇ ਪੰਜਾਬ ਦੇ ਰੋਪੜ ਸ਼ਹਿਰ ਅਤੇ ਆਲੇ-ਦੁਆਲੇ ਦੇ ਇਤਿਹਾਸਕ ਸਥਾਨ ਦੇਖੇ ਇਨ੍ਹਾਂ ਵਿੱਚ ਪਲੇਵੇਅ ਅਤੇ ਨਰਸਰੀ ਦੇ ਵਿਦਿਆਰਥੀ ਸ਼ਾਮਿਲ ਸਨ। ਦਿਨ ਭਰ ਆਨੰਦ ਲੈਣ ਲਈ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਅਤੇ ਖੇਡਾਂ ਸ਼ਾਮਿਲ ਸਨ ਜਿਨ੍ਹਾਂ ਵਿੱਚ ਉਨ੍ਹਾਂ ਨੇ ਗੈਰੀ ਫਾਰਮਜ਼, ਨਾਨੌਕੀ, ਮਹਾਰਾਜਾ ਰਣਜੀਤ ਸਿੰਘ ਬਾਗ, ਅਜਾਇਬ ਘਰ ਅਤੇ ਇਤਿਹਾਸਕ ਸਥਾਨ ਦਾ ਆਨੰਦ ਮਾਣਿਆ। ਬੱਚਿਆਂ ਨੂੰ ਇਤਿਹਾਸਿਕ ਸੰਧੀ ਸਥਾਨ ਦਿਖਾਇਆ ਜਿਥੇ ਲਾਰਡ ਵਿਲੀਅਮ ਬੈਂਟਿਕ ਨੇ 26 ਅਕਤੂਬਰ, 1831 ਨੂੰ ਮਹਾਰਾਜਾ ਰਣਜੀਤ ਸਿੰਘ ਨਾਲ ਰੋਪੜ ਸੰਧੀ 'ਤੇ ਦਸਤਖਤ ਕੀਤੇ ਸਨ। ਸਤਲੁਜ ਦਰਿਆ ਦੇ ਕੰਢੇ ਇੱਕ ਪਿਪਲ ਦੇ ਦਰੱਖਤ ਹੇਠ ਸੰਧੀ 'ਤੇ ਦਸਤਖਤ ਕੀਤੇ ਗਏ ਸਨ ਅਤੇ ਸਰਹੱਦੀ ਮੁੱਦਿਆਂ ਨੂੰ ਹੱਲ ਕੀਤਾ ਗਿਆ ਸੀ।

ਸਕੂਲ ਦੀ ਪ੍ਰਿੰਸੀਪਲ ਡਾ: ਇੰਦੂ ਸ਼ਰਮਾ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਥਾਨ ਵਿਦਿਆਰਥੀਆਂ ਲਈ ਯਾਦਗਾਰੀ ਤਜ਼ਰਬੇ ਬਣਾਉਂਦੇ ਹਨ। ਵਿਦਿਅਕ ਯਾਤਰਾਵਾਂ ਅਤੇ ਸੈਰ-ਸਪਾਟੇ ਵਿਦਿਆਰਥੀਆਂ ਨੂੰ ਅਸਲ ਬਹੁ-ਸੱਭਿਆਚਾਰਕ ਸੰਸਾਰ ਨੂੰ ਜਾਣਨ ਅਤੇ ਸਮਝਣ ਵਿੱਚ ਮਦਦ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਹ ਵਿਸ਼ਵਾਸ, ਇੱਛਾ ਸ਼ਕਤੀ, ਫੋਕਸ ਅਤੇ ਲੀਡਰਸ਼ਿਪ ਦੇ ਹੁਨਰਾਂ ਨੂੰ ਬਣਾਉਣ ਅਤੇ ਉਹਨਾਂ ਨੂੰ ਕੁਦਰਤ ਅਤੇ ਇਤਿਹਾਸ ਦੇ ਨੇੜੇ ਲਿਆਉਣ ਵਿੱਚ ਵੀ ਮਦਦ ਕਰਦਾ ਹੈ।

ਮਾਮਲਾ ਸੜਕਾਂ ਤੇ ਓਵਰਫਲੋ ਹੋ ਰਹੇ ਸੀਵਰੇਜ ਦੇ ਗੰਦੇ ਪਾਣੀ ਦਾ

ਉੱਪ ਮੰਡਲ ਮੈਜਿਸਟਰੇਟ ਮੌੜ ਦੇ ਦਫਤਰ ਅੱਗੇ ਤੀਜੇ ਦਿਨ ਧਰਨਾ ਜਾਰੀ

ਆਜ਼ਾਦ ਸੋਚ
ਪਰਮਜੀਤ ਸਿੰਘ ਮਾਨ
ਮੌੜ ਮੰਡੀ , 3 ਅਕਤੂਬਰ

ਪਿਛਲੇ ਲੰਮੇਂ ਸਮੇਂ ਤੋਂ ਸੀਵਰੇਜ ਦੇ ਗੰਦੇ ਪਾਣੀ ਨਾਲ ਜੂਝ ਰਹੇ ਮੌੜ ਵਾਸੀਆਂ ਦੀ ਸੁਣਵਾਈ ਨਾ ਹੁੰਦੀ ਦੇਖ ਕੇ ਸੀਵਰੇਜ ਸਘੰਰਸ਼ ਕਮੇਟੀ ਮੌੜ ਵੱਲੋਂ ਉੱਪ ਮੰਡਲ ਮੈਜਿਸਟਰੇਟ ਮੌੜ ਦੇ ਦਫਤਰ ਅੱਗੇ ਪੱਕੇ ਤੌਰ ਤੇ ਧਰਨਾ ਲਗਾ ਕੇ ਪੰਜਾਬ ਸਰਕਾਰ ਅਤੇ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਖ਼ ?ਲਾਫ਼ ਭਰਵੀਂ ਨਾਅਰੇਬਾਜ਼ੀ ਕੀਤੀ। ਇਸ ਮੌਕੇ ਸਿੱਧੂਪੁਰ ਦੇ ਰਾਜਵਿੰਦਰ ਸਿੰਘ ਮੌੜ ਪ੍ਰਗਟ ਸਿੰਘ ਕਲੱਬ ਪ੍ਰਧਾਨ ਜੱਗਾ ਸਿੰਘ ਮੌੜ ਨੇ ਬੋਲਦੇ ਹੋਏ ਕਿਹਾ ਕਿ ਸੀਵਰੇਜ ਦੇ ਨਕਾਸ਼ੀ ਲਈ ਜੋ ਪਾਇਪ ਲਾਈਨ ਮੌੜ ਮੰਡੀ ਤੋਂ ਮੰਡੀ ਕਲਾਂ ਲਸਾੜਾ ਡਰੇਨ ਤੱਕ ਜਾਂਦੀ ਸੀ। ਉਹ ਪਿਛਲੇ ਲੰਮੇ ਸਮੇਂ ਤੋਂ ਲੀਕ ਹੋਣ ਕਰਕੇ ਪਾਇਪ ਲਾਈਨ ਬੰਦ ਹੋ ਗਈ ਸੀ।ਜਿਸ ਦੀ ਸਮੇਂ ਸਿਰ ਰਿਪੇਅਰ ਨਾ ਹੋਣ ਕਰਕੇ ਅਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਦੀ ਲਾਪ੍ਰਵਾਹੀ ਸਦਕਾ ਮੌੜ ਕਲਾਂ, ਮੌੜ ਖੁਰਦ ਅਤੇ ਸ਼ਹਿਰ ਵਾਸੀ ਨਰਕ ਭਰੀ ਜ਼ਿੰਦਗੀ ਜੀਣ ਲਈ ਮਜ਼ਬੂਰ ਹਨ। ਉਹਨਾਂ ਬੋਲਦੇ ਹੋਏ ਕਿਹਾ ਕਿ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਹਰ ਰੋਜ਼ ਵਿਕਾਸ ਕਾਰਜ਼ਾਂ ਦਾ ਢੰਡੋਰਾ ਪਿੱਟਦੀ ਹੈ ਅਤੇ ਵਿਕਾਸ ਕਾਰਜ ਕਰਵਾਉਣ ਦੇ ਵੱਡੇ ਵੱਡੇ ਦਾਅਵੇ ਕਰਦੀ ਹੈ। ਪਰ ਹਕੀਕਤ ਇਸ ਤੋਂ ਕੋਹਾਂ ਦੂਰ ਹੈ।ਜੇਕਰ ਜਮੀਨੀ ਪੱਧਰ 'ਤੇ ਝਾਤ ਮਾਰੀ ਜਾਵੇ ਤਾਂ ਲੋਕ ਹਾਲੇ ਤੱਕ ਮੁੱਢਲੀਆਂ ਸਹੂਲਤਾਂ ਨੂੰ ਵੀ ਤਰਸ ਰਹੇ ਹਨ। ਉਹਨਾਂ ਅੱਗੇ ਬੋਲਦੇ ਹੋਏ ਕਿਹਾ ਕਿ ਸੀਵਰੇਜ ਬੋਰਡ ਦੇ ਅਧਿਕਾਰੀਆਂ ਦੀ ਅਣਗਹਿਲੀ ਸਦਕਾ ਮੌੜ ਵਾਸੀ ਵੱਡੀਆਂ ਦਿੱਕਤਾਂ ਨਾਲ ਸੰਘਰਸ਼ ਕਰ ਰਹੇ ਹਨ। ਮੌੜ ਸ਼ਹਿਰ ਅੰਦਰ ਸਭ ਤੋਂ ਵੱਡੀ ਸਮੱਸਿਆ ਸੀਵਰੇਜ਼ ਸਿਸਟਮ ਦੀ ਹੈ ਅਤੇ ਪੀਣ ਵਾਲੇ ਵਾਟਰ ਸਪਲਾਈ ਦੇ ਪਾਣੀ ਵਿਚ ਸੀਵਰੇਜ਼ ਦਾ ਗੰਦਾ ਪਾਣੀ ਮਿਕਸ ਹੋ ਕੇ ਆਉਣ ਕਾਰਨ ਭਿਆਨਕ ਬਿਮਾਰੀਆ ਲੱਗਣ ਦਾ ਡਰ ਬਣਿਆ ਹੋਇਆ ਹੈ। ਇਸ ਮੌਕੇ ਕਾਲਾ ਸਿੰਘ, ਗੁਰਜੰਟ ਸਿੰਘ ਜੰਟੀ, ਰਾਜ ਸਿੰਘ, ਗੁਰਦੀਪ ਸਿੰਘ , ਮਿੱਠੂ ਸਿੰਘ, ਬੰਤ ਸਿੰਘ, ਗੁਰਲਾਲ ਸਿੰਘ, ਜੰਗ ਸਿੰਘ, ਰਮਨਦੀਪ ਸਿੰਘ, ਅਮਨਦੀਪ ਸਿੰਘ, ਸੁਖਦੇਵ ਸਿੰਘ, ਹਰਜਿੰਦਰ ਸਿੰਘ, ਮੱਖਣ ਸਿੰਘ ਆਦਿ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

ਗਾਜ਼ੀਪੁਰ ਅਰਬਨ ਫੋਰੈਸਟ ਦੇ ਵਿਕਾਸ ਲਈ ਭੂਮੀ ਪੂਜਨ ਕੀਤਾ

ਜ਼ੀਰਕਪੁਰ, 3 ਅਕਤੂਬਰ,(ਅਵਤਾਰ ਸੈਣੀ):-ਜ਼ੀਰਕਪੁਰ ਵਿੱਚ ਹਰਿਆਲੀ ਵਧਾਉਣ ਦੇ ਯਤਨਾਂ ਦੇ ਤਹਿਤ ਅੱਜ ਸ਼੍ਰੀ ਅਸ਼ੋਕ ਪਥਰੀਆ ਕਾਰਜਸਾਧਕ ਅਸਫ਼ਰ ਨਗਰ ਕੌਂਸਲ ਜੀਰਕਪੁਰ ਵੱਲੋਂ ਗਾਜ਼ੀਪੁਰ ਵਿੱਚ ਅਰਬਨ ਫੋਰੈਸਟ ਦੇ ਵਿਕਾਸ ਦੇ ਪ੍ਰੋਜੈਕਟ ਤਹਿਤ ਭੂਮੀ ਪੂਜਨ ਕੀਤਾ ਗਿਆ। ਇਸ ਪ੍ਰੋਜੈਕਟ ਨੂੰ ਗ੍ਰੀਨ ਪਲੈਨੇਟ ਸੋਸਾਇਟੀ ਦੀ ਨਿਗਰਾਨੀ ਵਿੱਚ ਕੀਤਾ ਜਾ ਰਿਹਾ ਹੈ ਜੋ ਕਿ 107 ਏਕੜ ਦੇ ਜੰਗਲ ਖੇਤਰ ਨੂੰ ਵਿਕਸਤ ਕਰਨ ਦੀ ਯੋਜਨਾ ਦਾ ਹਿੱਸਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਨਗਰ ਕੌਂਸਲ ਜੀਰਕਪੁਰ ਦੇ ਕਾਰਜਸਾਧਕ ਅਫ਼ਸਰ ਅਸ਼ੋਕ ਪੱਥਰੀਆਂ ਨੇ ਕਿਹਾ ਕਿ ਇਸ ਪ੍ਰੋਜੈਕਟ ਦਾ ਉਦੇਸ਼ ਇਸ ਖੇਤਰ ਨੂੰ ਹਰੇ-ਭਰੇ ਜੰਗਲ ਵਿੱਚ ਬਦਲਣਾ ਹੈ, ਜਿੱਥੇ ਲੋਕ ਪ੍ਰਕਿਰਤੀ ਵਿਚ ਘੁੰਮ ਸਕਦੇ ਹਨ ਅਤੇ ਵਿਦਿਆਰਥੀ ਵਾਤਾਵਰਣ ਨਾਲ ਸਬੰਧਤ ਅਧਿਐਨ ਅਤੇ ਖੋਜ ਕਰ ਸਕਦੇ ਹਨ। ਉਨ੍ਹਾਂ ਦਸਿਆ ਕਿ ਗ੍ਰੀਨ ਪਲੈਨੇਟ ਸੋਸਾਇਟੀ ਇਸ ਖੇਤਰ ਵਿੱਚ ਪਹਿਲਾਂ ਹੀ ਲਗਭਗ 5 ਏਕੜ ਸ਼ਹਿਰੀ ਜੰਗਲ ਵਿਕਸਿਤ ਕਰ ਚੁੱਕੀ ਹੈ, ਜਿਸ ਵਿੱਚ ਸੈਰ ਕਰਨ ਵਾਲੇ ਟਰੈਕ ਅਤੇ ਮਨੋਰੰਜਨ ਖੇਤਰ ਸ਼ਾਮਲ ਹਨ। ਇਸ ਸਬੰਧੀ ਹੋਰ ਜਾਣਕਾਰੀ ਸਾਂਝੀ ਕਰਦੀਆਂ ਸੋਸਾਇਟੀ ਦੇ ਪ੍ਰਧਾਨ ਸੁਮਿਤ ਭਾਰਦਵਾਜ ਨੇ ਕਿਹਾ ਕਿ ਅਸੀਂ ਇਸ

ਪੂਰੇ ਖੇਤਰ ਨੂੰ ਹਰਿਆ ਭਰਿਆ ਜੰਗਲ ਬਣਾਉਣਾ ਚਾਹੁੰਦੇ ਹਾਂ ਜਿੱਥੇ ਲੋਕ ਖੁੱਲ੍ਹ ਕੇ ਸੈਰ ਕਰ ਸਕਣ ਅਤੇ ਵਿਦਿਆਰਥੀਆਂ ਨੂੰ ਜੈਵ ਵਿਭਿੰਨਤਾ ਅਤੇ ਵਾਤਾਵਰਨ 'ਤੇ ਖੋਜ ਕਰਨ ਦਾ ਮੌਕਾ ਮਿਲ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਉਹ ਪੰਜਾਬ ਜੈਵ ਵਿਭਿੰਨਤਾ ਬੋਰਡ ਦੇ ਸਹਿਯੋਗ ਨਾਲ ਇਸ ਖੇਤਰ ਦਾ ਸਰਵੇਖਣ ਕਰ ਰਹੇ ਹਨ ਅਤੇ ਇਸ ਨੂੰ ਵਾਤਾਵਰਨ ਖੋਜ ਲਈ ਕੇਂਦਰ ਬਣਾਉਣ ਲਈ ਰਾਸ਼ਟਰੀ ਜੈਵ ਵਿਭਿੰਨਤਾ ਅਥਾਰਟੀ, ਜੰਗਲਾਤ ਵਿਭਾਗ, ਵਾਤਾਵਰਣ ਅਤੇ ਜਲਵਾਯੂ ਪਰਿਵਰਤਨ ਵਿਭਾਗ ਅਤੇ ਸਿੱਖਿਆ ਵਿਭਾਗ ਵੀ ਸਹਿਯੋਗ ਕਰ ਰਹੇ ਹਨ। ਉਨ੍ਹਾਂ ਦਸਿਆ ਕਿ ਇਸ ਪ੍ਰੋਜੈਕਟ ਵਿੱਚ ਸਥਾਨਕ ਲੋਕਾਂ, ਵਿਦਿਅਕ ਸੰਸਥਾਵਾਂ ਅਤੇ ਸੀਆਰਪੀਐਫ ਨੂੰ ਵੀ ਸ਼ਾਮਲ ਕੀਤਾ ਗਿਆ ਹੈ, ਜਿਸ ਨਾਲ ਨਾ ਸਿਰਫ ਹਰਿਆਲੀ ਖੇਤਰ ਦਾ ਵਿਕਾਸ ਹੁੰਦਾ ਹੈ ਬਲਕਿ ਵਾਤਾਵਰਣ ਸਿੱਖਿਆ ਅਤੇ ਖੋਜ ਨੂੰ ਵੀ ਉਤਸ਼ਾਹਿਤ ਕੀਤਾ ਜਾਂਦਾ ਹੈ। ਇਸ ਸਬੰਧੀ ਭਾਰਦਵਾਜ ਨੇ ਕਿਹਾ, ÷ਅਸੀਂ ਚਾਹੁੰਦੇ ਹਾਂ ਕਿ ਇਹ ਖੇਤਰ ਵਾਤਾਵਰਣ ਖੋਜ ਦਾ ਇੱਕ ਮਹੱਤਵਪੂਰਨ ਕੇਂਦਰ ਬਣੇ, ਅਤੇ ਇਸਦੇ ਲਈ ਅਸੀਂ ਸਿੱਖਿਆ ਵਿਭਾਗ ਅਤੇ ਹੋਰ ਮਹੱਤਵਪੂਰਨ ਸੰਸਥਾਵਾਂ ਨਾਲ ਕੰਮ ਕਰ ਰਹੇ ਹਾਂ। ਇਸ ਮੌਕੇ ਨਗਰ ਕੌਂਸਲ ਅਧਿਕਾਰੀ ਰਾਮ ਗੋਪਾਲ, ਕੇ.ਕੇ ਸੋਨੀ, ਜਗਬੀਰ ਮਹਿਲਾ, ਉਪਾਸਨਾ ਆਦਿ ਮੌਜੂਦ ਸਨ।

ਸੁਪਰੀਮ ਕੋਰਟ ਵੱਲੋਂ ਬਿਹਾਰ ਦੇ ਸਾਬਕਾ ਮੰਤਰੀ ਦੀ ਹੱਤਿਆ ਦੇ ਮਾਮਲੇ ਵਿਚ ਸਾਬਕਾ ਵਿਧਾਇਕ ਤੇ ਦੋ ਹੋਰਾਂ ਨੂੰ ਉਮਰ ਕੈਦ

ਆਜ਼ਾਦ ਸੋਚ ਬਿਊਰੋ
ਨਵੀਂ ਦਿੱਲੀ, 3 ਅਕਤੂਬਰ

ਦੇਸ਼ ਦੀ ਸਰਵਉਚ ਅਦਾਲਤ ਨੇ ਬਿਹਾਰ ਦੇ ਸਾਬਕਾ ਮੰਤਰੀ ਬ੍ਰਿਜ ਬਿਹਾਰੀ ਪ੍ਰਸਾਦ ਦੀ ਹੱਤਿਆ ਦੇ ਮਾਮਲੇ ਵਿਚ ਸਾਬਕਾ ਵਿਧਾਇਕ ਮੁੰਨਾ ਸ਼ੁਕਲਾ ਤੇ ਦੋ ਹੋਰਾਂ ਨੂੰ ਦੋਸ਼ੀ ਠਹਿਰਾਇਆ ਹੈ ਤੇ ਉਨ੍ਹਾਂ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ। ਅਦਾਲਤ ਨੇ ਦੋਸ਼ੀਆਂ ਨੂੰ 15 ਦਿਨਾਂ ਦੇ ਅੰਦਰ ਅੰਦਰ ਆਤਮ ਸਮਰਪਣ ਕਰਨ ਦੇ ਹੁਕਮ ਸੁਣਾਏ ਹਨ। ਸਾਬਕਾ ਮੰਤਰੀ ਦੀ ਸਾਲ 1998 ਵਿਚ ਹੱਤਿਆ ਕਰ ਦਿੱਤੀ ਗਈ ਸੀ। ਇਸ ਹੱਤਿਆ ਦੇ ਮਾਮਲੇ ਵਿਚ ਅਦਾਲਤ ਨੇ ਸਾਬਕਾ ਸੰਸਦ ਮੈਂਬਰ ਸੂਰਜਭਾਨ ਨੂੰ ਰਾਹਤ ਦਿੰਦਿਆਂ ਹੇਠਲੀ ਅਦਾਲਤ ਦਾ ਫੈਸਲਾ ਹੀ ਲਾਗੂ ਰੱਖਿਆ ਹੈ।

ਸ਼੍ਰੀ ਸਨਾਤਨ ਧਰਮ ਮਹਾਂਵੀਰ ਦਲ ਸਮਾਣਾ ਵਲੋਂ ਮਹਾਰਾਜਾ ਅਗਰਸੈਨ ਜਯੰਤੀ ਮੌਕੇ ਲੋੜਵੰਦ ਲੜਕੀਆਂ ਨੂੰ ਸਿਲਾਈ ਮਸ਼ੀਨਾਂ ਭੇਂਟ

ਆਜ਼ਾਦ ਸੋਚ
ਰਾਜਿੰਦਰ ਫ਼ਤਿਹਪੁਰ/ਸੰਜੇ ਬਾਂਸਲ
ਸਮਾਣਾ , 3 ਅਕਤੂਬਰ

ਸ਼੍ਰੀ ਸਨਾਤਨ ਧਰਮ ਮਹਾਂਵੀਰ ਦਲ ਸਮਾਣਾ ਵਲ